@Qpatrika
@qaumipatrika punjabi
instagram.com/qaumipatrika
Largest Circulated
विश्व भर में सबसे ज्यादा पढ़ा जाने वाला
# ਕੌਮੀ ਪਤ੍ਰਿਕਾ
Qaumi Patrika NO.1
Punjabi National Daily
दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Friday, 12 December 2025
VISIT: www.qaumipatrika.org
Email: qpatrika@gmail.com
ਨਵੀਂ ਦਿੱਲੀ: ਸ਼ੁੱਕਰਵਾਰ 12 ਦਸੰਬਰ 2025, 28 ਮੱਘਰ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ
R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 38, qpatrika@gmail.com ਫੋਨ : 9971359517 www.qaumipatrika.org

## ‘ਐੱਸ. ਆਈ. ਆਰ. ’ਚੋਂ ਇਕ ਵੀ ਨਾਂ ਹਟਾਇਆ ਤਾਂ’ ਮਮਤਾ ਨੇ ਅਮਿਤ ਸ਼ਾਹ ਨੂੰ ਦੱਸਿਆ ‘ਖਤਰਨਾਕ’

ਕ੍ਰਿਸ਼ਨਾਨਗਰ 11 ਦਸੰਬਰ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਵੀਰਵਾਰ ਨੂੰ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ‘ਖਤਰਨਾਕ’ ਦੱਸਿਆ ਅਤੇ ਚਿਤਾਵਨੀ ਦਿੱਤੀ ਕਿ ਜੇਕਰ ਵੋਟਰ ਸੂਚੀ ਦੇ ਵਿਸ਼ੇਸ਼ ਡੂੰਘਾਈ ਨਾਲ ਸਮੀਖਿਆ (ਐੱਸ. ਆਈ. ਆਰ.) ਦੌਰਾਨ ਇਕ ਵੀ ਯੋਗ ਵੋਟਰ ਦਾ ਨਾਂ ਸੂਚੀ ’ਚੋਂ ਹਟਾਇਆ ਗਿਆ ਤਾਂ ਉਹ ਧਰਨਾ ਦੇਵੇਗੀ। ਸ਼ਾਹ ’ਤੇ ਤਿੱਖਾ ਹਮਲਾ ਬੋਲਦੇ ਹੋਏ ਮੁੱਖ ਮੰਤਰੀ ਨੇ ਨਾਦੀਆ ਜ਼ਿਲੇ ਦੇ ਕ੍ਰਿਸ਼ਨਾਨਗਰ ’ਚ ਇਕ ਰੈਲੀ ’ਚ ਕਿਹਾ, “ਦੇਸ਼ ਦਾ ਗ੍ਰਹਿ ਮੰਤਰੀ ਖਤਰਨਾਕ ਹੈ। ਉਨ੍ਹਾਂ ਦੀਆਂ ਅੱਖਾਂ ’ਚ ਇਹ ਸਾਫ਼ ਦਿਸਦਾ ਹੈ। ਇਕ ਅੱਖ ’ਚ ‘ਦੁਰਯੋਧਨ’ ਦਿਸਦਾ ਹੈ ਅਤੇ ਦੂਜੀ ’ਚ ‘ਦੁਸ਼ਾਸਨ’।” ਬੈਨਰਜੀ ਨੇ ਦੋਸ਼ ਲਾਇਆ ਕਿ 2026 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਐੱਸ. ਆਈ.



ਆਰ. ਦੀ ਵਰਤੋਂ ਰਾਜਨੀਤਿਕ ਹਥਿਆਰ ਵਜੋਂ ਕੀਤੀ ਜਾ ਰਹੀ ਹੈ। ਬੈਨਰਜੀ ਨੇ ਕਿਹਾ ਕਿ ਉਨ੍ਹਾਂ ਨੇ ਖੁਦ ਅਜੇ ਤੱਕ ਆਪਣਾ ਗਿਣਤੀ ਫਾਰਮ ਨਹੀਂ ਭਰਿਆ ਹੈ। ਉਨ੍ਹਾਂ ਨੇ ਭਾਰਤੀ ਜਨਤਾ ਪਾਰਟੀ (ਭਾਜਪਾ) ਵੱਲ ਇਸ਼ਾਰਾ ਕਰਦੇ ਹੋਏ ਕਿਹਾ, “ਕੀ ਹੁਣ ਮੈਨੂੰ ਦੰਗਾਕਾਰਾਂ ਦੀ ਪਾਰਟੀ ਨੂੰ ਆਪਣੀ ਨਾਗਰਿਕਤਾ ਸਾਬਤ ਕਰਨ ਦੀ ਲੋੜ ਹੈ?” ਕੇਂਦਰ ਸਰਕਾਰ ’ਤੇ ਬੰਗਾਲੀਆਂ ਨੂੰ ਨਿਸ਼ਾਨਾ ਬਣਾਉਣ ਦਾ ਦੋਸ਼ ਲਾਉਂਦੇ ਹੋਏ ਬੈਨਰਜੀ ਨੇ ਕਿਹਾ, “ਸਾਡੇ ਕੋਲ ਇਕ (ਕੇਂਦਰੀ) ਗ੍ਰਹਿ ਮੰਤਰੀ ਹਨ, ਜੋ ਸਾਰੇ ਬੰਗਾਲੀਆਂ ਨੂੰ ਬੰਗਲਾਦੇਸ਼ੀ ਕਰਾਰ ਦੇ ਕੇ ਉਨ੍ਹਾਂ ਨੂੰ ਡਿਟੈਂਸ਼ਨ ਕੇਂਦਰਾਂ ’ਚ ਭੇਜਣ ਲਈ ਕੁਝ ਵੀ ਕਰ ਸਕਦੇ ਹਨ।”

## ਸੁਖਬੀਰ ਬਾਦਲ ਦਾ ਮਨਪ੍ਰੀਤ ਇਆਲੀ ਨੂੰ ਵੱਡਾ ਝਟਕਾ

ਮੁੱਲਾਂਪੁਰ ਦਾਖਾ 11 ਦਸੰਬਰ। ਹਲਕਾ ਦਾਖਾ ਦੇ ਪਿੰਡ ਗੋਰਸੀਆਂ, ਜਿਥੇ ਐੱਮ. ਐੱਲ. ਏ. ਮਨਪ੍ਰੀਤ ਇਆਲੀ ਸਮੇਤ ਸਾਰੇ ਪਰਿਵਾਰ ਦੀਆਂ ਵੋਟਾਂ ਹਨ ਇਸ ਪਿੰਡ ਤੋਂ ਇਆਲੀ ਦੇ ਬੇਹੱਦ ਕਰੀਬੀ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਅਤੇ ਲੈਂਡ ਮਾਰਟਗੇਜ਼ ਬੈਂਕ ਦੇ ਚੇਅਰਮੈਨ ਜਗਦੀਸ਼ ਸਿੰਘ ਗੋਰਸੀਆਂ, ਉਨ੍ਹਾਂ ਦੇ ਸਪੁੱਤਰ ਜਸਵਿੰਦਰ ਸਿੰਘ ਸਾਬਕਾ ਸਰਪੰਚ, ਮੌਜੂਦਾ ਸਰਪੰਚ ਨਵਨੀਤ ਕੌਰ (ਨੂੰਹ), ਪੰਚਾਇਤ ਮੈਂਬਰ ਹਰਪ੍ਰੀਤ ਸਿੰਘ, ਕੁਲਦੀਪ ਸਿੰਘ, ਅਮਨਦੀਪ ਕੌਰ, ਸਿਮਰਨਜੀਤ ਕੌਰ ਅਤੇ ਦਰਜਨਾਂ ਹੋਰ ਆਗੂਆਂ ਨੇ ਆਪਣੇ ਸਾਥੀਆਂ ਸਮੇਤ ਸ਼ਰੋਮਣੀ ਅਕਾਲੀ ਦਲ ’ਚ ਘਰ ਵਾਪਸੀ ਕੀਤੀ। ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼?ਰੋਮਣੀ ਅਕਾਲੀ ਦਲ ਨੇ ਇਨ੍ਹਾਂ ਨੂੰ ਪਾਰਟੀ ’ਚ ਆਉਣ ’ਤੇ ਜੀ ਆਇਆਂ ਨੂੰ ਆਖਿਆ ਅਤੇ ਪਾਰਟੀ ’ਚ ਬਣਦਾ ਪੂਰਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ। ਸੰਗਤ ਨਾਲ ਰੂ-ਬ-ਰੂ ਹੁੰਦਿਆਂ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਇਹ ਐਲਾਨ ਵੀ ਕੀਤਾ ਕਿ ਉਹ ਗੱਦਾਰਾਂ ਅਤੇ ਮੌਕਾਪ੍ਰਸਤਾਂ ਨੂੰ ਮੁੜ ਪਾਰਟੀ ’ਚ ਕਿਸੇ ਵੀ ਕੀਮਤ ’ਤੇ ਸ਼ਾਮਲ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਜਿੰਨਾ ਸਮਾਂ ਮੈਂ ਪਾਰਟੀ ਪ੍ਰਧਾਨ ਹਾਂ, ਉਨ੍ਹਾਂ ਟਾਈਮ ਮੈਂ ਇਸ ਤਰ੍ਹਾਂ ਦੇ ਮੌਕਾਪ੍ਰਸਤ ਲੋਕਾਂ ਨੂੰ ਨੇੜੇ ਨਹੀਂ ਲੱਗਣ ਦੇਵਾਂਗਾ, ਕਿਉਂਕਿ ਇਸ ਤਰ੍ਹਾਂ ਦੇ ਲੋਕਾਂ ਨੇ ਹੀ ਸ਼?ਰੋਮਣੀ ਅਕਾਲੀ ਦਲ ਦਾ ਵੱਡਾ ਨੁਕਸਾਨ ਕੀਤਾ ਹੈ। ਇਸ ਤਰ੍ਹਾਂ ਦੇ ਘਰ ਬਦਲੂ ਲੋਕਾਂ ਨੂੰ ਕੋਈ ਘਰੇ ਨਹੀਂ ਵਾੜਦਾ। ਇਸ ਮੌਕੇ ਅਕਾਲੀ ਦਲ ਦੇ ਆਗੂਆਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਸਿਰੋਪਾਓ ਭੇਟ ਕਰ ਕੇ ਸਨਮਾਨਿਤ ਕੀਤਾ। ਇਸ ਮੌਕੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਮੂਹ ਵਰਕਰਾਂ ਦਾ ਧੰਨਵਾਦ ਕਰਦਿਆਂ ਜਸਕਰਨ ਸਿੰਘ ਦਿਓਲ ਹਲਕਾ ਇੰਚਾਰਜ ਨੇ ਪਾਰਟੀ ਵਰਕਰਾਂ ਅਤੇ ਪਾਰਟੀ ਪ੍ਰਧਾਨ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀ ਸਮੁੱਚੀ ਟੀਮ ਪਾਰਟੀ ਦੀ ਚੜ੍ਹਦੀ ਕਲਾ ਲਈ ਦਿਨ-ਰਾਤ ਇਕ ਕਰ ਕੇ ਮਿਹਨਤ ਲਈ ਵਚਨਬੱਧ ਹਨ।

# ਅਰੁਣਾਚਲ ਪ੍ਰਦੇਸ਼ ਹਾਦਸਾ : ਮਜ਼ਦੂਰਾਂ ਦੀ ਮੌਤ ’ਤੇ ਪ੍ਰਧਾਨ ਮੰਤਰੀ ਮੋਦੀ ਨੇ ਪ੍ਰਗਟਾਇਆ ਦੁੱਖ

ਕੌਮੀ ਪਤ੍ਰਿਕਾ
**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 11 ਦਸੰਬਰ। ਅਰੁਣਾਚਲ ਪ੍ਰਦੇਸ਼ ਦੇ ਅਨਜਵਾ ਜ਼ਿਲ੍ਹੇ ਵਿੱਚ ਅੱਜ ਵਾਪਰੇ ਭਿਆਨਕ ਸੜਕ ਹਾਦਸੇ ਵਿੱਚ ਘੱਟੋ-ਘੱਟ 18 ਲੋਕਾਂ ਦੀ ਮੌਤ ਹੋ ਗਈ ਹੈ। ਇਸ ਦਿਲ ਦਹਿਲਾਉਣ ਵਾਲੇ ਹਾਦਸੇ ’ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ ਤੇ ਮ੍ਰਿਤਕਾਂ ਦੇ ਪਰਿਵਾਰਾਂ ਲਈ ਪ੍ਰਧਾਨ ਮੰਤਰੀ ਰਾਹਤ ਫੰਡ ਵਿੱਚੋਂ ਮੁਆਵਜ਼ੇ ਦਾ ਐਲਾਨ ਕੀਤਾ ਹੈ। ਇਹ ਦਰਦਨਾਕ ਹਾਦਸਾ 8 ਦਸੰਬਰ ਨੂੰ ਵਾਪਰਿਆ, ਜਦੋਂ ਇੱਕ ਛੋਟਾ ਟਰੱਕ (ਮਿਨੀ ਟਰੱਕ) ਬੇਕਾਬੂ ਹੋ ਕੇ ਹਯੂਲਿਆਂਗ ਚਾਗਲਾਗਮ ਸੜਕ ’ਤੇ ਇੱਕ ਡੂੰਘੀ ਖੱਡ (ਗਹਿਰੀ ਖਾਈ) ਵਿੱਚ ਜਾ ਡਿੱਗਾ। ਮਿੰਨੀ ਟਰੱਕ ਵਿੱਚ ਡਰਾਈਵਰ ਸਮੇਤ ਕੁੱਲ 22 ਲੋਕ ਸਵਾਰ ਸਨ। ਅਸਾਮ ਪੁਲਸ ਨੇ ਜਾਣਕਾਰੀ ਦਿੱਤੀ ਹੈ ਕਿ ਅਰੁਣਾਚਲ ਪ੍ਰਦੇਸ਼ ਦੇ ਅਧਿਕਾਰੀਆਂ ਤੋਂ ਮਿਲੀ ਸੂਚਨਾ ਅਨੁਸਾਰ 18 ਲੋਕਾਂ ਦੇ ਮਾਰੇ ਗਏ ਅਤੇ 3 ਲਾਪਤਾ ਹੋ ਗਏ। ਸਾਰੇ ਮ੍ਰਿਤਕ ਵਿਅਕਤੀ ਅਸਾਮ ਦੇ ਤਿਨਸੁਕੀਆ ਜ਼ਿਲ੍ਹੇ ਦੇ ਰਹਿਣ ਵਾਲੇ ਸਨ। ਰਿਪੋਰਟਾਂ ਅਨੁਸਾਰ ਇਹ ਸਾਰੇ ਲੋਕ ਨਿਰਮਾਣ ਕਾਰਜ ਲਈ ਹਯੂਲਿਆਂਗ ਵੱਲ ਜਾ ਰਹੇ ਸਨ। ਜ਼ਿਲ੍ਹਾ ਆਫ਼ਤ ਪ੍ਰਬੰਧਨ ਅਧਿਕਾਰੀ (ਇੰਚਾਰਜ) ਅਨੁਸਾਰ, ਇੱਕ ਬਚੇ ਹੋਏ ਵਿਅਕਤੀ ਨੂੰ ਬਰਾਮਦ ਕਰ ਲਿਆ ਗਿਆ ਹੈ ਅਤੇ ਡਾਕਟਰੀ ਇਲਾਜ ਤੋਂ ਬਾਅਦ



ਅਸਾਮ ਪ੍ਰਸ਼ਾਸਨ ਨੂੰ ਸੌਂਪ ਦਿੱਤਾ ਗਿਆ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇਸ ਹਾਦਸੇ ਵਿੱਚ ਹੋਏ ਜਾਨੀ ਨੁਕਸਾਨ ’ਤੇ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਉਹ ਇਸ ਘਟਨਾ ਤੋਂ ਬਹੁਤ ਦੁਖੀ ਹਨ ਅਤੇ ਉਨ੍ਹਾਂ ਦੀਆਂ ਸੰਵੇਦਨਾਵਾਂ ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਨ। ਪ੍ਰਧਾਨ ਮੰਤਰੀ ਨੇ ਐਲਾਨ ਕੀਤਾ ਕਿ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਪ੍ਰਧਾਨ ਮੰਤਰੀ ਰਾਹਤ ਫੰਡ ਵਿੱਚੋਂ 2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇਗੀ। ਜ਼ਖ਼ਮੀਆਂ ਨੂੰ 50,000 ਰੁਪਏ ਦੀ ਰਾਸ਼ੀ ਦਿੱਤੀ ਜਾਵੇਗੀ। ਅਸਾਮ ਦੇ ਮੁੱਖ ਮੰਤਰੀ ਹਿਮੰਤਾ ਬਿਸਵਾ ਸਰਮਾ ਨੇ ਇਸ ਦੁਰਘਟਨਾ ’ਤੇ ਦੁੱਖ ਜ਼ਾਹਰ ਕੀਤਾ ਅਤੇ ਕਿਹਾ ਕਿ ਅਸਾਮ ਦੇ ਲੋਕਾਂ ਦੇ ਇਸ ਭਿਆਨਕ ਹਾਦਸੇ ਵਿੱਚ ਮਾਰੇ ਜਾਣ ’ਤੇ ਉਹ ਬਹੁਤ ਦੁਖੀ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਰੁਣਾਚਲ ਪ੍ਰਦੇਸ਼ ਦੇ ਅਧਿਕਾਰੀਆਂ ਦੇ ਸੰਪਰਕ ਵਿੱਚ ਹੈ ਅਤੇ ਸਾਰੀ ਜ਼ਰੂਰੀ ਸਹਾਇਤਾ ਪ੍ਰਦਾਨ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਰਾਹਤ ਅਤੇ ਬਚਾਅ ਟੀਮਾਂ ਲਾਪਤਾ ਲੋਕਾਂ ਦਾ ਪਤਾ ਲਗਾਉਣ ਨੂੰ ਤਰਜੀਹ ਦੇ ਰਹੀਆਂ ਹਨ ਅਤੇ ਲੋੜਵੰਦਾਂ ਨੂੰ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ।

## ਸੰਸਦ ’ਚ ਜੇਪੀ ਨੱਡਾ ਨੇ ਨਹਿਰੂ ਨੂੰ ਠਹਿਰਾਇਆ ਜ਼ਿੰਮੇਵਾਰ

ਨੈਸ਼ਨਲ ਡੈਸਕ 11 ਦਸੰਬਰ। ਸੰਸਦ ਦੇ ਸੀਤਕਾਲੀਨ ਸੈਸ਼ਨ ਦੌਰਾਨ ‘ਵੰਦੇ ਮਾਤਰਮ’ ਦੇ ਸਨਮਾਨ ਨੂੰ ਲੈ ਕੇ ਜ਼ੋਰਦਾਰ ਬਹਿਸ ਹੋਈ। ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ ਨੇ ਸਦਨ ਵਿੱਚ ਕਿਹਾ ਕਿ ਉਨ੍ਹਾਂ ਦਾ ਉਦੇਸ਼ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਨੂੰ ਬਦਨਾਮ ਕਰਨਾ ਨਹੀਂ ਹੈ, ਪਰ ਇਤਿਹਾਸ ਨੂੰ ਰਿਕਾਰਡ ’ਤੇ ਰੱਖਣਾ ਜ਼ਰੂਰੀ ਹੈ। ਨੱਡਾ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਦੀ ਲੜਾਈ ‘ਵੰਦੇ ਮਾਤਰਮ’ ਨੂੰ ਉਹ ਸਨਮਾਨ ਦਿਵਾਉਣਾ ਹੈ ਜੋ ਰਾਸ਼ਟਰੀ ਗੀਤ ਅਤੇ ਰਾਸ਼ਟਰੀ ਧਵਜ ਨੂੰ ਮਿਲਦਾ ਹੈ। ਨੱਡਾ ਨੇ ਇਸ ਗੱਲ ’ਤੇ ਜ਼ੋਰ ਦਿੱਤਾ ਕਿ ‘ਵੰਦੇ ਮਾਤਰਮ’ ਨੂੰ ਜਿਹੜਾ ਸਥਾਨ ਅਤੇ ਸਨਮਾਨ ਮਿਲਣਾ ਚਾਹੀਦਾ ਸੀ, ਉਹ ਨਹੀਂ ਮਿਲਿਆ ਅਤੇ ਉਸ ਸਮੇਂ ਦੇ ਦੇਸ਼ ਦੇ ਸ਼ਾਸਕ ਇਸ ਲਈ ਜ਼ਿੰਮੇਵਾਰ ਸਨ. ਉਨ੍ਹਾਂ ਨੇ ਸਾਬਕਾ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ’ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਜਦੋਂ ਕੋਈ ਘਟਨਾ ਵਾਪਰਦੀ ਹੈ ਤਾਂ ਜ਼ਿੰਮੇਵਾਰ ‘ਸਰਦਾਰ’ (ਮੁਖੀ) ਹੀ ਹੁੰਦਾ ਹੈ ਅਤੇ ਕਿਉਂਕਿ ਨਹਿਰੂ ਕਾਂਗਰਸ ਪਾਰਟੀ ਦੀ ਸਰਕਾਰ ਦੇ ਸਰਦਾਰ ਸਨ, ਇਸ ਲਈ ਜ਼ਿੰਮੇਵਾਰੀ ਵੀ ਉਨ੍ਹਾਂ ਦੀ ਹੀ ਬਣਦੀ ਹੈ। ਨੱਡਾ ਨੇ ਦੋਸ਼ ਲਾਇਆ ਕਿ ਸੰਵਿਧਾਨ ਸਭਾ ਵਿੱਚ ਭਾਰਤ ਦੇ ਰਾਸ਼ਟਰੀ ਗਾਨ ਲਈ ਜੋ ਹੋਇਆ ਅਤੇ ‘ਵੰਦੇ ਮਾਤਰਮ’ ਪ੍ਰਤੀ ਜੋ ‘ਉਪੇਖਿਆ ਦਾ ਭਾਵ’ ਰਿਹਾ, ਉਸ ਲਈ ਪੂਰੀ ਤਰ੍ਹਾਂ ਜਵਾਹਰ ਲਾਲ ਨਹਿਰੂ ਜ਼ਿੰਮੇਵਾਰ ਸਨ। ਉਨ੍ਹਾਂ ਨੇ ਇਹ ਵੀ ਸਵਾਲ ਚੁੱਕਿਆ ਕਿ ਰਾਸ਼ਟਰੀ ਗਾਨ ’ਤੇ ਸੰਵਿਧਾਨ ਸਭਾ ਵਿੱਚ ਕਿੰਨੀ ਦੇਰ ਚਰਚਾ ਹੋਈ ਅਤੇ ਦੱਸਿਆ ਕਿ 24 ਜਨਵਰੀ 1950 ਨੂੰ ਬਿਨਾਂ ਕਿਸੇ ਚਰਚਾ ਜਾਂ ਨੋਟਿਸ ਦੇ ਇੱਕ ਬਿਆਨ ਪੜ੍ਹ ਕੇ ਫੈਸਲਾ ਸੁਣਾ ਦਿੱਤਾ ਗਿਆ ਸੀ। ਭਾਜਪਾ ਪ੍ਰਧਾਨ ਨੇ 1937 ਦੀ ਕਲਕੱਤਾ ਕਾਂਗਰਸ ਵਰਕਿੰਗ ਕਮੇਟੀ ਦੀ ਮੀਟਿੰਗ ਦਾ ਹਵਾਲਾ ਵੀ ਦਿੱਤਾ। ਉਨ੍ਹਾਂ ਕਿਹਾ ਕਿ 1937 ਵਿੱਚ ਜਵਾਹਰਲਾਲ ਨਹਿਰੂ ਦੀ ਪ੍ਰਧਾਨਗੀ ਹੇਠ ਅਤੇ ‘ਸਾਂਪ੍ਰਦਾਇਕ ਤੱਤਾਂ ਦੇ ਦਬਾਅ’ ਵਿੱਚ ਗੀਤ ਵਿੱਚ ਬਦਲਾਅ ਕੀਤਾ ਗਿਆ। ਇਸ ਤਹਿਤ ਉਨ੍ਹਾਂ ਛੰਦਾਂ ਨੂੰ ਹਟਾ ਦਿੱਤਾ ਗਿਆ, ਜਿਨ੍ਹਾਂ ਵਿੱਚ ‘ਭਾਰਤ ਮਾਤਾ’ ਨੂੰ ਹਥਿਆਰ ਫੜੇ ਹੋਏ ਮਾਂ ਦੁਰਗਾ ਦੇ ਰੂਪ ਵਿੱਚ ਦਿਖਾਇਆ ਗਿਆ ਸੀ। ਨੱਡਾ ਨੇ ਕਿਹਾ ਕਿ ਉਨ੍ਹਾਂ ਦਾ ਦੋਸ਼ ਹੈ ਕਿ ਭਾਰਤ ਦੇ ਪ੍ਰਧਾਨ ਮੰਤਰੀ ਨੇ ‘ਵੰਦੇ ਮਾਤਰਮ’ ਦੇ ਸੱਭਿਆਚਾਰਕ ਅਤੇ ਇਤਿਹਾਸਕ ਮਹੱਤਵ ਨੂੰ ਨਜ਼ਰਅੰਦਾਜ਼ ਕੀਤਾ ਸੀ।

# ਗੋਆ ਅਗਨੀਕਾਂਡ: ਲੂਥਰਾ ਬ੍ਰਦਰਜ਼ ਨੂੰ ਵੱਡਾ ਝਟਕਾ

ਕੌਮੀ ਪਤ੍ਰਿਕਾ

ਨੈਸ਼ਨਲ ਡੈਸਕ 11 ਦਸੰਬਰ। ਦਿੱਲੀ ਹਾਈ ਕੋਰਟ ਨੇ ਗੋਆ ਦੇ ਇੱਕ ਨਾਈਟ ਕਲੱਬ ਵਿੱਚ ਲੱਗੀ ਭਿਆਨਕ ਅੱਗ ਦੇ ਮੁਲਜ਼ਮ ਲੂਥਰਾ ਬ੍ਰਦਰਜ਼ (ਸੌਰਭ ਲੂਥਰਾ ਤੇ ਗੌਰਵ ਲੂਥਰਾ) ਦੀ ਅਗਾਊਂ ਜ਼ਮਾਨਤ ਪਟੀਸ਼ਨ ਨੂੰ ਸਖ਼ਤ ਟਿੱਪਣੀ ਕਰਦੇ ਹੋਏ ਖਾਰਜ ਕਰ ਦਿੱਤਾ ਹੈ। ਕੋਰਟ ਨੇ ਮੁਲਜ਼ਮਾਂ ਦੇ ਉਸ ਦਾਅਵੇ ਨੂੰ ਵੀ ਨਕਾਰ ਦਿੱਤਾ, ਜਿਸ ਵਿੱਚ ਉਨ੍ਹਾਂ ਨੇ ਕਿਹਾ ਸੀ ਕਿ ਉਨ੍ਹਾਂ ਦੀ ਜਾਨ ਨੂੰ ਖ਼ਤਰਾ ਹੈ ਤੇ ਗੋਆ ਵਿੱਚ ਉਨ੍ਹਾਂ ਦੀ ਲਿੰਚਿੰਗ (ਕੁੱਟਮਾਰ ਕਰਕੇ ਮਾਰ ਦੇਣਾ) ਹੋ ਸਕਦੀ ਹੈ। ਅਦਾਲਤ ਨੇ ਕਿਹਾ ਕਿ ਅਪਰਾਧ ਦੀ ਪ੍ਰਕਿਰਤੀ ‘ਪਹਿਲੀ ਨਜ਼ਰੇ ਬੇਹੱਦ ਗੰਭੀਰ ਅਤੇ ਭਿਆਨਕ’ ਹੈ, ਜਿਸ ਵਿੱਚ 25 ਲੋਕਾਂ ਦੀ ਜਾਨ ਚਲੀ ਗਈ. ਹਾਈ ਕੋਰਟ ਨੇ ਮੁਲਜ਼ਮਾਂ ਦੇ ਆਚਰਣ ’ਤੇ ਵੀ ਸਵਾਲ ਚੁੱਕੇ ਤੇ ਕਿਹਾ ਕਿ ਉਨ੍ਹਾਂ ਨੇ ਅਦਾਲਤ ਤੋਂ ਤੱਥ ਲੁਕਾਏ ਹਨ। ਕੋਰਟ ਨੇ ਇਹ ਵੀ ਸਪੱਸ਼ਟ ਕੀਤਾ ਕਿ ਇੰਨੇ ਵੱਡੇ ਹਾਦਸੇ ਦੇ ਤੁਰੰਤ ਬਾਅਦ ਉਨ੍ਹਾਂ ਦਾ ਦੇਸ਼ ਛੱਡ ਕੇ ਜਾਣਾ ਉਨ੍ਹਾਂ ਦੇ ਇਰਾਦਿਆਂ ’ਤੇ ਸ਼ੱਕ ਪੈਦਾ ਕਰਦਾ ਹੈ। ਦਸਤਾਵੇਜ਼ਾਂ ਅਨੁਸਾਰ ‘ਬਿਰਚ ਬਾਏ




ਰੋਮੀਓ ਲੇਨ’ ਨਾਈਟ ਕਲੱਬ, ਜਿੱਥੇ 6 ਦਸੰਬਰ ਦੀ ਦੇਰ ਰਾਤ ਅੱਗ ਲੱਗੀ ਸੀ, ਗੈਰ-ਕਾਨੂੰਨੀ ਢੰਗ ਨਾਲ ਚੱਲ ਰਿਹਾ ਸੀ, ਕਿਉਂਕਿ ਇਸ ਦੇ ਲਾਇਸੈਂਸ ਸਮਝੌਤੇ, ਟਰੇਡ ਲਾਇਸੈਂਸ ਅਤੇ ਲੀਜ਼ ਡੀਡ ਪਹਿਲਾਂ ਹੀ ਖਤਮ ਹੋ ਚੁੱਕੇ ਸਨ। ਦਿੱਲੀ ਹਾਈ ਕੋਰਟ ਨੇ ਲੂਥਰਾ ਬ੍ਰਦਰਜ਼ ਵੱਲੋਂ ਕੀਤੇ ਗਏ ਲਿੰਚਿੰਗ ਦੇ ਦਾਅਵਿਆਂ ਨੂੰ ਵੀ ਖਾਰਜ ਕਰ ਦਿੱਤਾ। ਅਦਾਲਤ ਨੇ ਕਿਹਾ ਕਿ ਕਾਨੂੰਨ ਦੇ ਅਨੁਸਾਰ ਜਾਂਚ ਅਧਿਕਾਰੀ ਜਾਂ ਅਦਾਲਤ ਦੁਆਰਾ ਕੀਤੀ ਗਈ ਕਾਰਵਾਈ ਨੂੰ ਜਾਨ ਦੇ ਖ਼ਤਰੇ ਦੀ ਸੰਭਾਵਨਾ ਨਹੀਂ ਕਿਹਾ ਜਾ ਸਕਦਾ। ਮੁਲਜ਼ਮਾਂ ਦੇ ਵਕੀਲ ਨੇ ਦਲੀਲ ਦਿੱਤੀ ਸੀ ਕਿ ਉਹ ਭੱਜ ਨਹੀਂ ਰਹੇ ਸਨ, ਸਗੋਂ ਥਾਈਲੈਂਡ ਦੇ ਫੁਕੇਤ ਵਿੱਚ ਇੱਕ ਰੈਸਟੋਰੈਂਟ ਖੋਲ੍ਹਣ ਲਈ ਇੱਕ ਵਪਾਰਕ ਯਾਤਰਾ ’ਤੇ ਗਏ ਸਨ। ਜ਼ਿਕਰਯੋਗ ਹੈ ਕਿ ਹਾਦਸੇ ਤੋਂ ਬਾਅਦ ਭੱਜੇ ਲੂਥਰਾ ਬ੍ਰਦਰਜ਼ (ਸੌਰਭ ਲੂਥਰਾ ਅਤੇ ਗੌਰਵ ਲੂਥਰਾ) ਨੂੰ ਇੰਟਰਪੋਲ ਦੇ ਬਲੂ ਕਾਰਨਰ ਨੋਟਿਸ ਜਾਰੀ ਹੋਣ ਤੋਂ ਬਾਅਦ ਥਾਈ ਅਧਿਕਾਰੀਆਂ ਨੇ ਹਿਰਾਸਤ ਵਿੱਚ ਲੈ ਲਿਆ ਸੀ। ਉਨ੍ਹਾਂ ਨੇ ਮੈਡੀਕਲ ਆਧਾਰਾਂ ’ਤੇ ਵੀ ਚਾਰ ਹਫ਼ਤਿਆਂ ਲਈ ਗ੍ਰਿਫ਼ਤਾਰੀ ਤੋਂ ਸੁਰੱਖਿਆ ਮੰਗੀ ਸੀ, ਜਿਸ ਦਾ ਗੋਆ ਪੁਲਿਸ ਨੇ ਕੜਾ ਵਿਰੋਧ ਕਰਦਿਆਂ ਉਨ੍ਹਾਂ ਨੂੰ ‘ਝੂਠਾ ਅਤੇ ਬਣਾਉਟੀ’ ਦੱਸਿਆ ਸੀ।

# ਮੁੱਖ ਮੰਤਰੀ ਸੈਣੀ ਨੇ 350ਵੇਂ ਸ਼ਹੀਦੀ ਦਿਵਸ ਸਮਾਗਮ ’ਚ ਕੀਤੀ ਸ਼ਿਰਕਤ

ਕੌਮੀ ਪਤ੍ਰਿਕਾ
**ਨਵਦੀਪ ਸਿੰਘ ਸਾਹਨੀ**

ਨੈਸ਼ਨਲ ਡੈਸਕ 11 ਦਸੰਬਰ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਗੁਰੂਗ੍ਰਾਮ ਵਿੱਚ ਆਯੋਜਿਤ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਵਿਸ਼ੇਸ਼ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਨੇ ਇਸ ਦਿਨ ਨੂੰ ਬਹੁਤ ਮਹੱਤਵਪੂਰਨ ਦੱਸਿਆ ਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਮਹਾਨ ਬਲੀਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਭਾਵਪੂਰਨ ਨਮਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਮਨੁੱਖੀ ਅਧਿਕਾਰਾਂ ਦੇ ਪਹਿਲੇ ਨਾਇਕ ਸਨ ਅਤੇ ਉਨ੍ਹਾਂ ਦਾ ਜੀਵਨ ਪੂਰੇ ਵਿਸ਼ਵ ਲਈ ਪ੍ਰੇਰਣਾ ਦਾ ਸਰੋਤ ਹੈ। ਸਮਾਗਮ ਵਿੱਚ ਗੁਰੂ ਤੇਗ ਬਹਾਦਰ ਜੀ ਦੇ ਜੀਵਨ ’ਤੇ ਆਧਾਰਿਤ ਇੱਕ ਨਾਟਕ ਤਪ ਤੋਂ ਤਿਆਗ ਤੱਕ ਦਾ ਮੰਚਨ ਕੀਤਾ ਗਿਆ, ਜਿਸ ਨੂੰ ਮੁੱਖ ਮੰਤਰੀ ਨੇ ਬਹੁਤ ਹੀ ਦਿਲ ਨੂੰ ਛੂਹਣ ਵਾਲਾ ਦੱਸਿਆ। ਉਨ੍ਹਾਂ ਨੇ ਨਾਟਕ ਵਿੱਚ ਹਿੱਸਾ ਲੈਣ ਵਾਲੇ ਸਾਰੇ ਕਲਾਕਾਰਾਂ ਦਾ ਧੰਨਵਾਦ ਵੀ ਕੀਤਾ। ਇਸ ਪ੍ਰੋਗਰਾਮ ਵਿੱਚ ਭਾਰਤ ਦੇ ਪ੍ਰਸਿੱਧ ਅਭਿਨੇਤਾ ਅਨੁਪਮ ਖੇਰ ਨੇ ਵੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਿਨ੍ਹਾਂ ਦਾ ਮੁੱਖ ਮੰਤਰੀ ਨੇ ਸਵਾਗਤ ਕੀਤਾ। ਮੁੱਖ ਮੰਤਰੀ ਸੈਣੀ ਨੇ ਦੱਸਿਆ ਕਿ ਹਰਿਆਣਾ ਦੀ ਧਰਤੀ ਦਾ ਗੁਰੂ ਤੇਗ ਬਹਾਦਰ ਜੀ ਨਾਲ ਗਹਿਰਾ ਸਬੰਧ ਰਿਹਾ ਹੈ। ਉਨ੍ਹਾਂ



ਦੀਆਂ ਸਿੱਖਿਆਵਾਂ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਰਾਜ ਵਿੱਚ ਚਾਰ ਯਾਤਰਾਵਾਂ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਤੋਂ ਇਲਾਵਾ ਚੌਧਰੀ ਦੇਵੀਲਾਲ ਯੂਨੀਵਰਸਿਟੀ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਖੋਜ ਪੀਠ ਦੀ ਸਥਾਪਨਾ ਵੀ ਕੀਤੀ ਗਈ ਹੈ। ਆਦਰਸ਼ਾਂ ਨੂੰ ਸੰਭਾਲਣ ਦੀ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਚੁੱਕਦੇ ਹੋਏ ਹਰਿਆਣਾ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਂ ’ਤੇ ਵਣ, ਜੰਗਲੀ ਜੀਵ ਅਤੇ ਜੈਵ ਵਿਭਿੰਨਤਾ ਸੰਭਾਲ ਬਲਾਕ ਦਾ ਉਦਘਾਟਨ ਵੀ ਕੀਤਾ ਗਿਆ ਹੈ। ਮੁੱਖ ਮੰਤਰੀ ਸੈਣੀ ਨੇ ਇਹ ਵੀ ਜਾਣਕਾਰੀ ਦਿੱਤੀ ਕਿ 25 ਨਵੰਬਰ ਨੂੰ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਇੱਕ ਸ਼ਾਨਦਾਰ ਪ੍ਰੋਗਰਾਮ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੀ ਹਿੱਸਾ ਲਿਆ ਸੀ। ਇਸ ਮੌਕੇ ’ਤੇ ਪ੍ਰਧਾਨ ਮੰਤਰੀ ਨੇ ਗੁਰੂ ਤੇਗ ਬਹਾਦਰ ਜੀ ਦੇ ਨਾਂ ’ਤੇ ਇੱਕ ਸਿੱਕਾ, ਡਾਕ ਟਿਕਟ ਅਤੇ ਕੌਫੀ ਟੇਬਲ ਬੁੱਕ ਜਾਰੀ ਕੀਤੀ ਸੀ।

# ਪੰਜਾਬ ਦੀ ਸਿਆਸੀ ਖਿੱਚੋਤਾਣ ’ਚ ਨਵਜੋਤ ਸਿੰਘ ਸਿੱਧੂ ਦੀ ਐਂਟਰੀ ! ਪ੍ਰਿਅੰਕਾ ਗਾਂਧੀ ਨਾਲ ਕਰਨਗੇ ਮੁਲਾਕਾਤ

ਚੰਡੀਗੜ੍ਹ 11 ਦਸੰਬਰ। ਡਾ. ਨਵਜੋਤ ਕੌਰ ਸਿੱਧੂ ਵੱਲੋਂ ਦਿੱਤੇ ਬਿਆਨਾਂ ਕਾਰਨ ਕਾਂਗਰਸ ’ਚ ਛਿੜੀ ਖਿੱਚੋਤਾਣ ਵਿਚ ਹੁਣ ਨਵਜੋਤ ਸਿੰਘ ਸਿੱਧੂ ਦੀ ਵੀ ਐਂਟਰੀ ਹੋ ਗਈ ਹੈ। ਮੀਡੀਆ ਰਿਪੋਰਟਾਂ ਮੁਤਾਬਕ ਨਵਜੋਤ ਸਿੰਘ ਸਿੱਧੂ ਨੇ ਪਾਰਟੀ ਹਾਈਕਮਾਨ ਤਕ ਪਹੁੰਚ ਕੀਤੀ ਹੈ। ਉਹ ਪਤਨੀ ਦੇ ਬਿਆਨਾਂ ’ਤੇ ਕਿਸੇ ਵੀ ਤਰ੍ਹਾਂ ਦੀ ਕਾਰਵਾਈ ਤੋਂ ਪਹਿਲਾਂ ਆਪਣਾ ਪੱਖ ਰੱਖਣਾ ਚਾਹੁੰਦੇ ਹਨ। ਇਸ ਦੇ ਲਈ ਉਨ੍ਹਾਂ ਨੇ ਬਾਕਾਇਦਾ ਪ੍ਰਿਅੰਕਾ ਗਾਂਧੀ ਤੋਂ ਮਿਲਣ ਦਾ ਸਮਾਂ ਵੀ ਮੰਗਿਆ ਹੈ। ਦੱਸ ਦਈਏ ਕਿ ਨਵਜੋਤ ਕੌਰ ਸਿੱਧੂ ਵੱਲੋਂ ‘ਮੁੱਖ ਮੰਤਰੀ ਬਣਨ ਲਈ 500 ਕਰੋੜ ਦੇ ਅਟੈਚੀ’ ਵਾਲੇ ਬਿਆਨ ਮਗਰੋਂ ਸਿਆਸਤ ਕਾਫ਼ੀ ਭਖੀ ਹੋਈ ਹੈ। ਪਹਿਲਾਂ ਤਾਂ ਨਵਜੋਤ ਕੌਰ ਸਿੱਧੂ ਨੇ ਆਪੇ ਬਿਆਨ ਨੂੰ ਤੋੜ-ਮਰੋੜ ਕੇ ਪੇਸ਼ ਕੀਤੇ ਜਾਣ ਦੀ ਗੱਲ ਕਹੀ ਸੀ, ਪਰ ਬਾਅਦ ਵਿਚ ਕਾਂਗਰਸੀ ਆਗੂਆਂ ਵੱਲੋਂ ਉਨ੍ਹਾਂ ਖ਼?ਲਾਫ਼ ਸ਼ੁਰੂ ਕੀਤੀ ਗਈ ਬਿਆਨਬਾਜ਼ੀ ਦੇ ਜਵਾਬ ਵਿਚ ਉਨ੍ਹਾਂ ਕਾਂਗਰਸ ਦੇ ਵੱਡੇ ਲੀਡਰਾਂ



ਖ਼?ਲਾਫ਼ ਗੰਭੀਰ ਦੋਸ਼ ਲਗਾ ਦਿੱਤੇ ਸਨ। ਇਸ ਮਗਰੋਂ ਮਾਮਲਾ ਹਾਈਕਮਾਨ ਕੋਲ ਪਹੁੰਚਿਆ ਤੇ ਪੰਜਾਬ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨੇ ਉਨ੍ਹਾਂ ਨੂੰ ਪਾਰਟੀ ਵਿਚੋਂ ਸਸਪੈਂਡ ਕਰ ਦਿੱਤਾ। ਉੱਥੇ ਹੀ ਕਾਂਗਰਸ ਹਾਈਕਮਾਨ ਨੇ ਵੀ ਮਾਮਲੇ ਦੀ ਜਾਂਚ ਲਈ ਹਾਈ ਲੈਵਲ ਕਮੇਟੀ ਬਣਾ ਦਿੱਤੀ ਹੈ, ਜਿਸ ਦੀ ਅਗਵਾਈ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਕਰਨਗੇ। ਉੱਥੇ ਹੀ ਨਵਜੋਤ ਸਿੰਘ ਸਿੱਧੂ ਬੀਤੇ ਦਿਨੀਂ ਅੰਮ੍ਰਿਤਸਰ ਪਹੁੰਚੇ ਸਨ। ਇਸ ਦੌਰਾਨ ਉਨ੍ਹਾਂ ਨੇ ਮੀਡੀਆ ਵਿਚ ਆ ਕੇ ਕਿਸੇ ਕਿਸਮ ਦਾ ਕੋਈ ਬਿਆਨ ਨਹੀਂ ਦਿੱਤਾ ਤੇ ਨਾ ਹੀ ਕੋਈ ਸੋਸ਼ਲ ਮੀਡੀਆ ਪੋਸਟ ਪਾਈ ਹੈ। ਹਾਲਾਂਕਿ ਉਨ੍ਹਾਂ ਦੀ ਪਤਨੀ ਡਾ. ਨਵਜੋਤ ਕੌਰ ਸਿੱਧੂ ਲਗਾਤਾਰ ਪੰਜਾਬ ਕਾਂਗਰਸ ਦੇ ਕੁਝ ਆਗੂਆਂ ਖ਼?ਲਾਫ਼ ਭੜਾਸ ਕੱਢ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਅੰਦਰ ਇਸ ਤਰ੍ਹਾਂ ਦੀ ਖਿੱਚੋਤਾਣ ਤੋਂ ਹਾਈਕਮਾਨ ਕਾਫ਼ੀ ਨਾਰਾਜ਼ ਹੈ ਤੇ ਇਸੇ ਲਈ ਮਾਮਲੇ ਦੀ ਵਿਸਥਾਰਤ ਰਿਪੋਰਟ ਮੰਗੀ ਗਈ ਹੈ।

# ਜਲੰਧਰ ਵਾਸੀਆਂ ਲਈ ਵੱਡੀ ਖ਼ੁਸ਼ਖਬਰੀ, 35 ਸਾਲਾਂ ਬਾਅਦ ਮਿਲ ਗਈ ਪ੍ਰਵਾਨਗੀ

ਕੌਮੀ ਪਤ੍ਰਿਕਾ
**ਤੇਜਿੰਦਰ ਕੌਰ ਬੱਬਰ**

ਜਲੰਧਰ/ਚੰਡੀਗੜ੍ਹ 11 ਦਸੰਬਰ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਕ ਇਤਿਹਾਸਕ ਫੈਸਲਾ ਲਿਆ ਹੈ, ਜਿਸ ਵਿਚ ਜਲੰਧਰ ਨਗਰ ਨਿਗਮ ਲਈ 1,196 ਸਫਾਈ ਕਰਮਚਾਰੀਆਂ ਦੀ ਭਰਤੀ ਨੂੰ ਪ੍ਰਵਾਨਗੀ ਦਿੱਤੀ ਗਈ ਹੈ। 35 ਸਾਲਾਂ ਦੇ ਲੰਬੇ ਇੰਤਜ਼ਾਰ ਤੋਂ ਬਾਅਦ ਪ੍ਰਾਪਤ ਹੋਈ ਇਹ ਪ੍ਰਵਾਨਗੀ ਸ਼ਹਿਰ ਦੀ ਸਫਾਈ ਪ੍ਰਣਾਲੀ ਲਈ ਇਕ ਮਹੱਤਵਪੂਰਨ ਪ੍ਰਾਪਤੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਇਹ ਪਹਿਲਕਦਮੀ ਲੋਕ-ਕੇਂਦ੍ਰਿਤ ਸ਼ਾਸਨ ਦੀ ਇੱਕ ਸ਼ਾਨਦਾਰ ਉਦਾਹਰਣ ਹੈ, ਜੋ ਲੋਕਾਂ ਦੀਆਂ ਬੁਨਿਆਦੀ ਸਮੱਸਿਆਵਾਂ ਨੂੰ ਹੱਲ ਕਰਨ ਲਈ ਵਚਨਬੱਧ ਹੈ। ਇਸ ਇਤਿਹਾਸਕ ਫੈਸਲੇ ਨਾਲ ਜਲੰਧਰ ਸ਼ਹਿਰ ਵਿਚ ਸਫਾਈ ਪ੍ਰਬੰਧਨ ਪ੍ਰਣਾਲੀ ਵਿਚ ਕ੍ਰਾਂਤੀ ਆਉਣ ਦੀ ਉਮੀਦ ਹੈ। ਦਹਾਕਿਆਂ ਤੋਂ ਸਫਾਈ ਕਰਮਚਾਰੀਆਂ ਦੀ ਘਾਟ ਨਾਲ ਜੂਝ ਰਹੀ ਨਗਰ ਨਿਗਮ ਕੋਲ ਹੁਣ ਸ਼ਹਿਰ ਦੇ ਹਰ ਕੋਨੇ ਵਿਚ ਸਫਾਈ ਨੂੰ ਯਕੀਨੀ ਬਣਾਉਣ ਲਈ ਲੋੜੀਂਦੀ ਮਨੁੱਖੀ ਸ਼ਕਤੀ ਹੋਵੇਗੀ। ਪੰਜਾਬ ਸਰਕਾਰ ਦੇ ਇਸ ਕਦਮ ਨਾਲ ਨਾ ਸਿਰਫ਼ ਸ਼ਹਿਰ ਦੀ ਸਫਾਈ ਵਿਵਸਥਾ ਵਿਚ ਸੁਧਾਰ ਹੋਵੇਗਾ ਸਗੋਂ ਸਥਾਨਕ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਵੀ ਮਿਲਣਗੇ। ਇਹ ਮਹੱਤਵਪੂਰਨ ਫੈਸਲਾ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ੀ ਸੋਚ ਅਤੇ ਨਿਰੰਤਰ ਸਮਰਥਨ ਕਾਰਨ ਸੰਭਵ ਹੋਇਆ ਹੈ। ਸੱਤਾ ਵਿਚ ਆਉਣ ਤੋਂ ਬਾਅਦ ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਜਨਤਕ ਮੁੱਦਿਆਂ ਨੂੰ ਤਰਜੀਹ ਦੇਣ ਦਾ ਵਾਅਦਾ ਕੀਤਾ ਹੈ। ਜਲੰਧਰ ਨਗਰ ਨਿਗਮ ਲਈ ਸਫਾਈ ਕਰਮਚਾਰੀਆਂ ਦੀ ਪ੍ਰਵਾਨਗੀ ਇਸ ਦਿਸ਼ਾ ਵਿੱਚ ਇਕ ਮਹੱਤਵਪੂਰਨ ਕਦਮ ਹੈ। ਸਰਕਾਰ ਨੇ ਹਮੇਸ਼ਾ ਜਨਤਕ ਭਲਾਈ ਮੁੱਦਿਆਂ ਨੂੰ ਤਰਜੀਹ ਦਿੱਤੀ ਹੈ ਅਤੇ ਜ਼ਮੀਨੀ ਪੱਧਰ ’ਤੇ ਲੋਕ-ਕੇਂਦ੍ਰਿਤ ਪਹੁੰਚ ਨੂੰ ਲਾਗੂ ਕਰਨ ਲਈ ਠੋਸ ਯਤਨ ਕੀਤੇ ਹਨ। ਇਹ ਫੈਸਲਾ ਪੰਜਾਬ ਸਰਕਾਰ ਦੇ ਆਪਣੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਵਿਸ਼ਵਾਸ ਦਾ ਪ੍ਰਮਾਣ ਹੈ। ਇਹ ਜਲੰਧਰ ਦੇ ਵਸਨੀਕਾਂ ਲਈ ਇਕ ਵੱਡੀ ਰਾਹਤ ਹੈ, ਜੋ ਲੰਬੇ ਸਮੇਂ ਤੋਂ ਬਿਹਤਰ ਸਫਾਈ ਦੀ ਮੰਗ ਕਰ ਰਹੇ ਹਨ। 1,196 ਸਫਾਈ ਕਰਮਚਾਰੀਆਂ ਦੀ ਨਿਯੁਕਤੀ ਸ਼ਹਿਰ ਦੇ ਸਾਰੇ ਵਾਰਡਾਂ ਵਿਚ ਨਿਯਮਤ ਸਫਾਈ ਨੂੰ ਯਕੀਨੀ ਬਣਾਏਗੀ। ਇਸ ਨਾਲ ਕੂੜਾ ਪ੍ਰਬੰਧਨ, ਗਲੀਆਂ ਦੀ ਸਫਾਈ ਅਤੇ ਜਨਤਕ ਥਾਵਾਂ ਵਿਚ ਕਾਫ਼ੀ ਸੁਧਾਰ ਹੋਵੇਗਾ। ਮਾਹਿਰਾਂ ਦਾ ਮੰਨਣਾ ਹੈ ਕਿ ਇਹ ਕਦਮ ਜਲੰਧਰ ਨੂੰ ਇਕ ਸਾਫ਼ ਅਤੇ ਸਿਹਤਮੰਦ ਸ਼ਹਿਰ ਵਜੋਂ ਵਿਕਸਤ ਕਰੇਗਾ, ਜਿਸ ਨਾਲ ਇਸਦੇ ਨਾਗਰਿਕਾਂ ਦੇ ਜੀਵਨ ਦੀ ਗੁਣਵੱਤਾ ਵਿਚ ਸੁਧਾਰ ਹੋਵੇਗਾ। ਪੰਜਾਬ ਸਰਕਾਰ ਦੇ ਇਸ ਫੈਸਲੇ ਨਾਲ ਨਾ ਸਿਰਫ਼ ਸੈਨੀਟੇਸ਼ਨ ਸਿਸਟਮ ਮਜ਼ਬੂਤ



??ਹੋਵੇਗਾ ਸਗੋਂ ਸਥਾਨਕ ਬੇਰੋਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇ ਨਵੇਂ ਮੌਕੇ ਵੀ ਮਿਲਣਗੇ। ਮੁੱਖ ਮੰਤਰੀ ਭਗਵੰਤ ਮਾਨ ਨੇ ਕਈ ਵਾਰ ਕਿਹਾ ਹੈ ਕਿ ਸਰਕਾਰ ਦਾ ਟੀਚਾ ਹਰ ਨਾਗਰਿਕ ਨੂੰ ਬਿਹਤਰ ਜੀਵਨ ਪੱਧਰ ਪ੍ਰਦਾਨ ਕਰਨਾ ਹੈ। ਸੈਨੀਟੇਸ਼ਨ ਵਰਕਰਾਂ ਦੀ ਭਰਤੀ ਸੈਂਕੜੇ ਪਰਿਵਾਰਾਂ ਨੂੰ ਵਿੱਤੀ ਸੁਰੱਖਿਆ ਪ੍ਰਦਾਨ ਕਰੇਗੀ ਅਤੇ ਉਨ੍ਹਾਂ ਦੇ ਜੀਵਨ ਵਿਚ ਸਕਾਰਾਤਮਕ ਬਦਲਾਅ ਲਿਆਏਗੀ। ਇਹ ਪਹਿਲ ਸਮਾਜਿਕ ਨਿਆਂ ਅਤੇ ਸਮਾਵੇਸ਼ੀ ਵਿਕਾਸ ਵੱਲ ਇਕ ਮਹੱਤਵਪੂਰਨ ਕਦਮ ਹੈ। ਸਥਾਨਕ ਨਿਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਸ਼ਲਾਘਾ ਕੀਤੀ ਹੈ। ਨਾਗਰਿਕਾਂ ਦਾ ਮੰਨਣਾ ਹੈ ਕਿ ਇਹ ਫੈਸਲਾ ਲੰਬੇ ਸਮੇਂ ਤੋਂ ਚੱਲ ਰਹੇ ਮੁੱਦੇ ਨੂੰ ਹੱਲ ਕਰਦਾ ਹੈ ਅਤੇ ਸ਼ਹਿਰ ਦੇ ਅਕਸ ਨੂੰ ਬਿਹਤਰ ਬਣਾਏਗਾ। ਸੋਸ਼ਲ ਮੀਡੀਆ ’ਤੇ ਲੋਕਾਂ ਨੇ ਵੀ ਇਸ ਪਹਿਲਕਦਮੀ ਦੀ ਪ੍ਰਸ਼ੰਸਾ ਕੀਤੀ ਹੈ, ਇਹ ਕਹਿੰਦੇ ਹੋਏ ਕਿ ਆਮ ਆਦਮੀ ਪਾਰਟੀ ਸਰਕਾਰ ਸੱਚਮੁੱਚ ਲੋਕਾਂ ਲਈ ਕੰਮ ਕਰ ਰਹੀ ਹੈ। ਜਨਤਕ ਹੁੰਗਾਰਾ ਸਪੱਸ਼ਟ ਤੌਰ ’ਤੇ ਦਰਸਾਉਂਦਾ ਹੈ ਕਿ ਇਹ ਫੈਸਲਾ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਲਿਆ ਗਿਆ ਹੈ। ਆਮ ਆਦਮੀ ਪਾਰਟੀ ਸਰਕਾਰ ਨੇ ਪੰਜਾਬ ਵਿਚ ਸਿੱਖਿਆ, ਸਿਹਤ ਅਤੇ ਬੁਨਿਆਦੀ ਢਾਂਚੇ ਦੇ ਨਾਲ-ਨਾਲ ਨਗਰ ਨਿਗਮ ਸੇਵਾਵਾਂ ਨੂੰ ਬਿਹਤਰ ਬਣਾਉਣ ਲਈ ਕਈ ਮਹੱਤਵਪੂਰਨ ਕਦਮ ਚੁੱਕੇ ਹਨ। ਜਲੰਧਰ ਨਗਰ ਨਿਗਮ ਲਈ ਸੈਨੀਟੇਸ਼ਨ ਵਰਕਰਾਂ ਦੀ ਪ੍ਰਵਾਨਗੀ ਇਸ ਦਿਸ਼ਾ ਵਿਚ ਇਕ ਮਹੱਤਵਪੂਰਨ ਕਦਮ ਹੈ। ਸਰਕਾਰ ਦਾ ਉਦੇਸ਼ ਸੂਬੇ ਦੇ ਹਰ ਸ਼ਹਿਰ ਅਤੇ ਪਿੰਡ ਨੂੰ ਸਾਫ਼, ਸੁਰੱਖਿਅਤ ਅਤੇ ਵਿਕਸਤ ਬਣਾਉਣਾ ਹੈ। ਇਸ ਦਿਸ਼ਾ ਵਿਚ ਕੀਤੇ ਜਾ ਰਹੇ ਯਤਨ ਪੰਜਾਬ ਦੇ ਸਮੁੱਚੇ ਵਿਕਾਸ ਨੂੰ ਯਕੀਨੀ ਬਣਾ ਰਹੇ ਹਨ ਅਤੇ ਜਨਤਾ ਸਰਕਾਰ ਦੀਆਂ ਨੀਤੀਆਂ ਤੋਂ ਸਿੱਧੇ ਤੌਰ ’ਤੇ ਲਾਭ ਪ੍ਰਾਪਤ ਕਰ ਰਹੀ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਸਫ਼ਾਈ ਸਿਰਫ਼ ਇਕ ਸ਼ਹਿਰੀ ਸੇਵਾ ਨਹੀਂ ਹੈ, ਸਗੋਂ ਜਨਤਕ ਸਿਹਤ ਅਤੇ ਵਾਤਾਵਰਣ ਸੁਰੱਖਿਆ ਨਾਲ ਵੀ ਜੁੜੀ ਹੋਈ ਹੈ। ਜਲੰਧਰ ਵਿਚ ਸਫ਼ਾਈ ਕਰਮਚਾਰੀਆਂ ਦੀ ਗਿਣਤੀ ਵਧਾਉਣ ਨਾਲ ਬਿਮਾਰੀਆਂ ਨੂੰ ਰੋਕਣ ਅਤੇ ਸ਼ਹਿਰ ਦੇ ਵਾਤਾਵਰਣ ਨੂੰ ਸਾਫ਼ ਰੱਖਣ ਵਿੱਚ ਮਦਦ ਮਿਲੇਗੀ। ਪੰਜਾਬ ਸਰਕਾਰ ਦਾ ਇਹ ਉਪਰਾਲਾ ਸਵੱਛ ਭਾਰਤ ਮਿਸ਼ਨ ਦੇ ਉਦੇਸ਼ਾਂ ਦੇ ਅਨੁਸਾਰ ਹੈ ਅਤੇ ਕੇਂਦਰ ਸਰਕਾਰ ਦੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਪੰਜਾਬ ਸਰਕਾਰ ਦਾ ਇਹ ਇਤਿਹਾਸਕ ਫੈਸਲਾ ਨਾ ਸਿਰਫ਼ ਜਲੰਧਰ ਲਈ ਸਗੋਂ ਪੂਰੇ ਸੂਬੇ ਲਈ ਇਕ ਉਦਾਹਰਣ ਹੈ।

# ਪੁਲਸ ਸਟੇਸ਼ਨ ਦੇ ਬਾਹਰ ਹੋਏ ਗ੍ਰਨੇਡ ਧਮਾਕੇ ਮਗਰੋਂ ਸ਼ਹਿਰ ਦੀ ਵਧਾਈ ਸੁਰੱਖਿਆ

**ਕੌਮੀ ਪਤ੍ਰਿਕਾ**

ਗੁਰਦਾਸਪੁਰ 11 ਦਸੰਬਰ। ਜ਼ਿਲ੍ਹਾ ਪੁਲਸ ਗੁਰਦਾਸਪੁਰ ਦੇ ਅਧੀਨ ਪੈਂਦੇ ਸਿਟੀ ਪੁਲਸ ਸਟੇਸ਼ਨ ਦੇ ਬਾਹਰ ਹੋਏ ਗ੍ਰਨੇਡ ਹਮਲੇ ਤੋਂ ਬਾਅਦ ਐੱਸ.ਐੱਸ.ਪੀ ਆਦਿੱਤਯ ਵੱਲੋਂ ਜਿੱਥੇ ਸ਼ਹਿਰ ਦੀ ਸੁਰੱਖਿਆ ਨੂੰ ਪੂਰੀ ਤਰ੍ਹਾਂ ਸਖ਼ਤ ਕਰ ਦਿੱਤਾ ਹੈ, ਉੱਥੇ ਪੁਲਸ ਚੱਪੇ-ਚੱਪੇ 'ਤੇ ਮੁਸਤੈਦ ਹੈ ਅਤੇ ਨਾਕੇ ਲਾ ਕੇ ਵਾਹਨਾਂ ਦੀ ਜਾਂਚ ਕਰ ਰਹੀ ਹੈ। ਇਕ ਪਾਸੇ ਖੁਦ ਐੱਸ.ਐੱਸ.ਪੀ ਵੱਲੋਂ ਸ਼ਹਿਰ ਦੀ ਸੁਰੱਖਿਆ ਸਬੰਧੀ ਕਮਾਨ ਸੰਭਾਲੀ ਹੋਈ ਹੈ,ਉੱਥੇ ਹੀ ਦੂਜੇ ਪਾਸੇ ਸੂਬੇ ਦੀਆਂ ਸੁਰੱਖਿਆ ਏਜੰਸੀਆਂ ਵੀ ਹਾਈ ਅਲਰਟ 'ਤੇ ਹਨ। ਜ਼ਿਲਾ ਪੁਲਸ ਗੁਰਦਾਸਪੁਰ ਦੀ ਐਂਟੀ ਸਾਬੋਟੇਜ ਅਤੇ ਡੌਗ ਸਕੁਐਡ ਟੀਮ ਵੱਲੋਂ ਲਗਾਤਾਰ ਬੱਸ ਸਟੈਂਡ, ਰੇਲਵੇ ਸਟੇਸ਼ਨ, ਜਨਤਕ ਸਥਾਨਾਂ, ਸਰਕਾਰੀ ਦਫ਼ਤਰਾਂ 'ਚ ਚੈਕਿੰਗ ਅਭਿਆਨ ਚਲਾਇਆ ਜਾ ਰਿਹਾ ਹੈ ਤਾਂ ਕਿ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ। ਜ਼ਿਲਾ ਪੁਲਸ ਗੁਰਦਾਸਪੁਰ ਵੱਲੋਂ ਜਿੱਥੇ ਸ਼ਹਿਰ ਦੇ ਮੇਨ ਪੁਆਇੰਟਾਂ ਜਿਵੇਂ ਬੱਬਰੀ ਬਾਈਪਾਸ ,ਬਰਿਆਰ ਬਾਈਪਾਸ ਸਮੇਤ ਸ਼ਹਿਰ 'ਚ ਐਂਟਰੀ ਕਰਨ ਵਾਲੇ ਪੁਆਇੰਟਾਂ 'ਤੇ ਪੁਲਸ ਕਰਮਚਾਰੀਆਂ ਨੂੰ ਤਾਇਨਾਤ ਕੀਤਾ ਗਿਆ ਹੈ ਅਤੇ ਸਖ਼ਤੀ ਦੇ ਨਾਲ ਹਰ ਸ਼ੱਕੀ ਵਾਹਨਾਂ ਅਤੇ ਸ਼ੱਕੀ ਵਿਅਕਤੀਆਂ 'ਤੇ ਨਜ਼ਰ ਰੱਖਣ ਦੇ ਆਦੇਸ਼ ਦਿੱਤੇ ਗਏ ਹਨ। ਹਰ ਵਾਹਨ ਦੀ ਬਾਰੀਕੀ ਦੇ ਨਾਲ ਜਾਂਚ ਕਰਨ ਦੇ ਹੁਕਮ ਪੁਲਸ ਕਰਮਚਾਰੀਆਂ ਨੂੰ ਦਿੱਤੇ ਗਏ ਹਨ। ਜਦਕਿ ਖੁਦ ਐੱਸ.ਐੱਸ.ਪੀ ਵੱਲੋਂ ਸ਼ਹਿਰ ਦੇ ਵੱਖ-ਵੱਖ ਖੇਤਰਾਂ ਦਾ ਦੌਰਾ ਕਰ ਕੇ ਸੁਰੱਖਿਆ ਪ੍ਰਬੰਧਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ।ਇਸ ਚੈਕਿੰਗ ਦੌਰਾਨ ਸ਼ੱਕੀ ਵਾਹਨਾਂ ਤੇ ਸ਼ੱਕੀ ਵਿਅਕਤੀਆਂ 'ਤੇ ਨਜ਼ਰ ਰੱਖਣ ਦੇ ਆਦੇਸ ?ਦੱਤੇ ਗਏ ਹਨ। ਜ਼ਿਲਾ ਪੁਲਸ ਗੁਰਦਾਸਪੁਰ ਸ਼ਹਿਰ ਦੇ ਹਰ ਖੇਤਰ ਦੀ ਸੁਰੱਖਿਆ ਨੂੰ ਲੈ ਕੇ ਤਰ੍ਹਾਂ ਸਰਗਰਮ ਦਿਖ ਰਹੀ ਹੈ। ਸ਼ਹਿਰ ਦੇ ਚੱਪੇ-ਚੱਪੇ 'ਤੇ ਨਾਕੇ ਲਾ ਕੇ ਆਉਣ-ਜਾਣ ਵਾਲੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਕਿਸੇ ਵੀ ਸ਼ੱਕੀ ਵਿਅਕਤੀ ਨੂੰ ਵੇਖਦੇ ਹੀ ਤੁਰੰਤ ਉਸ ਨੂੰ ਜਾਂਚ ਲਈ ਹਿਰਾਸਤ 'ਚ ਲਿਆ ਜਾ ਰਿਹਾ ਹੈ। ਸ਼ਹਿਰ ਨੂੰ ਇਕ ਸੁਰੱਖਿਆ ਘੇਰੇ 'ਚ ਲਿਆ ਗਿਆ ਹੈ । ਸ਼ਹਿਰ 'ਚ ਪੀ.ਸੀ.ਆਰ ਮੁਲਾਜ਼ਮ, ਟੈ?ਫਿਕ ਪੁਲਸ ਕਰਮਚਾਰੀਆਂ ਵੱਲੋਂ ਆਉਣ ਵਾਲੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਪੁਲਸ ਗੁਰਦਾਸਪੁਰ ਦੀ ਐਂਟੀ ਸਾਬੋਟੇਜ ਅਤੇ ਡੌਗ ਸਕੁਐਡ ਟੀਮ ਵੱਲੋਂ ਲਗਾਤਾਰ ਬੱਸ ਸਟੈਂਡ, ਰੇਲਵੇ ਸਟੇਸ਼ਨ, ਜਨਤਕ ਸਥਾਨਾਂ, ਧਾਰਮਿਕ ਸਥਾਨਾਂ ਦੇ ਬਾਹਰ ਚੈਕਿੰਗ ਅਭਿਆਨ ਚਲਾਇਆ ਜਾ ?ਰਹਾ ਹੈ। ਅੱਜ ਵੀ ਰੇਲਵੇ ਸਟੇਸ਼ਨ, ਬੱਸ ਸਟੈਂਡ ਤੇ ਟੀਮ ਵੱਲੋਂ ਬੱਸਾਂ ਦੀ ਚੈਕਿੰਗ ਤੋਂ ?ਇਲਾਵਾ ਸਵਾਰੀਆਂ ਦੇ ਸਾਮਾਨ ਦੇ ਚੈਕਿੰਗ ਕੀਤੀ ਗਈ। ?ਇਸ ਦੌਰਾਨ ਪਾਰਕਿੰਗ ਸਥਾਨ ਤੇ ਵੀ ਲੱਗੇ ਵਾਹਨਾਂ, ਰੇਲਵੇ ਸਟੇਸ਼ਨ ਤੇ ਸਫਰ ਕਰਨ ਵਾਲੇ ਯਾਤਰੀਆਂ ਦੇ ਸਾਮਾਨ ਦੀ ਚੈਕਿੰਗ ਕੀਤੀ ਗਈ। ਇਸ ਸਬੰਧੀ ਗੱਲਬਾਤ ਕਰਦਿਆ ਜ਼ਿਲਾ ਪੁਲਸ ਮੁਖੀ ਆਦਿੱਤਯ ਨੇ ਕਿਹਾ ਕਿ ?ਜ਼ਲਾ ਪੁਲਸ ਸ਼ਹਿਰ ਵਾਸੀਆਂ ਦੀ ਸੁਰੱਖਿਆ ਲਈ ਵਚਨਬੱਧ ਹੈ, ਜਿਸ ਲਈ ਸ਼ਹਿਰ ਵਾਸੀਆਂ ਦੀ ਸੁਰੱਖਿਆ ਨੂੰ ਲੈ ਕੇ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਕਾਨੂੰਨ ਤੋੜਨ ਵਾਲਿਆਂ ਵਿਰੁੱਧ ਪੁਲਸ ਸਟੇਸ਼ਨਾਂ ਦੇ ਮੁਖੀਆਂ ਨੂੰ ਸਖਤ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਮੇਨ ਪੁਆਇੰਟਾਂ 'ਤੇ ਪੁਲਸ ਫੋਰਸ ਤਾਇਨਾਤ ਕੀਤੀ ਗਈ ਹੈ ਅਤੇ ਜੋ ਰਾਤ ਦਿਨ ਵਾਹਨਾਂ ਦੀ ਚੈਕਿੰਗ ਕਰ ਰਹੀ ਹੈ। ਇਸ ਦੇ ਇਲਾਵਾ ਪੁਲਸ ਦੀ ਐਂਟੀ ਸਾਬੋਟੇਜ ਅਤੇ ਡੌਗ ਸਕੁਐਡ ਟੀਮ ਵੱਲੋਂ ਵੀ ਲਗਾਤਾਰ ਬੱਸ ਸਟੈਂਡ, ਸਰਕਾਰੀ ਦਫ਼ਤਰਾਂ, ਰੇਲਵੇ ਸਟੇਸ਼ਨ ਸਮੇਤ ਹੋਰ ਜਨਤਕ ਸਥਾਨਾਂ 'ਤੇ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਕਿ ਕੋਈ ਵੀ ਅਣਸੁਖਾਵੀਂ ਘਟਨਾ ਨਾ ਵਾਪਰੇ। ਐੱਸ.ਐੱਸ.ਪੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਵੀ ਸ਼ੱਕੀ ਵਿਅਕਤੀ ਜਾਂ ਸ਼ੱਕੀ ਵਸਤੂ ?ਜਵੇਂ ਬੈਗ, ਟਿਫਨ ਸਮੇਤ ਹੋਰ ਕੋਈ ਚੀਜ਼ ?ਦਖਾਈ ਦਿੰਦੀ ਹੈ ਤਾਂ ਤੁਰੰਤ ਪੁਲਸ ਦੇ ਕੰਟਰੋਲ ਰੂਮ 'ਤੇ ਸੂਚਿਤ ਕੀਤਾ ਜਾਵੇ।





## ਹਾਦਸੇ ਨੇ ਉਜਾੜਿਆ ਹੱਸਦਾ-ਵੱਸਦਾ ਘਰ, ਪਤੀ-ਪਤਨੀ ਦੀ ਮੌਤ, ਡੇਢ ਮਹੀਨੇ ਦਾ ਬੱਚਾ ਗੰਭੀਰ ਜ਼ਖਮੀ

**ਕੌਮੀ ਪਤ੍ਰਿਕਾ**

ਦੀਨਾਨਗਰ 11 ਦਸੰਬਰ। ਬੀਤੀ ਦੇਰ ਰਾਤ ਬਹਿਰਾਮਪੁਰ ਤੋਂ ਬਾਹਮਣੀ ਰੋਡ 'ਤੇ ਸਥਿਤ ਦਰਸ਼ਨ ਪੈਲੇਸ ਨੇੜੇ ਵਾਪਰੇ ਭਿਆਨਕ ਹਾਦਸੇ ਵਿਚ ਪਤੀ-ਪਤਨੀ ਦੀ ਮੌਤ ਹੋ ਗਈ। ਇਹ ਹਾਦਸਾ ਉਦੋਂ ਵਾਪਰਿਆ ਜਦੋਂ ਮ੍ਰਿਤਕ ਵਿਅਕਤੀ ਸਾਈਕਲ 'ਤੇ ਸਵਾਰ ਹੋ ਕੇ ਆਪਣੀ ਪਤਨੀ ਅਤੇ ਡੇਢ ਮਹੀਨੇ ਦੇ ਬੱਚੇ ਸਮੇਤ ਆਪਣੇ ਪਿੰਡ ਨੂੰ ਆ ਰਿਹਾ ਸੀ। ਇਸ ਦੌਰਾਨ ਜਦੋਂ ਉਹ ਰਾਤ 8 ਵਜੇ ਦੇ ਕਰੀਬ ਪੈਲੇਸ ਨੇੜੇ ਪਹੁੰਚੇ ਤਾਂ ਅਚਾਨਕ ਕਿਸੇ ਅਣਪਛਾਤੇ ਵਾਹਨ ਨੇ ਉਨ੍ਹਾਂ ਦੇ ਸਾਈਕਲ ਨੂੰ ਟੱਕਰ ਮਾਰ ਦਿੱਤੀ ਜਿਸ ਕਾਰਨ ਪਤੀ-ਪਤਨੀ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਬੱਚਾ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਦੇ ਜਾਂਚ ਅਧਿਕਾਰੀ ਪ੍ਰੀਤਮ ਦਾਸ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸਮੀਰ ਰਾਣਾ ਵਾਸੀ ਝਿਲਮਿਲਾ ਨੇਪਾਲ ਨੇ ਦੱਸਿਆ ਕਿ ਮੇਰਾ ਜੀਜਾ ਅਮਰ ਰਾਣਾ (24) ਅਤੇ ਮੇਰੀ ਭੈਣ ਅਸਮੀ ਰਾਣਾ (20) ਵਾਸੀ ਬਨਹਾਰਾ ਨੇਪਾਲ ਜੋ ਪਰਿਵਾਰ ਸਮੇਤ ਪਿੰਡ ਮਜੀਠੀ ਵਿਖੇ ਇਕ ਪੋਲਟਰੀ ਫਾਰਮ 'ਤੇ ਰਹਿੰਦੇ ਸਨ। ਉਕਤ ਨੇ ਦੱਸਿਆ ਕਿ ਬੀਤੀ ਰਾਤ ਸਾਈਕਲ 'ਤੇ ਸਵਾਰ ਹੋ ਕੇ ਪਿੰਡ ਬਾਹਮਣੀ ਤੋਂ ਮਜੀਠੀ ਨੂੰ ਆ ਰਹੇ ਸਨ ਜਦੋਂ ਪੈਲੇਸ ਨੇੜੇ ਪੁੱਜੇ ਦਾ ਪਿੱਛੇ ਤੋਂ ਆ ਰਹੇ ਤੇਜ਼ ਰਫਤਾਰ ਅਣਪਛਾਤੇ ਵਾਹਨ ਨੇ ਟੱਕਰ ਮਾਰ ਦਿੱਤੀ ਜਿਸ ਕਾਰਨ ਸਾਈਕਲ ਸੜਕ ਕਿਨਾਰੇ ਲੱਗੇ ਸਫ਼ੈਦੇ ਵਿਚ ਵੱਜਣ ਕਾਰਨ ਪਤੀ-ਪਤਨੀ ਦੀ ਮੌਕੇ 'ਤੇ ਮੌਤ ਹੋ ਗਈ ਅਤੇ ਬੱਚਾ ਗੰਭੀਰ ਰੂਪ ਵਿਚ ਜ਼ਖ਼ਮੀ ਹੋ ਗਿਆ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਲਾਸ਼ਾਂ ਨੂੰ ਕਬਜ਼ੇ ਵਿਚ ਲੈ ਕੇ ਗੁਰਦਾਸਪੁਰ ਸਿਵਲ ਹਸਪਤਾਲ ਪੋਸਟਮਾਰਟਮ ਲਈ ਭੇਜ ਦਿੱਤਾ ਤੇ ਅਣਪਛਾਤੇ ਵਾਹਨ ਚਾਲਕ ਵਿਰੁੱਧ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

### ਇਕ ਹੋਰ ਪੰਜਾਬੀ ਮੁੰਡੇ ਦੀ ਮੌਤ ਦੀ ਵਜਹਾ ਬਣੀ ਵਲੈਤ ਗਈ ਵਹੁਟੀ !

ਲੁਧਿਆਣਾ 11 ਦਸੰਬਰ। ਸਾਢੇ ਤਿੰਨ ਮਹੀਨੇ ਪਹਿਲਾਂ ਕੋਰਟ ਮੈਰਿਜ ਕਰ ਕੇ ਇੰਗਲੈਂਡ ਗਈ ਪਤਨੀ ਵੱਲੋਂ ਪਤੀ ਦੇ ਨਾਲ ਗੱਲ ਕਰਨੀ ਬੰਦ ਕਰ ਦਿੱਤੀ ਗਈ, ਜਿਸ ਤੋਂ ਦੁਖੀ ਹੋ ਕੇ ਪਤੀ ਨੇ ਸਤਲੁਜ ਦਰਿਆ ਵਿਚ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ। ਇਸ ਮਗਰੋਂ ਥਾਣਾ ਮਿਹਰਬਾਨ ਦੀ ਪੁਲਸ ਨੇ ਪਤਨੀ ਤੇ ਉਸ ਦੇ ਪਰਿਵਾਰਕ ਮੈਂਬਰਾਂ ਖ਼?ਲਾਫ਼ ਖ਼ੁਦਕੁਸ਼ੀ ਕਰਨ ਲਈ ਮਜਬੂਰ ਕਰਨ ਦਾ ਮਾਮਲਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਬ ਇੰਸਪੈਕਟਰ ਪਰਮਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸ਼ਿਕਾਇਤਕਰਤਾ ਸਾਵਿਤਰੀ ਦੇਵੀ ਪਤਨੀ ਸਤਪਾਲ ਵਾਸੀ ਪਿੰਡ ਰਤਗੜ੍ਹ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ 15 ਸਤੰਬਰ ਨੂੰ ਉਸ ਦੇ ਪੁੱਤਰ ਸੁਨੀਲ ਕੁਮਾਰ ਨੇ ਕਿਰਨਦੀਪ ਕੌਰ ਦੇ ਨਾਲ ਕੋਰਟ ਮੈਰਿਜ ਕਰ ਕੇ ਵਿਆਹ ਕਰਵਾ ਲਿਆ ਸੀ, ਜਿਸ ਮਗਰੋਂ ਕਿਰਨਦੀਪ ਕੌਰ ਨੂੰ ਇੰਗਲੈਂਡ ਭੇਜਿਆ। ਇੰਗਲੈਂਡ ਪਹੁੰਚਣ ਮਗਰੋਂ ਕਿਰਨਦੀਪ ਕੌਰ ਨੇ ਸੁਨੀਲ ਕੁਮਾਰ ਨਾਲ ਗੱਲ ਕਰਨੀ ਬੰਦ ਕਰ ਦਿੱਤੀ। ਇਸ ਤੋਂ ਤੰਗ ਪ੍ਰੇਸ਼ਾਨ ਹੋ ਕੇ ਉਸ ਦੇ ਪੁੱਤਰ ਸੁਨੀਲ ਕੁਮਾਰ ਨੇ ਪਿੰਡ ਘੜੀ ਤੋਗੜ ਨੇੜੇ ਸਤਲੁਜ ਦਰਿਆ ਵਿਚ ਛਾਲ ਮਾਰ ਕੇ ਖ਼ੁਦਕੁਸ਼ੀ ਕਰ ਲਈ।

## ਤਰਨਤਾਰਨ 'ਚ ਆਵਾਰਾ ਕੁੱਤਿਆਂ ਦੀ ਭਰਮਾਰ, ਲੋਕ ਪ੍ਰੇਸ਼ਾਨ

ਤਰਨਤਾਰਨ 11 ਦਸੰਬਰ। ਤਰਨਤਾਰਨ ਸ਼ਹਿਰ ਅਤੇ ਇਸਦੇ ਆਸ-ਪਾਸ ਇਲਾਕਿਆਂ ਵਿਚ ਅਵਾਰਾ ਕੁੱਤਿਆਂ ਦੀ ਭਰਮਾਰ ਹੈ। ਅਵਾਰਾ ਕੁੱਤੇ ਝੁੰਡਾਂ ਵਿਚ ਗਲੀਆਂ, ਮੁਹੱਲਿਆਂ ਵਿਚ ਘੁੰਮਦੇ ਨਜ਼ਰ ਆ ਰਹੇ ਹਨ, ਜਿਸ ਕਾਰਨ ਲੋਕਾਂ ਵਿਚ ਇਨ੍ਹਾਂ ਅਵਾਰਾ ਕੁੱਤਿਆਂ ਦਾ ਖੌਫ਼ ਪਾਇਆ ਜਾ ਰਿਹਾ ਹੈ, ਕਿਉਂਕਿ ਇਨ੍ਹਾਂ ਅਵਾਰਾ ਕੁੱਤਿਆਂ ਵੱਲੋਂ ਲੋਕਾਂ ਨੂੰ ਵੱਢਿਆ ਜਾ ਰਿਹਾ ਹੈ। ਇਥੇ ਦੱਸਣਾ ਬਣਦਾ ਹੈ ਕਿ ਪੰਜਾਬ ਵਿਚ ਆਏ ਦਿਨ ਅਵਾਰਾ ਕੁੱਤਿਆਂ ਵੱਲੋਂ ਲੋਕਾਂ ਨੂੰ ਨੋਚ-ਨੋਚ ਕੇ ਖਾ ਜਾਣ ਦੀਆਂ ਘਟਨਾਵਾਂ ਸਾਹਮਣੇ ਆ ਰਹੀਆਂ ਹਨ ਪ੍ਰੰਤੂ ਪੰਜਾਬ ਸਰਕਾਰ ਇਨ੍ਹਾਂ ਅਵਾਰਾ ਕੁੱਤਿਆਂ



ਦੀ ਰੋਕਥਾਮ ਲਈ ਕੋਈ ਉੱਚਿਤ ਕਦਮ ਨਹੀਂ ਚੁੱਕ ਰਹੀ। ਤਰਨਤਾਰਨ ਸ਼ਹਿਰ ਵਿਚ ਅਵਾਰਾ ਕੁੱਤੇ ਝੁੰਡਾਂ ਦੇ ਰੂਪ ਵਿਚ ਸ਼ਹਿਰ ਦੀਆਂ ਸੜਕਾਂ ਅਤੇ ਗਲੀ-ਮੁਹੱਲਿਆਂ ਵਿਚ ਘੁੰਮ ਰਹੇ ਹਨ, ਜਿਸ ਕਾਰਨ ਲੋਕਾਂ ਵਿਚ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ। ਸਵੇਰ ਸਮੇਂ ਗੁਰਧਾਮਾਂ ਅਤੇ ਸੈਰ ਕਰਨ ਲਈ ਜਾਂਦੇ ਲੋਕਾਂ ਨੂੰ ਇਹ ਕੁੱਤੇ ਘੇਰ ਲੈਂਦੇ ਹਨ ਅਤੇ ਵੱਢਣ ਪੈਂਦੇ ਹਨ, ਇਸ ਤੋਂ ਇਲਾਵਾ ਰਾਤ ਸਮੇਂ ਤਾਂ ਇਹ ਅਵਾਰਾ ਕੁੱਤੇ ਇਕੱਲੇ ਜਾਂਦੇ ਵਿਅਕਤੀ ਨੂੰ ਘੇਰ ਕੇ ਨੋਚਣ ਤੱਕ ਚਲੇ ਜਾਂਦੇ ਹਨ। ਲੋਕਾਂ ਵਲੋਂ ਇਨ੍ਹਾਂ ਅਵਾਰਾ ਕੁੱਤਿਆਂ ਤੋਂ ਡਰਦੇ ਮਾਰੇ ਆਪਣੇ ਬੱਚਿਆਂ ਨੂੰ ਵੀ ਘਰਾਂ ਤੋਂ ਬਾਹਰ ਖੇਡਣ ਤੋਂ ਵੀ ਰੋਕਿਆ ਜਾਂਦਾ ਹੈ। ਸ਼ਹਿਰ ਨਿਵਾਸੀਆਂ ਨੇ ਕਿਹਾ ਕਿ ਅਵਾਰਾ ਕੁੱਤੇ ਵੱਡੀ ਗਿਣਤੀ ਵਿਚ ਘੁੰਮ ਰਹੇ ਹਨ, ਜਿਨ੍ਹਾਂ ਦੀ ਆਬਾਦੀ ਉਪਰ ਕੰਟਰੋਲ ਕਰਨ ਲਈ ਪੰਜਾਬ ਸਰਕਾਰ ਨੂੰ ਕਾਰਵਾਈ ਕਰਨ ਦੇ ਨਾਲ-ਨਾਲ ਇਨ੍ਹਾਂ ਦਾ ਟੀਕਾਕਰਨ ਵੀ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਜੋ ਇਨ੍ਹਾਂ ਦੇ ਕੱਟਣ ਨਾਲ ਕਿਸੇ ਨੂੰ ਬੀਮਾਰੀ ਨਾ ਲੱਗ ਸਕੇ।

## ਚਾਈਨਾ ਡੋਰ ਦੀ ਲਪੇਟ 'ਚ ਆਉਣ ਕਾਰਨ ਮੋਟਰਸਾਈਕਲ ਸਵਾਰ ਜ਼ਖਮੀ

ਕਾਠਗੜ੍ਹ 11 ਦਸੰਬਰ। ਪਤੰਗ ਉਡਾਉਣ ਦੇ ਸ਼ੁਰੂ ਸੀਜ਼ਨ ਦੇ ਨਾਲ ਹੀ ਚਾਈਨਾ ਡੋਰ ਦੀ ਵਰਤੋਂ ਵੀ ਸ਼ੁਰੂ ਹੋ ਗਈ ਹੈ ਪਰ ਇਸ ਦੀ ਵਰਤੋਂ ਦੇ ਨੁਕਸਾਨ ਵੀ ਸ਼ੁਰੂ ਹੋ ਗਏ ਹਨ। ਇਸੇ ਚਾਈਨਾ ਡੋਰ ਦੀ ਲਪੇਟ 'ਚ ਆਉਣ ਕਾਰਨ ਇਕ ਮੋਟਰਸਾਈਕਲ 'ਤੇ ਜਾ ਰਿਹਾ ਵਿਅਕਤੀ ਜ਼ਖ਼ਮੀ ਹੋ ਗਿਆ। ਪਿੰਡ ਬਨਾਂ ਦੇ ਨਿਵਾਸੀ ਜਗਦੀਸ਼ ਪੁੱਤਰ ਮਨਸਾ ਰਾਮ ਥਾਣੇਦਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਹ ਬੀਤੇ ਦਿਨ ਮੋਟਰਸਾਈਕਲ 'ਤੇ ਆਪਣੇ ਪਿੰਡ ਤੋਂ ਬਲਾਚੌਰ ਵੱਲ ਜਾ ਰਿਹਾ ਸੀ ਪਰ ਜਦੋਂ ਉਹ ਪਿੰਡ ਸੁੱਧਾ ਮਾਜਰਾ ਦੇ ਕੋਲ ਪਹੁੰਚਿਆ ਤਾਂ ਉਹ ਚਾਈਨਾ ਡੋਰ ਦੀ ਲਪੇਟ 'ਚ ਆ ਗਿਆ, ਜਿਸ ਨਾਲ ਉਸ ਦੀ ਅੱਖ ਦੇ ਨੇੜੇ ਕਾਫ਼ੀ ਵੱਡਾ ਜ਼ਖ਼ਮ ਹੋ ਗਿਆ। ਜਗਦੀਸ਼ ਨੇ ਦੱਸਿਆ ਕਿ ਉਹ ਬੜੀ ਮੁਸ਼ਕਿਲ ਨਾਲ ਬਲਾਚੌਰ ਦੇ ਸਰਕਾਰੀ ਹਸਪਤਾਲ 'ਚ ਪਹੁੰਚਿਆ ਅਤੇ ਆਪਣਾ ਇਲਾਜ ਉਹ ਬੀਤੇ ਦਿਨ ਮੋਟਰਸਾਈਕਲ 'ਤੇ ਆਪਣੇ ਪਿੰਡ ਤੋਂ ਬਲਾਚੌਰ ਵੱਲ ਜਾ ਰਿਹਾ ਸੀ ਪਰ ਜਦੋਂ ਉਹ ਪਿੰਡ ਸੁੱਧਾ ਮਾਜਰਾ ਦੇ ਕੋਲ ਪਹੁੰਚਿਆ ਤਾਂ ਕਰਵਾਇਆ। ਉਸ ਨੇ ਦੱਸਿਆ ਕਿ ਚਾਈਨਾ ਡੋਰ ਦੇ ਲੱਗੇ ਕੱਟ ਕਾਰਨ ਉਸ ਦੇ 6-7 ਟਾਂਕੇ ਲਗਾਏ ਗਏ ਹਨ। ਜਗਦੀਸ਼ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਖ਼ਤਰਨਾਕ ਡੋਰ 'ਤੇ ਪੂਰਨ ਪਾਬੰਦੀ ਲਗਾਈ ਜਾਵੇ ਤਾਂ ਜੋ ਲੋਕ ਹਾਦਸਿਆਂ ਦਾ ਸ਼ਿਕਾਰ ਨਾ ਹੋ ਸਕਣ।

## ਭਿਆਨਕ ਹਾਦਸੇ ਨੇ ਉਜਾੜਿਆ ਘਰ, ਨੌਜਵਾਨ ਕੁੜੀ ਦੀ ਮੌਤ

ਰਈਆ 11 ਦਸੰਬਰ। ਸ਼ਹੀਦ ਦਰਸ਼ਨ ਸਿੰਘ ਫੇਰੂਮਾਨ ਕਾਲਜ ਦੇ ਸਾਹਮਣੇ ਜੀ. ਟੀ. ਰੋਡ 'ਤੇ ਇਕ ਐਕਟਿਵਾ ਦੇ ਟਰੱਕ ਨਾਲ ਟਕਰਾਉਣ 'ਤੇ ਐਕਟਿਵਾ ਸਵਾਰ ਲੜਕੀ ਦੀ ਦਰਦਨਾਲ ਮੌਤ ਹੋਣ ਦਾ ਸਮਾਚਾਰ ਹੈ। ਮ੍ਰਿਤਕਾ ਦੀ ਪਛਾਣ ਨਵਪ੍ਰੀਤ ਕੌਰ ਪੁੱਤਰੀ ਬਲਬੀਰ ਸਿੰਘ ਵਾਰਡ ਨੰ. 11 ਰਈਆ ਖੁਰਦ ਵਜੋਂ ਹੋਈ ਹੈ। ਚੌਕੀ ਇੰਚਾਰਜ ਏ. ਐੱਸ. ਆਈ. ਅਮਨਜੀਤ ਸਿੰਘ ਨੇ ਮੌਕੇ 'ਤੇ ਪਹੁੰਚ ਕੇ ਟਰੱਕ ਅਤੇ ਲਾਸ਼ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਮੌਕੇ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਟਰੱਕ ਜਿਸ ਨੂੰ ਹਰਜਿੰਦਰ ਸਿੰਘ ਪੁੱਤਰ ਹਰਚਰਨ ਸਿੰਘ ਵਾਸੀ ਪੰਡੋਰੀ ਗੋਲਾ ਜ਼ਿਲਾ ਤਰਨਤਾਰਨ ਚਲਾ ਰਿਹਾ ਸੀ, ਬਾਬਾ ਬਕਾਲਾ ਵਲੋਂ ਰਈਆ ਵੱਲ ਆ ਰਿਹਾ ਸੀ। ਘਟਨਾ ਸਥਾਨ 'ਤੇ ਪਹੁੰਚ ਕੇ ਉਹ ਟਰੱਕ ਖੜ੍ਹਾ ਕਰ ਕੇ ਰਸਤਾ ਪੁੱਛ ਰਿਹਾ ਸੀ। ਇਸੇ ਦੌਰਾਨ ਮ੍ਰਿਤਕਾ ਜੋ ਅਕਾਲ ਹਸਪਤਾਲ ਰਈਆ ਵਿਖੇ ਨੌਕਰੀ ਕਰਦੀ ਹੈ, ਵੀ ਰਈਆ ਵੱਲ ਆ ਰਹੀ ਸੀ। ਘਟਨਾ ਸਥਾਨ 'ਤੇ ਪਹੁੰਚਦੇ ਹੀ ਉਸ ਦੀ ਸਕੂਟਰੀ ਬੇਕਾਬੂ ਹੋ ਕੇ ਟਰੱਕ ਨਾਲ ਟਕਰਾ ਗਈ। ਮ੍ਰਿਤਕਾ ਦਾ ਮੂੰਹ ਟਰੱਕ ਨਾਲ ਵੱਜਣ ਨਾਲ ਉਸ ਦੀ ਦਰਦਨਾਕ ਮੌਤ ਹੋ ਗਈ।

## ਪੰਜਾਬ ਪੁਲਸ ਦਾ ਐਕਸ਼ਨ ! ਵੱਡੀ ਮੁਸੀਬਤ 'ਚ ਫਸਿਆ ਮਸ਼ਹੂਰ ਸੋਸ਼ਲ ਮੀਡੀਆ ਇਨਫਲੂਐਂਸਰ

**ਕੌਮੀ ਪਤ੍ਰਿਕਾ**

ਲੁਧਿਆਣਾ 11 ਦਸੰਬਰ। ਸਾਈਬਰ ਕ੍ਰਾਈਮ ਪੁਲਸ ਸਟੇਸ਼ਨ ਲੁਧਿਆਣਾ ਨੇ ਸੋਸ਼ਲ ਮੀਡੀਆ 'ਤੇ ਭਾਈਚਾਰਕ ਸਾਂਝ ਵਿਗਾੜਨ ਵਾਲੀ ਸਮੱਗਰੀ ਪੋਸਟ ਕਰਨ ਦੇ ਦੋਸ਼ ਹੇਠ ਇਕ ਨੌਜਵਾਨ ਦੇ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਇਹ ਅਕਾਊਂਟ ਸੋਸ਼ਲ ਮੀਡੀਆ ਪਲੇਟਫ਼ਾਰਮ X 'ਤੇ ਚੱਲ ਰਿਹਾ ਸੀ। ਮੁਲਜ਼ਮ ਦੀ ਪਛਾਣ ਅਰਸ਼ਦੀਪ ਸਿੰਘ ਸੈਣੀ ਵਜੋਂ ਹੋਈ ਹੈ, ਜੋ @the_lama_singh ਨਾਂ ਦੇ ਅਕਾਊਂਟ ਤੋਂ ਫ਼ਰਵਰੀ 2019 ਤੋਂ ਐਕਟਿਵ ਸੀ। ਉਸ ਦੇ 13 ਹਜ਼ਾਰ ਤੋਂ ਵੀ ਫਾਲੋਅਰਜ਼ ਹਨ। ਸਾਈਬਰ ਕ੍ਰਾਈਮ ਵਿੰਗ ਦੀ ਸ਼ੁਰੂਆਤੀ ਜਾਂਚ ਮੁਤਾਬਕ ਇਹ ਅਕਾਊਂਟ ਲਗਾਤਾਰ ਅਜਿਹੀਆਂ ਪੋਸਟਾਂ ਪਾਉਂਦਾ ਸੀ, ਜਿਨ੍ਹਾਂ ਨੂੰ ਭੜਕਾਊ, ਭਾਈਚਾਰਕ ਸਾਂਝ ਤੋੜਨ ਵਾਲੀ ਤੇ ਮਾਹੌਲ ਖ਼ਰਾਬ ਕਰਨ ਦੀ ਸਮਰੱਥਾ ਰੱਖਣ ਵਾਲੀ ਮੰਨਿਆ ਗਿਆ ਹੈ। ਜਾਂਚ ਵਿਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਦੀਆਂ ਪੋਸਟਾਂ ਵਿਚ ਸਿੱਖ, ਹਿੰਦੂ ਤੇ ਮੁਸਲਮਾਨ ਭਾਈਚਾਰੇ ਦੇ ਲੋਕਾਂ ਨੂੰ ਨਿਸ਼ਾਨਾ ਬਣਾਇਆ




ਗਿਆ ਸੀ। ਇਸ ਦੇ ਨਾਲ ਹੀ ਸੂਬੇ ਨਾਲ ਜੁੜੇ ਸੰਵੇਦਨਸ਼ੀਲ ਮੁੱਦਿਆਂ, ਵਿਚਾਰਧਾਰਾਵਾਂ ਤੇ ਅਬਾਦੀ ਵਿਚ ਤਬਦੀਲੀ ਜਿਹੇ ਵਿਸ਼ਿਆਂ 'ਤੇ ਵੀ ਭੜਕਾਊ ਟਿੱਪਣੀਆਂ ਕੀਤੀਆਂ ਜਾਂਦੀਆਂ ਸਨ। ਪੁਲਸ ਮੁਤਾਬਕ, ਅਕਾਊਂਟ ਦਾ ਸੰਚਾਲਨ ਇਕ 'ਸੋਚੀ-ਸਮਝੀ ਰਣਨੀਤੀ' ਤਹਿਤ ਨਫ਼ਰਤ ਫ਼ੈਲਾਉਣ ਦੇ ਉਦੇਸ਼ ਨਾਲ ਕੀਤਾ ਜਾਂਦਾ ਸੀ ਤੇ ਯੂਜ਼ਰ ਖ਼ੁਦ ਨੂੰ ਕੱਟੜਪੰਥੀ ਸੋਚ ਵਾਲਾ ਪੇਸ਼ ਕਰਦਾ ਸੀ। ਅਕਾਊਂਟ ਦੀ ਗੀਚ ਵੇਖਦਿਆਂ ਸਾਈਬਰ ਕ੍ਰਾਈਮ ਸੈੱਲ ਨੇ ਤੁਰੰਤ ਕਾਰਵਾਈ ਕਰਦਿਆਂ 29 ਨਵੰਬਰ 2025 ਨੂੰ FIR ਨੰਬਰ 64 ਦਰਜ ਕੀਤੀ ਹੈ। ਮਾਮਲਾ ਭਾਰਤੀ ਨਿਆਂ ਸੰਹਿਤਾ ਤੇ ਆਈ. ਟੀ. ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਦਰਜ ਕੀਤਾ ਗਿਆ ਹੈ। ਪੰਜਾਬ ਪੁਲਸ ਨੇ ਕਿਹਾ ਕਿ ਸੋਸ਼ਲ ਮੀਡੀਆ 'ਤੇ ਨਫ਼ਰਤ, ਗਲਤ ਸੂਚਨਾ ਤੇ ਸਮਾਜ ਦੀ ਏਕਤਾ ਨੂੰ ਖ਼ਤਰੇ ਵਿਚ ਪਾਉਣ ਵਾਲੀਆਂ ਸਰਗਰਮੀਆਂ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ ਤੇ ਅਜਿਹੇ ਮਾਮਲਿਆਂ ਵਿਚ ਸਖ਼ਤ ਕਾਰਵਾਈ ਜਾਰੀ ਰਹੇਗੀ।

## ਦੁਕਾਨਦਾਰ ਦੇ ਕਤਲ ਮਗਰੋਂ ਇਕ ਹੋਰ ਕਰਿਆਨਾ ਸਟੋਰ 'ਤੇ ਵਾਰਦਾਤ, ਦਹਿਸ਼ਤ 'ਚ ਇਲਾਕਾ ਵਾਸੀ

ਤਰਨਤਾਰਨ 11 ਦਸੰਬਰ। ਤਰਨਤਾਰਨ ਸ਼ਹਿਰ ਦੇ ਜੰਡਿਆਲਾ ਰੋਡ ਫਾਟਕ ਦੇ ਨਜ਼ਦੀਕ ਬੀਤੀ ਰਾਤ ਦੋ ਲੁਟੇਰਿਆਂ ਵੱਲੋਂ ਪਿਸਤੌਲ ਦੀ ਨੋਕ 'ਤੇ ਇਕ ਕਰਿਆਨਾ ਦੁਕਾਨਦਾਰ ਕੋਲੋਂ 50 ਹਜ਼ਾਰ ਦੀ ਨਕਦੀ ਲੁੱਟ ਕੇ ਫਰਾਰ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਸੀ. ਸੀ. ਟੀ. ਵੀ. ਵਿਚ ਕੈਦ ਹੋਏ ਲੁਟੇਰੇ ਬੇਖੌਫ਼ ਹੋ ਕੇ ਦੁਕਾਨ ਵਿਚ ਦਾਖ਼ਲ ਹੋਏ ਅਤੇ ਫਿਰ ਪਿਸਤੌਲ ਵਿਖਾ ਕੇ ਕਾਊਂਟਰ ਦੇ ਗੱਲੇ ਵਿਚੋਂ 50 ਹਜ਼ਾਰ ਰੁਪਏ ਲੁੱਟ ਕੇ ਫਰਾਰ ਹੋ ਗਏ। ਇਸ ਘਟਨਾ ਨਾਲ ਇਲਾਕੇ ਵਿਚ ਦਹਿਸ਼ਤ ਦਾ ਮਾਹੌਲ ਪਾਇਆ ਜਾ ਰਿਹਾ ਹੈ ਕਿਉਂਕਿ ਪਿਛਲੇ ਦਿਨੀਂ ਪਿੰਡ ਭੁੱਲਰ ਵਿਖੇ ਦੋ ਲੁਟੇਰਿਆਂ ਵੱਲੋਂ ਇਕ ਕਰਿਆਨਾ ਦੁਕਾਨਦਾਰ ਦਾ ਕਤਲ ਕਰ ਦਿੱਤਾ ਗਿਆ ਸੀ। ਜਿਸ ਕਰ ਕੇ ਸਥਾਨਕ ਦੁਕਾਨਦਾਰਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਉਨ੍ਹਾਂ ਦੀ ਜਾਨ ਮਾਲ ਦੀ ਰਾਖ਼ੀ ਲਈ ਪੁਲਸ ਦੀ ਚੌਕਸੀ ਵਧਾਈ ਜਾਵੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੁਕਾਨਦਾਰ ਸੰਜੀਵ ਕੁਮਾਰ ਪੁੱਤਰ ਗਣੇਸ਼ ਦਾਸ ਵਾਸੀ ਤਰਨਤਾਰਨ ਨੇ ਦੱਸਿਆ ਕਿ ਜੰਡਿਆਲਾ ਰੋਡ 'ਤੇ ਉਸ ਦੀ ਕਰਿਆਨੇ ਦੀ ਦੁਕਾਨ ਹੈ। ਬੀਤੀ ਰਾਤ ਸਮਾਂ ਕਰੀਬ 8 ਵਜੇ ਜਦ ਉਹ ਆਪਣੇ ਪਿਤਾ ਗਣੇਸ਼ ਦਾਸ ਸਮੇਤ ਦੁਕਾਨ ਵਿਚ ਮੌਜੂਦ ਸੀ ਤਾਂ ਦੋ ਨਕਾਬਪੋਸ਼ ਲੁਟੇਰੇ ਆਏ, ਜਿਨ੍ਹਾਂ ਨੇ ਦੁਕਾਨ ਵਿਚ ਦਾਖ਼ਲ ਹੁੰਦਿਆਂ ਹੀ ਉਸ 'ਤੇ ਪਿਸਤੌਲ ਤਾਣ ਦਿੱਤੀ ਅਤੇ ਫਿਰ ਦੁਕਾਨ ਵਿਚ ਫਰੋਲਾ-ਫਰਾਲੀ ਕਰਨ ਲੱਗ ਪਏ। ਇਸ ਦੌਰਾਨ ਉਕਤ ਲੁਟੇਰੇ ਕਾਊਂਟਰ ਵਿਚ ਰੱਖੀ ਨਕਦੀ ਕਰੀਬ 50 ਹਜ਼ਾਰ ਰੁਪਏ ਲੁੱਟ ਕੇ ਫਰਾਰ ਹੋ ਗਏ ਅਤੇ ਉਨ੍ਹਾਂ ਨੂੰ ਧਮਕੀ ਵੀ ਦਿੱਤੀ। ਦੁਕਾਨਦਾਰ ਸੰਜੀਵ ਕੁਮਾਰ ਨੇ ਕਿਹਾ ਕਿ ਘਟਨਾ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਲੁਟੇਰਿਆਂ ਨੂੰ ਜਲਦੀ ਤੋਂ ਜਲਦੀ ਗ੍ਰਿਫ਼ਤਾਰ ਕੀਤਾ ਜਾਵੇ। ਇਸ ਸਬੰਧੀ ਵੱਖ-ਵੱਖ ਦੁਕਾਨਦਾਰਾਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਪੁਲਸ ਦੀ ਗਸ਼ਤ ਵਧਾਈ ਜਾਵੇ ਅਤੇ ਲੁੱਟਾਂ-ਖੋਹਾਂ ਕਰਨ ਵਾਲਿਆਂ ਨੂੰ ਨਕੇਲ ਪਾਈ ਜਾਵੇ। ਓਧਰ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਵੱਲੋਂ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ਼ ਦੇ ਆਧਾਰ 'ਤੇ ਲੁਟੇਰਿਆਂ ਦੀ ਭਾਲ ਲਈ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਸਾਬਕਾ ਮੰਤਰੀ ਧਰਮਸੋਤ, ਪਤਨੀ ਤੇ ਪੁੱਤਰ ਗੁਰਪ੍ਰੀਤ ਅਦਾਲਤ 'ਚ ਪੇਸ਼

ਮੋਹਾਲੀ 11 ਦਸੰਬਰ। ਈ. ਡੀ. ਵੱਲੋਂ ਮਨੀ ਲਾਂਡਰਿੰਗ ਤਹਿਤ ਦਰਜ ਮਾਮਲੇ 'ਚ ਸਾਬਕਾ ਕਾਂਗਰਸੀ ਮੰਤਰੀ ਸਾਧੂ ਸਿੰਘ ਧਰਮਸੋਤ, ਉਨ੍ਹਾਂ ਦੀ ਪਤਨੀ ਸ਼ੀਲਾ ਦੇਵੀ ਅਤੇ ਪੁੱਤਰ ਗੁਰਪ੍ਰੀਤ ਸਿੰਘ ਵਧੀਕ ਜ਼ਿਲ੍ਹਾ ਸੈਸ਼ਨ ਜੱਜ ਦੀ ਅਦਾਲਤ 'ਚ ਪੇਸ਼ ਹੋਏ। ਅਦਾਲਤ 'ਚ ਇਕ ਗਵਾਹ ਵੱਲੋਂ ਆਪਣੇ ਬਿਆਨ ਦਰਜ ਕਰਵਾਏ ਗਏ ਅਤੇ ਅਦਾਲਤ ਵੱਲੋਂ ਇਸ ਮਾਮਲੇ ਦੀ ਅਗਲੀ ਸੁਣਵਾਈ ਲਈ 111 ਦਸੰਬਰ ਦੀ ਤਾਰੀਖ਼ ਤੈਅ ਕੀਤੀ ਗਈ ਹੈ। ਧਰਮਸੋਤ



ਦੇ ਦੂਜੇ ਪੁੱਤਰ ਹਰਪ੍ਰੀਤ ਸਿੰਘ ਨੂੰ ਅਦਾਲਤ ਵੱਲੋਂ ਪਹਿਲਾਂ ਹੀ ਭਗੌੜਾ ਐਲਾਨਿਆ ਜਾ ਚੁੱਕਾ ਹੈ। ਜਾਣਕਾਰੀ ਅਨੁਸਾਰ ਵਿਜੀਲੈਂਸ ਵਲੋਂ ਦਰਜ ਕੀਤੀ ਗਈ ਐੱਫ. ਆਈ. ਆਰ. 'ਚ ਦੋਸ਼ ਲਾਇਆ ਗਿਆ ਹੈ ਕਿ ਧਰਮਸੋਤ ਵੱਲੋਂ ਕੀਤੀ ਆਮਦਨ 'ਤੇ ਕੀਤੇ ਗਏ ਖ਼ਰਚ ਦਾ ਚਾਰਟ 1 ਮਾਰਚ 2016 ਤੋਂ 31 ਮਾਰਚ 2022 ਤੱਕ ਦੀ ਜਾਂਚ ਮਿਆਦ ਦੇ ਸਬੰਧ 'ਚ ਜਾਇਦਾਦਾਂ ਦਾ ਪਤਾ ਲਾਉਣ ਲਈ ਤਿਆਰ ਕੀਤਾ ਗਿਆ ਹੈ ਅਤੇ ਇਸ ਅਨੁਸਾਰ ਇਹ ਪਾਇਆ ਗਿਆ ਕਿ ਸਾਧੂ ਸਿੰਘ ਧਰਮਸੋਤ ਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਇਸ ਦੌਰਾਨ 2,37,12,596.48 ਰੁਪਏ ਦੀ ਆਮਦਨ ਕੀਤੀ। ਉਪਰੋਕਤ ਇਸ ਚੈੱਕ ਪੀਰੀਅਡ ਦੌਰਾਨ 8,76,30,888.87 ਰੁਪਏ ਦਾ ਖ਼ਰਚਾ ਕੀਤਾ ਗਿਆ ਸੀ। ਇਸ ਤਰ੍ਹਾਂ ਧਰਮਸੋਤ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਆਪਣੀ ਆਮਦਨ ਦੇ ਸਰੋਤਾਂ ਤੋਂ ਵੱਧ 6,39,18,292.39 ਰੁਪਏ ਖ਼ਰਚ ਕੀਤੇ ਹਨ ਅਤੇ ਇਸ ਤਰ੍ਹਾਂ ਭ੍ਰਿਸ਼ਟਾਚਾਰ ਰੋਕਥਾਮ ਐਕਟ, 1988 ਦੀ ਧਾਰਾ 13 (1) (2) ਦੇ ਨਾਲ 13(2) ਤਹਿਤ ਕਥਿਤ ਅਪਰਾਧ ਕੀਤੇ ਹਨ। ਜਾਂਚ ਦੌਰਾਨ ਇਹ ਵੀ ਰਿਕਾਰਡ 'ਤੇ ਆਇਆ ਹੈ ਕਿ ਪਟੀਸ਼ਨਰ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੇ ਆਪਣੇ ਨਾਂ 'ਤੇ ਜਾਇਦਾਦਾਂ ਇਕੱਠੀਆਂ ਕੀਤੀਆਂ ਹਨ, ਜੋ ਕਥਿਤ ਤੌਰ 'ਤੇ ਉਨ੍ਹਾਂ ਦੀ ਆਮਦਨ ਦੇ ਜਾਣੇ-ਪਛਾਣੇ ਸਰੋਤਾਂ ਦੇ ਅਨੁਪਾਤ ਤੋਂ ਘੱਟ ਹਨ।

### ਪੰਜਾਬ ਬਚਾਓ ਮੋਰਚਾ ਦੇ ਪ੍ਰਧਾਨ ਤੇਜਸਵੀ ਮਿਨਹਾਸ ਗ੍ਰਿਫ਼ਤਾਰ

ਜਲੰਧਰ 11 ਦਸੰਬਰ। ਪੰਜਾਬ ਬਚਾਓ ਮੋਰਚਾ ਦੇ ਆਗੂ ਤੇਜਸਵੀ ਮਿਨਹਾਸ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਉਨ੍ਹਾਂ ਖ਼?ਲਾਫ਼ ਸੜਕ ਜਾਮ ਕਰਨ ਅਤੇ ਸਰਕਾਰੀ ਕੰਮ ਵਿੱਚ ਰੁਕਾਵਟ ਪਾਉਣ ਦਾ ਮਾਮਲਾ ਦਰਜ ਕੀਤਾ ਗਿਆ ਸੀ। ਉਨ੍ਹਾਂ ਦੀ ਗ੍ਰਿਫ਼ਤਾਰੀ ਹਾਲ ਹੀ ਵਿੱਚ ਪਾਸਟਰ ਅੰਕੁਰ ਨਰੂਲਾ ਖ਼?ਲਾਫ਼ ਧਾਰਮਿਕ ਪਰਿਵਰਤਨ ਅਤੇ ਕਥਿਤ ਗੈਰ-ਕਾਨੂੰਨੀ ਫੰਡਿੰਗ ਸਬੰਧੀ ਤਿੱਖੇ ਦੋਸ਼ ਲਗਾਉਣ ਤੋਂ ਬਾਅਦ ਹੋਈ ਹੈ। ਤੇਜਸਵੀ ਨੇ ਪਿਛਲੇ ਦਿਨ ਈ. ਡੀ. ਦਫ਼ਤਰ ਦੇ ਬਾਹਰ ਵਿਰੋਧ ਪ੍ਰਦਰਸ਼ਨ ਕੀਤਾ ਸੀ। ਵਿਰੋਧ ਪ੍ਰਦਰਸ਼ਨ ਦੌਰਾਨ ਤੇਜਸਵੀ ਦੀ ਮਾਡਲ ਟਾਊਨ ਪੁਲਸ ਨਾਲ ਤਿੱਖੀ ਬਹਿਸ ਹੋਈ ਸੀ, ਜਿਸ ਤੋਂ ਬਾਅਦ ਮਾਮਲਾ ਦਰਜ ਕੀਤਾ ਗਿਆ। ਤੇਜਸਵੀ ਨੇ ਅਦਾਲਤ ਵਿੱਚ ਜ਼ਮਾਨਤ ਪਟੀਸ਼ਨ ਦਾਇਰ ਕੀਤੀ ਪਰ ਉਸ ਦੀ ਜ਼ਮਾਨਤ ਅਰਜ਼ੀ ਰੱਦ ਕਰ ਦਿੱਤੀ ਗਈ।

## ਠੰਡ 'ਚ ਕਾਂਬੇ ਨੂੰ ਨਾ ਕਰੋ ਨਜ਼ਰਅੰਦਾਜ਼ ! ਬਚਾਅ ਲਈ ਸਿਹਤ ਵਿਭਾਗ ਵੱਲੋਂ ਐਡਵਾਈਜ਼ਰੀ ਜਾਰੀ

**ਕੌਮੀ ਪਤ੍ਰਿਕਾ**

ਗੁਰਦਾਸਪੁਰ 11 ਦਸੰਬਰ। ਇਨ੍ਹਾਂ ਦਿਨੀ ਘੱਟੋਂ ਘੱਟ ਤਾਪਮਾਨ ਵਿੱਚ ਭਾਰੀ ਗਿਰਾਵਟ ਹੋ ਰਿਹੀ ਹੈ। ਤੜਕਸਾਰ ਤਾਪਮਾਨ ਕਾਫੀ ਘੱਟ ਰਹਿ ਰਿਹਾ ਹੈ। ਅਜਿਹੇ ਹਾਲਾਤਾਂ ਵਿੱਚ ਸਿਹਤ ਵਿਭਾਗ ਨੇ ਜ਼ਰੂਰੀ ਹਿਦਾਇਤਾਂ ਜਾਰੀ ਕੀਤੀਆਂ ਹਨ। ਇਸ ਸਬੰਧੀ ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਨੇ ਦੱਸਿਆ ਕਿ ਠੰਡ ਵਿੱਚ ਸਰੀਰ ਦੀ ਚਮੜੀ ਫਿੱਕੀ, ਸੁੱਕੀ,ਸਖਤ ਅਤੇ ਸੁੰਨ ਹੋ ਜਾਂਦੀ ਹੈ। ਚਮੜੀ ਫੱਟਣ ਲੱਗ ਜਾਂਦੀ ਹੈ। ਸਰੀਰ ਤੇ ਕਾਲੇ ਛਾਲੇ ਹੋ ਸਕਦੇ ਹਨ। ਚਮੜੀ ਸੁੱਕੀ ਹੋਵੇ ਜਾਂ ਫਟੇ ਤਾਂ ਤੇਲ ਜਾਂ ਪੈਟਰੋਲੀਅਮ ਜੈਲੀ ਲਗਾਈ ਜਾਵੇ ।ਠੰਡ ਵਿੱਚ ਕਾਂਬਾ ਛਿੜਦਾ ਹੈ ਤਾਂ ਕਾਂਬੇ ਨੂੰ ਨਜ਼ਰਅੰਦਾਜ਼ ਨਾ ਕਰੋ, ਸਗੋਂ ਤੁਰੰਤ ਡਾਕਟਰ ਨੂੰ ਦੱਸਣਾ ਚਾਹੀਦਾ ਹੈ, ਕਿਉਂਕਿ ਕਈ ਵਾਰ ਬੁਖਾਰ ਦੀ ਸ਼ੁਰੂਆਤ ਹੀ ਕਾਂਬਾ ਛਿੜਨ ਨਾਲ ਹੁੰਦੀ ਹੈ ਅਤੇ ਜਦੋਂ ਨਜ਼ਰਅੰਦਾਜ਼ ਕੀਤਾ ਜਾਵੇ ਤਾਂ ਇਹ ਭਿਆਨਕ ਬੀਮਾਰੀ 'ਚ ਵੀ ਤਬਦੀਲ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਠੰਡ ਵਿੱਚ ਬੱਚੇ , ਬਜ਼ੁਰਗਾਂ ਤੇ ਬੀਮਾਰੀਆਂ ਤੋਂ ਪੀੜਤ ਲੋਕਾਂ ਦਾ ਖਾਸ ਖਿਆਲ ਰੱਖਿਆ ਜਾਵੇ । ਜ਼ਿਆਦਾ ਠੰਡ ਵਿੱਚ ਸੈਰ ਨਾ ਕੀਤੀ ਜਾਵੇ। ਡਾਕਟਰ ਮਹੇਸ਼ ਪ੍ਰਭਾਕਰ ਨੇ ਦੱਸਿਆ ਕਿ ਠੰਡ ਵਿੱਚ ਸਰੀਰ ਦੇ ਤਾਪਮਾਨ ਨੂੰ ਸੰਤੁਲਨ ਵਿੱਚ ਰੱਖਿਆ ਜਾਵੇ। ਪੌਸ਼ਟਿਕ ਭੋਜਨ ਕੀਤਾ ਜਾਵੇ । ਤਰਲ ਪਦਾਰਥ ਲੋੜੀਂਦੀ ਮਾਤਰਾ ਵਿੱਚ ਲਏ ਜਾਣ। ਜ਼ਿਆਦਾ ਕੈਫੀਨ ਵਾਲੇ ਪਦਾਰਥ ਨਾ ਲਏ ਜਾਣ। ਸ਼ਰਾਬ ਅਤੇ ਨਸ਼ੇ ਤੋਂ ਪਰਹੇਜ ਕੀਤਾ ਜਾਵੇ । ਗਰਮ ਕੱਪੜੇ ਪਾਏ ਜਾਣ ਪਰ ਖਿਆਲ ਰੱਖਿਆ ਜਾਵੇ ਕਿ ਟਾਇਟ ਕੱਪੜੇ ਨਾ ਪਾਏ ਜਾਣ ,ਕਿਉਂਕਿ ਇਸ ਨਾਲ ਖੂਨ ਦਾ ਦੌਰਾ ਰੁੱਕਦਾ ਹੈ। ਕਿਸੇ ਵੀ ਐਮਰਜੈਂਸੀ ਵੇਲੇ ਘਰੇਲੂ ਟੋਟਕੇ ਨਾ ਕਰਕੇ ਤੁਰੰਤ ਸਿਹਤ ਸੰਸਥਾ ਵਿੱਚ ਜਾਇਆ ਜਾਵੇ ।

## ਪੰਜਾਬ 'ਚ ਚੋਣਾਂ ਤੋਂ ਪਹਿਲਾਂ ਮਘੀ ਸਿਆਸਤ, ਕਾਂਗਰਸ ਵੱਲੋਂ ਇਨ੍ਹਾਂ ਹਲਕਿਆਂ 'ਚ ਚੋਣਾਂ ਦਾ ਮੁਕੰਮਲ ਬਾਈਕਾਟ

ਅੰਮ੍ਰਿਤਸਰ 11 ਦਸੰਬਰ। ਭਿੰਡੀ ਸੈਦਾ ਘਟਨਾ ਨੇ ਪੰਜਾਬ ਦੀ ਰਾਜਨੀਤੀ ਵਿਚ ਇਕ ਵੱਡੀ ਉਥਲ-ਪੁਥਲ ਮਚਾ ਦਿੱਤੀ ਹੈ। ਰਾਜਾਸਾਂਸੀ ਦੇ ਭਿੰਡੀ ਸੈਦਾ ਹਲਕੇ ਦੇ ਸਰਪੰਚ ਸੁਰਜੀਤ ਸਿੰਘ 'ਤੇ ਹਮਲੇ ਅਤੇ ਉਸ ਤੋਂ ਬਾਅਦ ਉਸ, ਉਸ ਦੇ ਪਰਿਵਾਰ, ਮੌਜੂਦਾ ਵਿਧਾਇਕ ਅਤੇ ਉਸ ਦੇ ਪੁੱਤਰ ਵਿਰੁੱਧ ਦਰਜ ਕੀਤੀ ਗਈ ਝੂਠੀ ਐੱਫ. ਆਈ. ਆਰ. ਦੇ ਵਿਰੋਧ ਵਿਚ ਰਾਜਾਸਾਂਸੀ, ਮਜੀਠਾ ਅਤੇ ਅਜਨਾਲਾ ਹਲਕਿਆਂ ਵਿਚ ਜ਼ਿਲਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦਾ ਮੁਕੰਮਲ ਬਾਈਕਾਟ ਕਰਨ ਦਾ ਐਲਾਨ ਕੀਤਾ ਹੈ। ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ, ਆਗੂ ਦਿਲਰਾਜ ਸਰਕਾਰੀਆ, ਸਾਬਕਾ ਵਿਧਾਇਕ ਹਰਪ੍ਰਤਾਪ ਅਜਨਾਲਾ ਅਤੇ ਭਗਵੰਤ ਪਾਲ ਸਿੰਘ ਸੱਚਰ ਨੇ ਸਾਂਝੇ ਤੌਰ 'ਤੇ ਗੱਲਬਾਤ ਕਰਦਿਆਂ ਕਿਹਾ ਕਿ ਸਰਕਾਰ ਨੇ ਪ੍ਰਸ਼ਾਸਨ ਅਤੇ ਪੁਲਸ ਦੀ ਮਦਦ ਨਾਲ ਚੋਣਾਂ ਨੂੰ ਆਪਣੇ ਹੱਕ ਵਿਚ ਕਰਨ ਦੀ ਕੋਸ਼ਿਸ਼ ਕੀਤੀ ਹੈ ਅਤੇ ਕਾਂਗਰਸ ਕਿਸੇ ਵੀ ਧੋਖਾਦੇਹੀ ਵਾਲੀ ਚੋਣ ਵਿਚ ਧਿਰ ਨਹੀਂ ਬਣੇਗੀ। ਔਜਲਾ ਨੇ ਕਿਹਾ ਕਿ ਉਹ ਨਹੀਂ ਚਾਹੁੰਦੇ ਕਿ ਕਿਸੇ ਨੂੰ ਸੁਰਜੀਤ ਸਿੰਘ ਵਾਂਗ ਦੁੱਖ ਹੋਵੇ, ਜਾਂ ਕਿਸੇ ਮਾਂ ਦੇ ਪੁੱਤਰ ਨੂੰ ਜ਼ਿੰਦਗੀ ਅਤੇ ਮੌਤ ਵਿਚਕਾਰ ਲਟਕਾਇਆ ਜਾਵੇ।

## ਵਿਆਹ 'ਤੇ ਜਾ ਰਹੇ ਵਿਅਕਤੀ ਦੇ ਪਰਿਵਾਰ ਨੂੰ ਰੋਕ ਕੇ ਕੀਤੀ ਕੁੱਟਮਾਰ

ਗੁਰੂਹਰਸਹਾਏ 11 ਦਸੰਬਰ। ਲੱਖੋਕੇ ਬਹਿਰਾਮ ਵਿਖੇ ਕਾਰ 'ਚ ਸਵਾਰ ਹੋ ਕੇ ਵਿਆਹ 'ਤੇ ਜਾ ਰਹੇ ਇਕ ਵਿਅਕਤੀ ਅਤੇ ਉਸ ਦੇ ਪਰਿਵਾਰ ਨੂੰ ਰੋਕ ਕੇ ਕੁੱਟਮਾਰ ਕਰਨ, ਸੋਨੇ ਦੇ ਗਹਿਣੇ ਲੈ ਕੇ ਜਾਣ ਅਤੇ ਗੱਡੀ ਦੇ ਸ਼ੀਸ਼ੇ ਤੋੜੇ ਦੇ ਦੋਸ਼




ਵਿਚ ਥਾਣਾ ਲੱਖੋਕੇ ਬਹਿਰਾਮ ਪੁਲਸ ਨੇ 5 ਵਿਅਕਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਸੁਖਵਿੰਦਰ ਸਿੰਘ ਪੁੱਤਰ ਕਿਰਪਾਲ ਸਿੰਘ ਵਾਸੀ ਲਖਮੀਰ ਕੇ ਉਤਾੜ ਨੇ ਦੱਸਿਆ ਕਿ ਮਿਤੀ 24 ਨਵੰਬਰ 2025 ਨੂੰ ਉਹ ਆਪਣੇ ਪਰਿਵਾਰ ਸਮੇਤ ਆਪਣੀ ਕਾਰ 'ਤੇ ਸਵਾਰ ਹੋ ਕੇ ਮੂੰਬੇ ਕੇ ਫਾਜ਼ਿਲਕਾ ਵਿਖੇ ਵਿਆਹ 'ਤੇ ਜਾ ਰਿਹਾ ਸੀ। ਜਦ ਉਹ ਪਿੰਡ ਲੱਖੋਕੇ ਬਹਿਰਾਮ ਤੋਂ ਥੋੜ੍ਹਾ ਅੱਗੇ ਕਰੀਬ ਡੇਢ ਕਿਲੋਮੀਟਰ ਨਹਿਰ ਤੋਂ ਥੋੜ੍ਹਾ ਪਿੱਛੇ ਸੀ ਤਾਂ ਦੋਸ਼ੀਅਨ ਹਰਜਿੰਦਰ ਸਿੰਘ ਉਰਫ਼ ਰਾਜੂ ਉਰਫ਼ ਬਿੱਲਾ ਪੁੱਤਰ ਜਸਵੰਤ ਸਿੰਘ, ਗੁਰਪ੍ਰੀਤ ਸਿੰਘ ਉਰਫ਼ ਗੋਰੀ ਪੁੱਤਰ ਕਰਨੈਲ ਸਿੰਘ, ਮਲਕੀਤ ਸਿੰਘ ਪੁੱਤਰ ਗੁਰਦੀਪ ਸਿੰਘ, ਰਾਜਪਾਲ ਸਿੰਘ ਉਰਫ਼ ਰਾਜੀ ਰੋਕ ਲਿਆ। ਸੁਖਵਿੰਦਰ ਸਿੰਘ ਨੇ ਦੱਸਿਆ ਕਿ ਉਕਤ ਦੋਸ਼ੀਅਨ ਨੇ ਸਾਡੀ ਕੁੱਟਮਾਰ ਕੀਤੀ ਤੇ ਉਨ੍ਹਾਂ ਦੇ ਪਾਇਆ ਸੋਨਾ 6 ਮੋਹਰਾ, ਇਕ ਸੋਨੇ ਦਾ ਕੜਾ, ਇਕ ਚੈਨ ਸੋਨੇ ਦੀ ਲਾਹ ਕੇ ਲੈ ਗਏ ਅਤੇ ਗੱਡੀ ਦੇ ਸ਼ੀਸ਼ੇ ਵੀ ਤੋੜ ਦਿੱਤੇ ਤੇ ਗੱਡੀ ਦਾ ਹੋਰ ਬਹੁਤ ਨੁਕਸਾਨ ਕੀਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖ਼?ਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## ਵੱਡੀ ਗੈਂਗਵਾਰ ਦੀ ਆਹਟ, ਇੰਦਰਪ੍ਰੀਤ ਪੈਰੀ ਦੇ ਕਤਲ ਕਾਂਡ ਵਿਚ ਸਨਸਨੀਖੇਜ਼ ਖ਼ੁਲਾਸਾ

**ਕੌਮੀ ਪਤ੍ਰਿਕਾ**

ਚੰਡੀਗੜ੍ਹ 11 ਦਸੰਬਰ। ਹੋਟਲ ਅਤੇ ਕਲੱਬ ਮਾਲਕਾਂ ਤੋਂ ਫਿਰੌਤੀ ਅਤੇ ਰਿਸ਼ਵਤ ਦੇ ਪੈਸੇ ਇਕੱਠੇ ਕਰਨਾ ਲਾਰੈਂਸ ਬਿਸ਼ਨੋਈ ਦੇ ਕਰੀਬੀ ਇੰਦਰਪ੍ਰੀਤ ਸਿੰਘ ਪੈਰੀ ਦੇ ਕਤਲ ਦਾ ਮੁੱਖ ਕਾਰਨ ਬਣਿਆ ਹੈ। ਪੈਰੀ ਪਹਿਲਾਂ ਲਾਰੈਂਸ ਲਈ ਪੈਸੇ ਇਕੱਠੇ ਕਰਦਾ ਸੀ ਪਰ ਕੁਝ ਸਮੇਂ ਤੋਂ ਗੋਲਡੀ ਬਰਾੜ ਲਈ ਕੰਮ ਕਰਨ ਲੱਗਾ ਸੀ। ਇਹ ਗੱਲ ਲਾਰੈਂਸ ਨੂੰ ਰਾਸ ਨਹੀਂ ਆ ਰਹੀ ਸੀ। ਇਸ ਤੋਂ ਇਲਾਵਾ ਪੈਰੀ ਲਾਰੈਂਸ ਗੈਂਗ ਦੀਆਂ ਗੱਲਾਂ ਵੀ ਗੋਲਡੀ ਬਰਾੜ ਨੂੰ ਦੱਸਦਾ ਸੀ। ਇਹ ਵੀ ਪੈਰੀ ਦੀ ਮੌਤ ਦਾ ਕਾਰਨ ਬਣਿਆ। ਦੁਬਈ 'ਚ ਜ਼ੋਰ ਸਿੱਧੂ ਉਰਫ਼ ਸਿੱਪਾ ਦੇ ਕਤਲ ਦੇ ਬਾਅਦ ਲਾਰੈਂਸ ਬਿਸ਼ਨੋਈ ਅਤੇ ਗੋਲਡੀ ਬਰਾੜ ਗੈਂਗ ਦੇ ਮੈਂਬਰ ਆਹਮੋ-ਸਾਹਮਣੇ ਹੋ ਗਏ ਹਨ। ਦੋਵਾਂ ਗਿਰੋਹਾਂ ਦੇ ਮੈਂਬਰ ਇਕ-ਦੂਜੇ ਦੇ ਦੁਸ਼ਮਣ ਬਣ ਗਏ ਅਤੇ ਇਸੇ ਦੁਸ਼ਮਣੀ ਕਾਰਨ ਪੈਰੀ ਦਾ ਕਤਲ ਹੋਇਆ ਹੈ। ਲਾਰੈਂਸ ਤੋਂ ਵੱਖ ਹੋ ਕੇ ਹੁਣ ਗੋਲਡੀ ਬਰਾੜ ਰੋਹਿਤ ਗੋਦਾਰਾ ਦੇ ਨਾਲ ਮਿਲ ਕੇ ਕੰਮ ਕਰ ਰਿਹਾ ਹੈ। ਇਸ ਨਾਲ ਹੋਂਦ ਦੀ ਲੜਾਈ ਅਤੇ ਵਸੂਲੀ ਦੇ ਧੰਦੇ



ਕਾਰਨ ਦੋਵਾਂ ਵਿਚਕਾਰ ਟਕਰਾਅ ਹੈ। ਚੰਡੀਗੜ੍ਹ ਵਿਚ ਦੋਵਾਂ ਗਿਰੋਹਾਂ ਦੇ ਮੈਂਬਰਾਂ ਵਿਚਕਾਰ ਜਲਦੀ ਹੀ ਗੈਂਗਵਾਰ ਹੋ ਸਕਦੀ ਹੈ। ਲਾਰੈਂਸ ਗੈਂਗ ਨੇ ਪੋਸਟ ਪਾ ਕੇ ਪੈਰੀ ਦੇ ਕਤਲ ਦੀ ਜ਼ਿੰਮੇਵਾਰੀ ਲਈ ਤਾਂ ਗੋਲਡੀ ਬਰਾੜ ਨੇ ਵੁਆਇਸ ਮੈਸੇਜ ਭੇਜ ਕੇ ਹਲਚਲ ਮਚਾ ਦਿੱਤੀ ਹੈ। ਲਾਰੈਂਸ ਨੇ ਖੁਦ ਪੈਰੀ ਨੂੰ ਫੋਨ ਕੀਤਾ ਸੀ : ਗੋਲਡੀ ਨੇ ਕਿਹਾ ਕਿ ਹਾਂ ਜੀ ਸਤਿ ਸ੍ਰੀ ਅਕਾਲ ਸਾਰੇ ਭਾਈਆਂ ਨੂੰ, ਮੈਂ ਗੋਲਡੀ ਬਰਾੜ। ਅੱਜ ਮੈਨੂੰ ਆਡੀਓ ਮੈਸੇਜ ਇਸ ਕਰ ਕੇ ਛੱਡਣਾ ਪੈ ਰਿਹਾ ਹੈ ਕਿ ਇੰਦਰਪ੍ਰੀਤ ਉਰਫ਼ ਪੈਰੀ ਸਾਡਾ ਭਰਾ ਸੀ, ਜਿਸ ਦਾ ਚੰਡੀਗੜ੍ਹ ਵਿਚ ਲਾਰੈਂਸ ਗਰੁੱਪ ਨੇ ਕਤਲ ਕਰਵਾਇਆ ਹੈ। ਉਹ ਤਾਂ ਹੁਣ ਬਹੁਤ ਕੁਝ ਕਹਿਣਗੇ ਕਿ ਪੈਰੀ ਆਹ ਕਰਦਾ ਸੀ, ਪੈਰੀ ਉਹ ਕਰਦਾ ਸੀ। ਕਲੱਬ ਵਾਲਿਆਂ ਤੋਂ ਪੈਸੇ ਇਕੱਠੇ ਕਰਦਾ ਸੀ ਪਰ ਕਿਸੇ ਨੂੰ ਇਸ ਗੱਲ ਦਾ ਪਤਾ ਨਹੀਂ ਹੈ ਕਿ ਲਾਰੈਂਸ ਨੇ ਖੁਦ ਪੈਰੀ ਨੂੰ ਫੋਨ ਲਗਾਇਆ ਅਤੇ ਕਿਹਾ ਕਿ ਕੋਈ ਪਰਿਵਾਰਕ ਗੱਲ ਕਰਨੀ ਹੈ, ਜਿਸ ਤੋਂ ਬਾਅਦ ਧੋਖੇ ਨਾਲ ਬੁਲਾ ਕੇ ਉਸ ਨੂੰ ਮਰਵਾ ਦਿੱਤਾ। ਸੈਕਟਰ-26 ਟਿੰਬਰ ਮਾਰਕੀਟ ਤੋਂ ਚੰਡੀਗੜ੍ਹ ਪੁਲਸ ਨੂੰ ਸੀ. ਸੀ. ਟੀ. ਵੀ. ਕੈਮਰੇ ਦੀ ਫੁਟੇਜ ਮਿਲੀ ਹੈ। ਫੁਟੇਜ ਵਿਚ ਸਾਫ਼ ਦਿਖ ਰਿਹਾ ਹੈ ਕਿ ਕਰੇਟਾ ਪੈਰੀ ਦੀ ਕਾਰ ਦੇ ਪਿੱਛੇ-ਪਿੱਛੇ ਚੱਲ ਰਹੀ ਸੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814
Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਕੋਰੀਅਰ ਰਾਹੀਂ ਅਫੀਮ ਭੇਜਣ ਦੇ ਮਾਮਲੇ ਵਿਚ ਪੁਲਸ ਨੇ ਔਰਤ ਸਣੇ ਦੋ ਕੀਤੇ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਮੋਗਾ 11 ਦਸੰਬਰ। ਮੋਗਾ ਦੇ ਇਕ ਮਸ਼ਹੂਰ ਕੋਰੀਅਰ ਵੱਲੋਂ ਵਿਦੇਸ਼ ਵਿਚ ਅਫੀਮ ਭੇਜਣ ਦੀ ਕੋਸ਼ਿਸ਼ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੁਲਸ ਨੇ ਜਾਂਚ ਕੀਤੀ ਅਤੇ ਇਕ ਔਰਤ ਸਮੇਤ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ। ਡੀ. ਐੱਸ. ਪੀ. ਸਿਟੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਬੀਤੀ ਅਕਤੂਬਰ ਵਿਚ ਇਕ ਔਰਤ ਨੇ ਜ਼ੀਰਾ ਰੋਡ 'ਤੇ ਸਥਿਤ ਇਕ ਕੋਰੀਅਰ ਸੰਚਾਲਕ ਰਾਹੀਂ ਆਪਣੇ ਪਤੀ ਨੂੰ ਵਿਦੇਸ਼ ਵਿਚ ਅਫੀਮ ਭੇਜਣ ਦੀ ਕੋਸ਼ਿਸ਼ ਕੀਤੀ ਸੀ। ਜਾਣਕਾਰੀ ਮਿਲਣ 'ਤੇ ਸਿਟੀ ਪੁਲਸ ਸਟੇਸ਼ਨ ਦੇ ਇੰਚਾਰਜ ਇੰਸਪੈਕਟਰ ਵਰੁਣ ਕੁਮਾਰ ਨੇ ਕੋਰੀਅਰ ਸੰਚਾਲਕ ਦੀ ਸ਼ਿਕਾਇਤ ਦੇ ਆਧਾਰ 'ਤੇ ਗੋਧੇਵਾਲਾ ਬਸਤੀ ਦੀ ਰਹਿਣ ਵਾਲੀ ਮਨਦੀਪ ਕੌਰ ਅਤੇ ਉਸਦੇ ਪਤੀ ਸਰਤਾਜ ਸਿੰਘ ਵਿਰੁੱਧ ਮਾਮਲਾ ਦਰਜ ਕੀਤਾ। ਥਾਣਾ ਮੁਖੀ ਇੰਸਪੈਕਟਰ ਵਰੁਣ ਕੁਮਾਰ ਨੇ ਦੱਸਿਆ ਕਿ ਜ਼ਿਲਾ ਪੁਲਸ ਮੁਖੀ ਦੇ ਨਿਰਦੇਸ਼ਾਂ 'ਤੇ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਗਿਆ ਅਤੇ ਜਾਂਚ ਕੀਤੀ ਗਈ ਤਾਂ ਉਸ ਵਿਚ ਮਨਦੀਪ ਕੌਰ ਦੀ ਸੱਸ ਗੁਲਸ਼ਨਜੀਤ ਕੌਰ ਦੇ ਇਲਾਵਾ ਕੁਲਦੀਪ ਕੌਰ ਅਤੇ ਮਨਜੀਤ ਸਿੰਘ ਨੂੰ ਨਾਮਜ਼ਦ ਕਰ ਕੇ ਕੁਲਦੀਪ ਕੌਰ ਅਤੇ ਮਨਜੀਤ ਸਿੰਘ ਨੂੰ ਕਾਬੂ ਕਰ ਲਿਆ ਹੈ। ਮਨਦੀਪ ਕੌਰ ਨੂੰ ਕੁਝ ਦਿਨ ਪਹਿਲਾਂ ਪੁਲਸ ਨੇ ਗ੍ਰਿਫ਼ਤਾਰ ਕੀਤਾ ਸੀ ਅਤੇ ਅਦਾਲਤ ਨੇ ਉਨ੍ਹਾਂ ਨੂੰ ਨਿਆਂਇਕ ਹਿਰਾਸਤ ਵਿਚ ਭੇਜ ਦਿੱਤਾ ਸੀ। ਥਾਣਾ ਇੰਚਾਰਜ ਨੇ ਦੱਸਿਆ ਕਿ ਪੁੱਛ-ਗਿੱਛ ਤੋਂ ਬਾਅਦ ਕੁਲਦੀਪ ਕੌਰ ਅਤੇ ਮਨਜੀਤ ਸਿੰਘ ਨੂੰ ਅਦਾਲਤ ਵਿਚ ਪੇਸ਼ ਕੀਤਾ ਗਿਆ। ਗੁਲਸ਼ਨਜੀਤ ਕੌਰ ਨੂੰ ਫੜਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਥਿਤ ਦੋਸ਼ੀ ਸਰਤਾਜ ਸਿੰਘ, ਜੋ ਕਿ ਕੈਨੇਡਾ ਵਿਚ ਰਹਿੰਦਾ ਹੈ, ਵਿਰੁੱਧ ਐੱਲ. ਓ. ਸੀ. ਜਾਰੀ ਕਰ ਦਿੱਤੀ ਗਈ ਹੈ, ਤਾਂ ਜੋ ਉਸਨੂੰ ਹਵਾਈ ਅੱਡੇ 'ਤੇ ਗ੍ਰਿਫ਼ਤਾਰ ਕੀਤਾ ਜਾ ਸਕੇ।



## ਪੰਜਾਬ ਦੇ ਸਭ ਤੋਂ ਮਹਿੰਗੇ ਟੋਲ ਪਲਾਜ਼ੇ 'ਤੇ ਸਨਸਨੀਖੇਜ਼ ਵਾਰਦਾਤ ! ਪੈ ਗਈਆਂ ਭਾਜੜਾਂ

ਲੁਧਿਆਣਾ 11 ਦਸੰਬਰ। ਪੰਜਾਬ ਦੇ ਸਭ ਤੋਂ ਮਹਿੰਗੇ ਲਾਡੋਵਾਲ ਟੋਲ ਪਲਾਜ਼ਾ 'ਤੇ ਵੀ.ਆਈ.ਪੀ. ਲਾਈਨ ਤੋਂ ਲੰਘ ਰਹੇ ਡਰਾਈਵਰਾਂ ਨੇ ਟੋਲ ਪਲਾਜ਼ਾ 'ਤੇ ਗੋਲੀਆਂ ਚਲਾ ਦਿੱਤੀਆਂ, ਜਿਸ ਤੋਂ ਬਾਅਦ ਮੌਕੇ 'ਤੇ ਹਫੜਾ-ਦਫੜੀ ਮੱਚ ਗਈ ਅਤੇ ਟੋਲ 'ਤੇ ਕੰਮ ਕਰਨ ਵਾਲੇ ਕਰਮਚਾਰੀ ਆਪਣੀ ਜਾਨ ਬਚਾਉਣ ਲਈ ਇੱਧਰ-ਉੱਧਰ ਭੱਜਣ ਲੱਗ ਪਏ। ਟੋਲ ਪਲਾਜ਼ਾ ਮੈਨੇਜਰ ਵਿਪਿਨ ਰਾਏ ਨੇ ਦੱਸਿਆ ਕਿ ਬੀਤੀ ਰਾਤ 10 ਵਜੇ ਦੇ ਕਰੀਬ, ਲੁਧਿਆਣਾ ਵੱਲੋਂ ਆ ਰਹੇ ਕਈ ਨੌਜਵਾਨ ਬਿਨਾਂ ਟੋਲ ਅਦਾ ਕੀਤੇ ਵੀ.ਆਈ.ਪੀ. ਲਾਈਨ ਰਾਹੀਂ ਆਪਣੇ ਵਾਹਨ ਲੈ ਕੇ ਜਾਣਾ ਚਾਹੁੰਦੇ ਸਨ। ਪਰ ਜਦੋਂ ਟੋਲ ਕਰਮਚਾਰੀਆਂ ਨੇ ਉਨ੍ਹਾਂ ਨੂੰ ਰੋਕਿਆ ਤਾਂ ਡਰਾਈਵਰਾਂ ਨੇ ਟੋਲ ਪਲਾਜ਼ਾ 'ਤੇ ਗੋਲੀਆਂ ਚਲਾ ਦਿੱਤੀਆਂ। ਇੰਨਾ ਹੀ ਨਹੀਂ, ਡਰਾਈਵਰਾਂ ਨੇ ਟੋਲ ਕਰਮਚਾਰੀਆਂ 'ਤੇ ਇੱਟਾਂ-ਪੱਥਰਾਂ ਨਾਲ ਵੀ ਹਮਲਾ ਕਰ ਦਿੱਤਾ। ਜਦੋਂ ਉਕਤ ਮਾਮਲੇ ਸਬੰਧੀ ਥਾਣਾ ਮੁਖੀ ਗੁਰਸ਼ਿੰਦਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਪੁਲਸ ਫਿਲਹਾਲ ਉਕਤ ਮਾਮਲੇ ਦੀ ਜਾਂਚ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਲਦੀ ਹੀ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਜਾਵੇਗਾ ਅਤੇ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਜਾਵੇਗੀ।

## ਬਾਂਦਰਾਂ ਨੇ ਢਾਹਿਆ ਕਹਿਰ ! ਛਾਲਾਂ ਮਾਰ-ਮਾਰ ਸੁੱਟ'ਤੀ ਬਾਲਕਨੀ, ਹੇਠਾਂ ਸੁੱਤੇ ਬੰਦੇ ਦੀ ਹੋਈ ਮੌਤ

ਨੈਸ਼ਨਲ ਡੈਸਕ 11 ਦਸੰਬਰ। ਉੱਤਰ ਪ੍ਰਦੇਸ਼ ਦੇ ਸ਼ਾਹਜਹਾਂਪੁਰ ਜ਼ਿਲ੍ਹੇ ਵਿੱਚ ਇੱਕ ਵਿਅਕਤੀ ਦੀ ਬਾਲਕੋਨੀ ਦੇ ਮਲਬੇ ਹੇਠ ਦੱਬਣ ਕਾਰਨ ਮੌਤ ਹੋ ਗਈ, ਜੋ ਬਾਂਦਰਾਂ ਦੁਆਰਾ ਛਾਲ ਮਾਰਨ ਤੋਂ ਬਾਅਦ ਡਿੱਗ ਗਈ ਸੀ। ਪੁਲਸ ਨੇ ਕਿਹਾ ਕਿ ਘਟਨਾ ਵਾਪਰਨ ਵੇਲੇ ਪੀੜਤ ਇੱਕ ਮੰਜੇ 'ਤੇ ਪਿਆ ਸੀ ਅਤੇ ਮਲਬਾ ਹੇਠ ਦੱਬਿਆ ਗਿਆ। ਪੁਲਸ ਸਰਕਲ ਅਫ਼ਸਰ (ਤਿਲਹਰ) ਜੋਤੀ ਯਾਦਵ ਨੇ ਬੁੱਧਵਾਰ ਨੂੰ ਦੱਸਿਆ ਕਿ ਜੈਤੀਪੁਰ ਥਾਣਾ ਖੇਤਰ ਦੇ ਖੇੜਾ ਰੱਥ ਪਿੰਡ ਦਾ ਰਹਿਣ ਵਾਲਾ ਉਮੇਸ਼ ਕੁਮਾਰ (35) ਆਪਣੇ ਘਰ ਦੇ ਬਾਹਰ ਇੱਕ ਬਾਲਕੋਨੀ ਹੇਠ ਪਿਆ ਸੀ। ਉਨ੍ਹਾਂ ਕਿਹਾ ਕਿ ਮੰਗਲਵਾਰ ਦੇਰ ਰਾਤ ਬਾਂਦਰਾਂ ਦੇ ਇੱਕ ਸਮੂਹ ਨੇ ਬਾਲਕੋਨੀ 'ਤੇ ਛਾਲ ਮਾਰ ਦਿੱਤੀ, ਜਿਸ ਕਾਰਨ ਬਾਲਕੋਨੀ ਭਾਰੀ ਭਾਰ ਕਾਰਨ ਡਿੱਗ ਗਈ, ਜਿਸ ਨਾਲ ਕੁਮਾਰ ਦੀ ਮੌਤ ਹੋ ਗਈ। ਸੂਚਨਾ ਮਿਲਣ ਤੋਂ ਬਾਅਦ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਕੁਮਾਰ ਦੀ ਲਾਸ਼ ਮਲਬੇ ਤੋਂ ਬਾਹਰ ਕੱਢ ਲਈ। ਫਿਲਹਾਲ ਪੁਲਸ ਨੇ ਪੰਚਨਾਮਾ ਪ੍ਰਕਿਰਿਆ ਪੂਰੀ ਕਰ ਲਈ ਹੈ। ਪਰਿਵਾਰ ਨੇ ਲਾਸ਼ ਦਾ ਪੋਸਟਮਾਰਟਮ ਕਰਵਾਉਣ ਤੋਂ ਇਨਕਾਰ ਕਰ ਦਿੱਤਾ ਹੈ।

# ਜ਼ੀਰਕਪੁਰ 'ਚ ਆਇਆ ਬਾਰਾਸਿੰਘਾ, ਲੋਕਾਂ ਨੇ ਘਰਾਂ ਦੇ ਦਰਵਾਜ਼ੇ ਕੀਤੇ ਬੰਦ, ਮਚੀ ਹਫੜਾ-ਦਫੜੀ

ਜ਼ੀਰਕਪੁਰ 11 ਦਸੰਬਰ। ਸੈਣੀ ਵਿਹਾਰ ਫ਼ੇਜ਼-2 ਕਾਲੋਨੀ 'ਚ ਸਵੇਰ ਦੀ ਸੈਰ ਕਰਨ ਨਿਕਲੇ ਲੋਕਾਂ ਨੂੰ ਬਾਰਾਸਿੰਘਾ ਦਿੱਸਣ ਤੋਂ ਬਾਅਦ ਹਫੜਾ-ਦਫੜੀ ਮਚ ਗਈ। ਇਹ ਬਾਰਾ ਸਿੰਘਾ ਜੰਗਲ ਤੋਂ ਭਟਕ ਕੇ ਕਾਲੋਨੀ 'ਚ ਆ ਪਹੁੰਚਿਆ ਸੀ। ਤੜਕੇ ਕਾਲੋਨੀ ਦੀਆਂ ਗਲੀਆਂ 'ਚ ਘੁੰਮ ਰਿਹਾ ਬਾਰਾ ਸਿੰਘਾ ਲੋਕਾਂ ਦੀਆਂ ਨਜ਼ਰ 'ਚ ਆਇਆ ਤਾਂ ਉਹ ਘਰਾਂ ਅੰਦਰ ਵੜ ਗਏ ਤੇ ਦਰਵਾਜ਼ੇ ਬੰਦ ਕਰ ਲਏ। ਹਾਲਾਂਕਿ ਇਕ ਘਰ 'ਚ ਲੱਗੇ ਸੀ. ਸੀ. ਟੀ. ਵੀ. ਕੈਮਰੇ 'ਚ ਬਾਰਾ ਸਿੰਘਾ ਸ਼ਾਂਤੀ ਨਾਲ ਕਾਲੋਨੀ ਪਾਰ ਕਰਦਾ ਨਜ਼ਰ ਆ ਰਿਹਾ ਹੈ। ਇਸ ਕਾਰਨ ਕੋਈ ਜਾਨੀ ਜਾਂ ਮਾਲੀ ਨੁਕਸਾਨ ਦੀ ਜਾਣਕਾਰੀ ਸਾਹਮਣੇ ਨਹੀਂ ਆਈ। ਕਾਲੋਨੀ ਦੇ ਪ੍ਰਧਾਨ ਪ੍ਰਵੀਨ ਸ਼ਰਮਾ ਨੇ ਦੱਸਿਆ ਕਿ ਬਲਟਾਣਾ ਖੇਤਰ ਨਾਲ ਲੱਗਦੀ ਸੁਖਨਾ ਝੀਲ ਦੇ ਚੰਡੀਗੜ੍ਹ ਰਾਹੀਂ ਸੁਖਨਾ ਝੀਲ ਨਾਲ ਜੁੜਦੀ ਹੈ, ਸੰਘਣੇ ਜੰਗਲ ਨਾਲ ਘਿਰੀ ਹੋਈ ਹੈ। ਇਸ ਖੇਤਰ 'ਚ ਬਾਰਾਂ ਸਿੰਘੇ ਸਮੇਤ ਕਈ ਹੋਰ ਜੰਗਲੀ ਜਾਨਵਰ ਅਕਸਰ ਦੇਖਣ ਨੂੰ ਮਿਲਦੇ ਹਨ। ਸੰਭਵ ਹੈ ਕਿ ਦੇਰ ਰਾਤ ਜਾਨਵਰ ਰਸਤਾ ਭਟਕ ਗਿਆ ਹੋਵੇ ਤੇ ਰਿਹਾਇਸ਼ੀ ਖੇਤਰ 'ਚ ਦਾਖ਼ਲ ਹੋ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਵਾਰਡ ਜਾਂ ਬਲਟਾਣਾ ਦੀ ਕਿਸੇ ਹੋਰ ਕਾਲੋਨੀ ਤੋਂ ਇਸ ਤਰ੍ਹਾਂ ਦੇ ਕਿਸੇ ਜਾਨਵਰ ਦੇਖੇ ਜਾਣ ਦੀ ਜਾਣਕਾਰੀ ਨਹੀਂ ਮਿਲੀ। ਉਨ੍ਹਾਂ ਦੱਸਿਆ ਕਿ ਇਸ ਖੇਤਰ 'ਚ ਜਾਨਵਰ ਵੱਲੋਂ ਕਿਸੇ ਵਾਹਨ ਨੂੰ ਨੁਕਸਾਨ ਪਹੁੰਚਾਉਣ ਦੀ ਕੋਈ ਜਾਣਕਾਰੀ ਨਹੀਂ ਮਿਲੀ।

### NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

### NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

### NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

### NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

### NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

### NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

### NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

### PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

### PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR -2211-005020356. The actual name of mine is INDU CHAUHAN which may be amended accordingly

### PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

### NAME CHANGE
I, hitherto known as ASHISH KUMAR RATHOR S/O PURAN LAL R/O Q-48, RAJEEV NAGAR BEGUM PUR, NORTH WEST DELHI, DELHI-110086, have changed my name and shall hereafter be known as RAZA AHMED.

### NAME CHANGE
It is for general information that I ASHISH KUMAR SINHA S/o KHAGEN CHANDRA SINHA R/o House No. 67, Alipur Road, Near Kasturi Ram College, Kureni, North West Delhi, Delhi - 110040, declare that name of my wife and my minor Daughter has been wrongly written as PINKI SINHA and ANUGYA SINHA in my minor Daughter namely ANUGYA aged 16 year in her 10th Class Educational Documents. The actual name of my wife and my minor daughter are PINKI KUMARI and ANUGYA, which may be amended accordingly.

### PUBLIC NOTICE
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

### NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

### NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

### NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

### NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

### NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

### NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

### NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

### NAME CHANGE
It is for general information that I, DINDAYAL KAPIL S/o BANWAR LAL KAPIL, R/o RZ-12 G, Gali No. 3, Gandhi Market, New Delhi, West Sagar Pur, South West Delhi, Delhi - 110046, declare that name of mine has been wrongly written as DIN-DAYAL in my PPO No. 08/14/8/05982/1994. The actual name of mine is DINDAYAL KAPIL, which may be amended accordingly.

### PUBLIC NOTICE
It is for general information that I, NIDHI AGGARWAL YADAV D/o VIRENDER KUMAR AGGARWAL, and Ex. Wife of AMIT YADAV, R/o H.No E-12, Hauz Khas, South West Delhi-110016, declare that I got divorce from my Ex. Husband AMIT YADAV vide Court Decree HMA No. 603/2019 dated 30 - 04-2019, further I have changed my name and shall hereafter be known as NIDHI AGGARWAL. I also have changed the name of my minor Son namely AAYAN YADAV, aged 16 years and my minor daughter namely ARSHIYA YADAV, aged 13 years and they shall hereafter be known as AAYAN AGGARWAL and ARSHIYA AGGARWAL respectively, which may be amended accordingly.

### NAME CHANGE
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

### NAME CHANGE
I, Sansare Amrut Narayan father of No.4580889H Rank-Hav Name Sansare Ravindra Amrut residing at Vill. Deolali Pravara, Tehsil - Rahuri, District.Ahilyanagar, Maharashtra - 413716 have changed my name from Sansare Amrut Narayan to Amrut Narayan Sansare vide affidavit dated 15.07.2025 executed before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

### NAME CHANGE
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

### PUBLIC NOTICE
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

### NAME CHANGE
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

### NAME CHANGE
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

### NAME CHANGE
I Suvita Rana(d/o.Shri Omvir Singh) wife of Vikram Singh Rana was Suvita Rani before Marriage. After marriage I am also known as Suvita Rana and as such in my daughter's educational certificate my name (as her mother) is endorsed as Suvita Rana. Thus I affirm and confirm that Suvita Rani (my maiden name) and Suvita Rana (my name having surname of my husband Vikram Singh Rana) is the same person.

### NAME CHANGE
I, HASINA BEGAM KHAN W/O SALIM IQBAL KHAN R/O TAURU ROAD, MARIA MANJIL SCHOOL ,ARAVALY COLONY, NUH, MEWAT, HARYANA-122107 HAVE CHANGED MY NAME TO HASINA BEGAM FOR ALL PURPOSE.

### NAME CHANGE
I, Sudama Sharma S/O Devi Ram Sharma,R/O A - 3/106 - 107 , Sector-16 Rohini, Rohini Sector 15, North West Delhi, Delhi - 110089, have changed the name of my minor son namely Yash Sharma aged 15 years and he shall hereafter be known as Aayush Sharma.

### NAME CHANGE
ਮਾਰਗ੍ਰੇਟ ਉੱਥੇ ਹੀ ਕਾਰਜਸ਼ੀਲ ਸੀ, ਜਿੱਥੇ ਸਰਕਾਰ ਅਕਸਰ ਹੀ ਛਾਪੇ ਮਾਰਦੀ ਰਹਿੰਦੀ ਸੀ। ਉਸ ਨੇ ਉੱਥੇ ਕਈ ਧਰਮ ਪੱਤਰ ਲਿਖੇ। ਇਸ ਕਾਰਜ ਲਈ ਉਸ ਨੇ ਧਨ ਵੀ ਇਕੱਠਾ ਕੀਤਾ। ਆਪਣੇ ਪਤੀ ਦੀ 1658 ਵਿਚ ਹੋਈ ਮੌਤ ਤੋਂ ਬਾਅਦ, ਉਸ ਨੇ ਇਸ ਸੰਸਥਾ ਦਾ ਸਾਰਾ ਪ੍ਰਬੰਧ ਆਪਣੇ ਹੱਥਾਂ ਵਿਚ ਲੈ ਲਿਆ। ਉਸ ਨੇ ਕਿੰਗ ਚਾਰਲਸ ਦੂਜੇ ਕੋਲ ਪਟੀਸ਼ਨ ਕਰਨ ਲਈ ਲੰਡਨ ਦੀ ਯਾਤਰਾ ਵੀ ਕੀਤੀ। ਉਸ ਨੇ ਇਸ ਪਟੀਸ਼ਨ ਵਿਚ ਧਾਰਮਿਕ ਮਸਲਿਆਂ ਵਿਚ ਅੰਤਰਆਤਮਾ ਦੀ ਆਜ਼ਾਦੀ ਦੀ ਮੰਗ ਕੀਤੀ ਸੀ ਪ੍ਰੰਤੂ 1664 ਵਿਚ ਮਾਰਗ੍ਰੇਟ ਨੂੰ ਆਪਣੇ ਘਰ ਵਿਚ ਕੁਐਕਰਾਂ ਦੀ ਮੀਟਿੰਗ ਕਰਾਉਣ ਦੇ ਦੋਸ਼ ਵਿਚ ਗ੍ਰਿਫ਼ਤਾਰ ਕਰ ਲਿਆ ਗਿਆ। ਮੁਕੱਦਮੇ ਤੋਂ ਬਾਅਦ ਉਸ ਨੂੰ ਉਮਰ ਕੈਦ ਕਰ ਦਿੱਤਾ ਗਿਆ ਅਤੇ ਉਸ ਦੀ ਜਾਇਦਾਦ ਜ਼ਬਤ ਕਰ ਲਈ ਗਈ। ਉਹ 1668 ਤਕ ਜੇਲ੍ਹ ਵਿਚ ਰਹੀ। ਇਸ ਸਮੇਂ ਵੀ ਉਹ ਧਾਰਮਿਕ ਪੈਂਫਲਿਟ ਅਤੇ ਧਰਮ ਪੱਤਰ ਲਿਖਦੀ ਰਹੀ। ਇੱਥੇ ਉਸ ਦਾ ਕਾਰਜ ਵੋਮੈਨਜ਼ ਸਪੀਕਿੰਗ ਜਸਟੀਫਾਈਡ ਪ੍ਰਕਾਸ਼ਿਤ ਹੋਇਆ, ਜਿਸ ਵਿਚ ਔਰਤਾਂ ਦੇ ਹੱਕਾਂ ਦੀ ਗੱਲ ਕੀਤੀ ਗਈ ਸੀ। ਬਾਦਸ਼ਾਹ ਦੇ ਹੁਕਮਾਂ ਅਤੇ ਕੌਂਸਿਲ ਦੀ ਸਲਾਹ ਨਾਲ ਉਸ ਨੂੰ ਜੇਲ੍ਹ ਵਿੱਚੋਂ ਰਿਹਾਅ ਕਰ ਦਿੱਤਾ ਗਿਆ।



ਉਸ ਨੇ 1669 ਵਿਚ ਜਾਰਜ ਫੌਕਸ ਨਾਲ ਸ਼ਾਦੀ ਕਰ ਲਈ। ਉਸ ਨੂੰ ਇਕ ਵਾਰ ਫਿਰ ਧਾਰਮਿਕ ਕਾਨੂੰਨ ਤੋੜਨ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ। ਉਹ ਇਕ ਸਾਲ ਜੇਲ੍ਹ ਵਿਚ ਰਹੀ। ਜੇਲ੍ਹ ਤੋਂ ਰਿਹਾਅ ਹੋਣ ਤੋਂ ਛੇਤੀ ਬਾਅਦ ਹੀ ਉਸ ਦਾ ਪਤੀ ਜਾਰਜ ਫੌਕਸ ਅਮਰੀਕਾ ਦੀ ਧਾਰਮਿਕ ਯਾਤਰਾ ਲਈ ਚੱਲ ਪਿਆ ਪ੍ਰੰਤੂ ਉਸ ਦੀ ਵਾਪਸੀ ਉੱਪਰ ਉਸ ਨੂੰ ਵੀ 1673 ਵਿਚ ਜੇਲ੍ਹ ਭੇਜ ਦਿੱਤਾ ਗਿਆ। ਉਸ ਦੀ ਪੈਰਵਾਈ ਲਈ ਮਾਰਗ੍ਰੇਟ ਨੂੰ ਮੁੜ ਲੰਡਨ ਜਾਣਾ ਪਿਆ। ਇਸ ਕਰਕੇ ਹੀ ਫੌਕਸ ਨੂੰ 1675 ਵਿਚ ਰਿਹਾਅ ਕਰ ਦਿੱਤਾ ਗਿਆ। ਮਾਰਗ੍ਰੇਟ ਦੀ 87 ਸਾਲਾਂ ਦੀ ਉਮਰ ਵਿਚ ਮੌਤ ਹੋ ਗਈ। ਹੁਣ ਜ਼ਰਾ ਕੁਐਕਰ ਫਿਰਕੇ ਬਾਰੇ ਵੀ ਗੱਲ ਕਰ ਲਈਏ। ਕੁਐਕਰ ਸ਼ਬਦ ਪਹਿਲੀ ਵਾਰ 1640 ਦੇ ਨੇੜੇ-ਤੇੜੇ, ਇਕ ਜੱਜ ਨੇ ਜਾਰਜ ਫੌਕਸ ਲਈ ਵਰਤਿਆ ਸੀ। ਜਾਰਜ ਫੌਕਸ ਉਸ ਸਮੇਂ ਬਰਤਾਨੀਆਂ ਵਿਚ ਇਕ ਅਜਿਹੇ ਪੰਥ ਦੀ ਨੀਂਹ ਰੱਖ ਰਿਹਾ ਸੀ। ਜਿਹੜਾ ਪੂੰਜੀਵਾਦੀ ਪੱਛਮੀ ਤਾਕਤਾਂ ਨੂੰ ਚੰਗਾ ਨਹੀਂ ਸੀ ਲਗਦਾ ਕਿਉਂਕਿ ਇਹ ਪੰਥ ਸਭ ਦੀ ਬਰਾਬਰੀ ਦੀ ਮੰਗ ਕਰਦਾ ਸੀ ਅਤੇ ਜੰਗਾਂ-ਯੁੱਧਾਂ ਨੂੰ ਨਫ਼ਰਤ ਕਰਦਾ ਸੀ।

ਜਦੋਂ ਇਕ ਵਾਰ ਜਾਰਜ ਫੌਕਸ ਉਪਰ ਕੋਈ ਮੁਕੱਦਮਾ ਚੱਲ ਰਿਹਾ ਸੀ ਤਾਂ ਉਸ ਨੇ ਉਸ ਅੰਗਰੇਜ਼ ਜੱਜ ਨੂੰ ਜਿਹੜਾ ਉਸ ਦੇ ਮੁਕੱਦਮੇ ਦੀ ਸੁਣਵਾਈ ਕਰ ਰਿਹਾ ਸੀ, ਕਹਿ ਦਿੱਤਾ ਸੀ, 'ਰੱਬ ਦੇ ਨਾਂ ਤੋਂ ਡਰ' ਤਾਂ ਉਸ ਜੱਜ ਨੇ ਉਸ ਨੂੰ ਸ਼ੱਟਅੱਪ ਕੁਐਕਰ ਕਹਿ ਦਿੱਤਾ ਸੀ। ਪਹਿਲਾਂ-ਪਹਿਲ ਇਸ ਸ਼ਬਦ ਦੇ ਅਰਥ ਬੜੇ ਨਫ਼ਰਤ ਭਰੇ ਸਨ ਪ੍ਰੰਤੂ ਜਾਰਜ ਫੌਕਸ ਦੇ ਸ਼ਰਧਾਲੂ ਆਪਣੇ-ਆਪ ਨੂੰ ਕੁਐਕਰਜ਼ ਅਖਵਾਉਣ ਲੱਗ ਪਏ ਸਨ। ਉਸ ਤੋਂ ਬਾਅਦ ਤਾਂ ਇਸ ਸ਼ਬਦ ਦੇ ਅਰਥਾਂ ਵਿਚ ਤਬਦੀਲੀ ਆਉਣੀ ਸ਼ੁਰੂ ਹੋ ਗਈ। ਕੁਐਕਰਜ਼ ਲੋਕ ਅੰਤਰ-ਆਤਮਾ ਉੱਪਰ ਜ਼ੋਰ ਦਿੰਦੇ ਹਨ। ਇਨ੍ਹਾਂ ਲੋਕਾਂ ਨੂੰ ਜਦੋਂ ਵੀ ਸਮਾਂ ਜਾਂ ਮਾਨਸਿਕ ਸ਼ਾਂਤੀ ਮਿਲੇ, ਇਹ ਉੱਥੇ ਹੀ ਸਮਾਧੀ ਲਗਾ ਕੇ ਬੈਠ ਜਾਂਦੇ ਸਨ ਅਤੇ ਆਪਣੇ-ਆਪ ਵਿਚ ਅੰਤਰ-ਧਿਆਨ ਹੋ ਜਾਂਦੇ ਸਨ। ਇਹ ਲੋਕ ਸੰਸਾਰ ਦੇ ਸਾਰੇ ਦੁੱਖਾਂ-ਕਲੇਸ਼ਾਂ ਦਾ ਭਾਰ ਆਪਣੇ ਉੱਪਰ ਲੈਣਾ ਚਾਹੁੰਦੇ ਹਨ।

ਇਨ੍ਹਾਂ ਲੋਕਾਂ ਵਿੱਚੋਂ ਜਿਹੜਾ ਵੀ ਸਮਾਧੀ ਵਿੱਚੋਂ ਉੱਠਿਆ ਹੋਵੇ, ਉਹ ਸਮਾਧੀ ਵਿਚ ਹੋਏ ਆਪਣੇ ਅਨੁਭਵ ਨੂੰ ਲੋਕਾਂ ਨਾਲ ਸਾਂਝੇ ਕਰਦਾ ਸੀ, ਜਿਸ ਨੂੰ ਸੁਣਨ ਵਾਲਿਆਂ ਵੱਲੋਂ ਧਿਆਨ ਨਾਲ ਸੁਣਿਆ ਜਾਂਦਾ ਸੀ ਅਤੇ ਬੜੇ ਗਹਿਰੇ ਅਰਥਾਂ ਵਿਚ ਲਿਆ ਜਾਂਦਾ ਸੀ। ਇਹ ਲੋਕ ਜ਼ਿੰਦਗੀ ਨੂੰ ਪਵਿੱਤਰ ਸਮਝਦੇ ਸਨ ਅਤੇ ਇਸ ਕ੍ਰਿਆ ਨੂੰ ਬੜੀ ਵਚਨਬੱਧਤਾ ਨਾਲ ਪਵਿੱਤਰ ਮੰਨਦੇ ਸਨ। ਉਹ ਇਸ ਸੰਸਾਰਿਕ ਕਿਰਿਆ ਨੂੰ ਵੀ ਬੜੀ ਵਚਨਬੱਧਤਾ ਨਾਲ ਨਿਭਾਉਂਦੇ ਹਨ। ਇਹ ਲੋਕ ਹਮੇਸ਼ਾ ਹੀ ਸ਼ਾਂਤੀ ਚਾਹੁੰਦੇ ਹਨ। ਇਹ ਲੋਕ ਜੰਗਾਂ-ਯੁੱਧਾਂ ਨੂੰ ਨਫ਼ਰਤ ਕਰਦੇ ਸਨ। ਕੁਐਕਰ ਲੋਕ ਵਿੱਦਿਆ ਦੇਣ ਨੂੰ ਬੜਾ ਮਾਣ ਸਮਝਦੇ ਸਨ ਤੇ ਸਭ ਨੂੰ ਵਿੱਦਿਆ ਹਾਸਿਲ ਕਰਨ ਤੇ ਬੜਾ ਜ਼ੋਰ ਦਿੰਦੇ ਸਨ। ਉਹ ਸਾਰੀ ਮਨੁੱਖਤਾ ਨੂੰ ਬਰਾਬਰ ਸਮਝਦੇ ਸਨ। ਉਨ੍ਹਾਂ ਦੇ ਇਸੇ ਬਰਾਬਰਤਾ ਦੇ ਸਿਧਾਂਤ ਅਨੁਸਾਰ ਹੀ ਔਰਤਾਂ ਨੂੰ ਇਹ ਅਧਿਕਾਰ ਪ੍ਰਾਪਤ ਹੋਇਆ ਸੀ।

ਨਾਰੀਵਾਦ ਉਨੀਵੀਂ ਸਦੀ ਦੇ ਸਿਧਾਂਤਕ ਤੇ ਸਮਾਜਿਕ-ਚਿੰਤਨ ਦੇ ਪਰਿਪੇਖ ਵਿਚ ਸਮਾਜਿਕ ਅਤੇ ਸਾਹਿਤਕ ਲਹਿਰ ਵਜੋਂ ਉਭਰਿਆ। ਨਾਰੀਵਾਦ ਔਰਤ ਅਤੇ ਮਰਦ ਦੇ ਬਰਾਬਰ ਅਧਿਕਾਰਾਂ ਅਤੇ ਅਵਸਰਾਂ ਵਿਚ ਵਿਸ਼ਵਾਸ ਰੱਖਦਾ ਹੈ। ਇਹ ਬੌਧਿਕ ਅਤੇ ਰਾਜਨੀਤਕ ਲਹਿਰ ਹੈ ਜੋ ਔਰਤਾਂ ਲਈ ਨਿਆਂ ਦੀ ਮੰਗ ਕਰਦਾ ਹੈ ਭਾਵੇਂ ਕਿ ਨਾਰੀਵਾਦ ਦੀਆਂ ਕਈ ਕਿਸਮਾਂ ਹਨ। •



## ਸੰਪਾਦਕੀ

### ਇੰਡੀਗੋ ਦੀ ਘਟਨਾ ਤਾਂ ਅਜਾਰੇਦਾਰੀ ਦਾ ਇੱਕ ਛੋਟਾ ਜਿਹਾ ਝਲਕਾਰਾ

ਇੰਡੀਗੋ ਦੀ ਘਟਨਾ ਤਾਂ ਅਜਾਰੇਦਾਰੀ ਦਾ ਇੱਕ ਛੋਟਾ ਜਿਹਾ ਝਲਕਾਰਾ ਹੈ। ਊਰਜਾ, ਪਾਵਰ, ਟੈਲੀਕਾਮ ਅਤੇ ਹੋਰ ਕਈ ਅਹਿਮ ਖੇਤਰਾਂ ਵਿੱਚ ਮੁਕਾਬਲੇਬਾਜ਼ੀ ਖ਼ਤਮ ਕਰਕੇ ਅਜਾਰੇਦਾਰੀ ਕਾਇਮ ਕਰਨ ਦਾ ਪਹੀਆ ਤੇਜ਼ ਰਫ਼ਤਾਰ ਨਾਲ ਘੁੰਮ ਰਿਹਾ ਹੈ। ਆਉਂਦੇ ਦਿਨਾਂ 'ਚ ਇਸ ਦੇ ਨਤੀਜਿਆਂ ਦੇ ਹੋਰ ਝਲਕਾਰੇ ਦੇਖਣ ਲਈ ਸਾਨੂੰ ਤਿਆਰ ਰਹਿਣਾ ਚਾਹੀਦਾ ਹੈ। ਖ਼ੈਰ, ਦੇਸ਼ ਵਾਸੀਆਂ ਨਾਲ ਇਹ ਵਾਅਦਾ ਕੀਤਾ ਗਿਆ ਸੀ ਕਿ ਹਵਾਈ ਚੱਪਲ ਵਾਲੇ ਆਮ ਨਾਗਰਿਕ ਵੀ ਹਵਾਈ ਜਹਾਜ਼ 'ਚ ਸਫ਼ਰ ਕਰ ਸਕਣਗੇ। ਹਵਾਈ ਚੱਪਲਾਂ ਵਾਲੇ ਤਾਂ ਜਹਾਜ਼ ਨਹੀਂ ਚੜ੍ਹ ਸਕੇ ਪਰ ਬ੍ਰਾਂਡਿਡ ਜੁੱਤੇ ਅਤੇ ਸੈਂਡਲ ਪਾਉਣ ਵਾਲਿਆਂ ਨੂੰ ਇੰਡੀਗੋ ਨੇ ਹਵਾਈ ਅੱਡਿਆਂ 'ਤੇ ਹਵਾਈ ਚੱਪਲਾਂ ਜ਼ਰੂਰ ਪੁਆ ਦਿੱਤੀਆਂ। ਇਸ ਹਫ਼ਤੇ ਮੁਲਕ ਦੇ ਵੱਖ ਵੱਖ ਸ਼ਹਿਰਾਂ ਦੇ ਹਵਾਈ ਸਫ਼ਰ ਕਰਨ ਵਾਲੇ ਮੁਸਾਫ਼ਰਾਂ ਨਾਲ ਜੋ ਬੀਤੀ, ਉਹ ਕਿਸੇ ਤੋਂ ਗੁੱਝੀ ਨਹੀਂ। ਪਿਛਲੇ ਕੁਝ ਸਾਲਾਂ ਦੌਰਾਨ ਦੇਸ਼ ਵਿੱਚ ਹਵਾਈ ਸਫ਼ਰ ਕਰਨ ਵਾਲੇ ਯਾਤਰੀਆਂ ਦੀ ਗਿਣਤੀ ਬਹੁਤ ਵਧੀ ਹੈ। ਬਹੁਤੇ ਯਾਤਰੀ ਆਪਣਾ ਸਮਾਂ ਬਚਾਉਣ ਲਈ ਰੇਲ ਜਾਂ ਸੜਕ ਰਸਤੇ ਜਾਣ ਦੀ ਥਾਂ ਹਵਾਈ ਸਫ਼ਰ ਨੂੰ ਤਰਜੀਹ ਦਿੰਦੇ ਹਨ। ਪਰ ਪਿਛਲੇ ਦਿਨਾਂ 'ਚ ਇੰਡੀਗੋ ਏਅਰਲਾਈਨਜ਼ ਦੇ ਜਹਾਜ਼ਾਂ ਦੀਆਂ ਘਰੇਲੂ ਉਡਾਣਾਂ ਰੱਦ ਹੋਣ ਅਤੇ ਉਨ੍ਹਾਂ 'ਚ ਦੇਰੀ ਕਾਰਨ ਯਾਤਰੀ ਹਵਾਈ ਅੱਡਿਆਂ 'ਤੇ ਕੁੱਝ ਘੰਟੇ ਨਹੀਂ ਸਗੋਂ ਰਾਤਾਂ ਕੱਟਣ ਲਈ ਮਜਬੂਰ ਹੋ ਗਏ। ਹਵਾਈ ਅੱਡਿਆਂ 'ਤੇ ਫਸੇ ਇਨ੍ਹਾਂ ਯਾਤਰੀਆਂ ਵਿੱਚ ਡਾਕਟਰ ਵੀ ਸਨ ਤੇ ਮਰੀਜ਼ ਵੀ, ਪੜ੍ਹਾਉਣ ਵਾਲੇ ਵੀ ਤੇ ਪੜ੍ਹਨ ਵਾਲੇ ਵੀ, ਵਪਾਰੀ ਵੀ ਤੇ ਖਰੀਦਦਾਰ ਵੀ, ਉਹ ਵੀ ਸਨ ਜਿਨ੍ਹਾਂ ਕਿਸੇ ਜ਼ਰੂਰੀ ਸਮਾਗਮ 'ਤੇ ਜਾਣਾ ਸੀ ਅਤੇ ਉਹ ਵੀ ਸਨ ਜਿਨ੍ਹਾਂ ਦੇ ਵਿਆਹ ਦੀ ਰਿਸੈਪਸ਼ਨ ਸੀ। ਇਨ੍ਹਾਂ ਵਿੱਚ ਦੇਸੀ ਵੀ ਸਨ ਅਤੇ ਵਿਦੇਸ਼ੀ ਵੀ, ਬਜ਼ੁਰਗ ਵੀ ਸਨ ਅਤੇ ਜਵਾਨ ਵੀ, ਔਰਤਾਂ ਵੀ ਸਨ ਅਤੇ ਬੱਚੇ ਵੀ। ਰੱਦ ਹੋਣ ਵਾਲੀਆਂ ਇਨ੍ਹਾਂ ਉਡਾਣਾਂ ਦੀ ਗਿਣਤੀ ਦਰਜਨਾਂ ਜਾਂ ਸੈਂਕੜਿਆਂ ਵਿੱਚ ਨਹੀਂ ਸਗੋਂ ਹਜ਼ਾਰਾਂ ਵਿੱਚ ਸੀ। ਇਸ ਸ਼ੁੱਕਰਵਾਰ ਭਾਵ 5 ਦਸੰਬਰ ਨੂੰ ਵੀ ਇੰਡੀਗੋ ਨੇ ਸਾਢੇ ਪੰਜ ਸੌ ਉਡਾਣਾਂ ਰੱਦ ਕਰ ਦਿੱਤੀਆਂ। ਰੱਦ ਕੀਤੀਆਂ ਗਈਆਂ ਉਡਾਣਾਂ ਵਿੱਚ ਦਿੱਲੀ ਤੋਂ ਚੱਲਣ ਵਾਲੀਆਂ ਸਾਰੀਆਂ ਉਡਾਣਾਂ ਸ਼ਾਮਲ ਸਨ। ਆਖ਼ਰ ਅਜਿਹੀ ਸਥਿਤੀ ਕਿਉਂ ਬਣੀ ਕਿ ਆਪਣੀ ਮੰਜ਼ਿਲ 'ਤੇ ਉੱਡ ਕੇ ਪਹੁੰਚਣ ਦੀ ਖ਼ਾਹਿਸ਼ ਰੱਖਣ ਵਾਲੇ ਯਾਤਰੀ ਹਵਾਈ ਅੱਡਿਆਂ ਦੀਆਂ ਇਮਾਰਤਾਂ 'ਚ ਕੈਦੀ ਬਣ ਕੇ ਰਹਿ ਗਏ, ਜਿੱਥੇ ਉਨ੍ਹਾਂ ਲਈ ਖਾਣੇ ਅਤੇ ਪੀਣ ਵਾਲੇ ਪਾਣੀ ਦਾ ਵੀ ਢੁਕਵਾਂ ਪ੍ਰਬੰਧ ਨਹੀਂ ਸੀ। ਜਦੋਂ ਉਡਾਣਾਂ ਰੱਦ ਹੋਣ ਦਾ ਸਿਲਸਿਲਾ ਸ਼ੁਰੂ ਹੋਇਆ ਤਾਂ ਮੁੱਢ 'ਚ ਹੀ ਸਥਿਤੀ ਨਾਲ ਨਿਪਟਣ ਲਈ ਢੁਕਵੇਂ ਕਦਮ ਨਹੀਂ ਚੁੱਕੇ ਗਏ। ਜਿਉਂ ਜਿਉਂ ਘੜੀ ਦੀਆਂ ਸੂਈਆਂ ਅੱਗੇ ਵਧਦੀਆਂ ਗਈਆਂ ਤਾਂ ਰੱਦ ਉਡਾਣਾਂ ਦੀ ਗਿਣਤੀ ਵੀ ਵਧਦੀ ਗਈ। ਅਜਿਹੀਆਂ ਪ੍ਰਸਥਿਤੀਆਂ 'ਚ ਮਾਨਸਿਕ ਤਣਾਅ ਕਾਰਨ ਮੁਸਾਫ਼ਰਾਂ ਦਾ ਰੋਹ ਵਧਣ ਲੱਗਿਆ ਤੇ ਉਹ ਏਅਰਲਾਈਨਜ਼ ਦੇ ਅਮਲੇ ਨਾਲ ਖਹਿਬੜਨ ਲੱਗੇ ਅਤੇ ਕੁਝ ਵੀ ਹੱਥ ਪੱਲੇ ਨਾ ਪੈਣ ਮਗਰੋਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਨ ਲੱਗੇ। ਇਸ ਸਮੁੱਚੀ ਸਥਿਤੀ ਨੂੰ ਕਾਬੂ ਤੋਂ ਬਾਹਰ ਜਾਂਦਿਆਂ ਦੇਖ ਕੇ ਅਖ਼ੀਰ ਡਾਇਰੈਕਟਰ ਜਨਰਲ ਸਿਵਿਲ ਏਵੀਏਸ਼ਨ (ਡੀ ਜੀ ਸੀ ਏ) ਨੇ ਸ਼ੁੱਕਰਵਾਰ ਨੂੰ ਹੀ ਪਾਇਲਟਾਂ ਦੀਆਂ ਡਿਊਟੀਆਂ ਸਬੰਧੀ ਜਾਰੀ ਨਵੇਂ ਨੇਮਾਂ ਨੂੰ ਫ਼ੌਰੀ ਅਮਲ 'ਚ ਲਿਆਉਣ 'ਤੇ ਰੋਕ ਲਾ ਦਿੱਤੀ। ਇਸ ਘਟਨਾਕ੍ਰਮ ਦੇ ਮੱਦੇਨਜ਼ਰ ਇਨ੍ਹਾਂ ਸਾਰੇ ਨੇਮਾਂ ਦੀ ਪਾਲਣਾ ਕਰਵਾਉਣ ਤੋਂ ਪਿੱਛੇ ਮੁੜਦਿਆਂ ਸ਼ਹਿਰੀ ਹਵਾਬਾਜ਼ੀ ਮੰਤਰੀ ਰਾਮ ਮੋਹਨ ਨਾਇਡੂ ਵੱਲੋਂ ਕਿਹਾ ਜਾ ਰਿਹਾ ਹੈ ਕਿ ਉਡਾਣ ਸੁਰੱਖਿਆ ਅਤੇ ਪਾਇਲਟ ਜਹਾਜ਼ ਉਡਾਉਣ ਵੇਲੇ ਥੱਕੇ ਹੋਏ ਨਾ ਹੋਣ, ਇਹ ਯਕੀਨੀ ਬਣਾਉਣ ਲਈ ਲਏ ਗਏ ਫ਼ੈਸਲੇ ਨੂੰ ਅਮਲੀ ਰੂਪ ਦੇਣ 'ਤੇ ਫਿਲਹਾਲ ਰੋਕ ਲਾਉਣ ਦਾ ਮਕਸਦ ਸਿਰਫ਼ ਏਨਾ ਹੈ ਕਿ ਮੁਸਾਫ਼ਰਾਂ ਖ਼ਾਸਕਰ ਬਜ਼ੁਰਗਾਂ, ਵਿਦਿਆਰਥੀਆਂ, ਮਰੀਜ਼ਾਂ ਜਿਨ੍ਹਾਂ ਨੂੰ ਆਪਣੀਆਂ ਜ਼ਰੂਰੀ ਲੋੜਾਂ ਲਈ ਸਮੇਂ ਸਿਰ ਸਫ਼ਰ ਕਰਨ ਦੀ ਲੋੜ ਹੈ, ਨੂੰ ਕੋਈ ਦਿੱਕਤ ਨਾ ਆਵੇ। ਡੀ ਜੀ ਸੀ ਏ ਵੱਲੋਂ ਇਹ ਸਾਰੇ ਨੇਮ ਲਾਗੂ ਕਰਨ ਲਈ ਆਖ਼ਣ ਵੇਲੇ ਕੀ ਸਬੰਧਿਤ ਧਿਰਾਂ ਨਾਲ ਵਿਚਾਰ-ਵਟਾਂਦਰਾ ਨਹੀਂ ਸੀ ਕੀਤਾ ਗਿਆ? ਇਸ ਸਾਰੇ ਅਮਲ ਨੂੰ ਜੁਲਾਈ ਤੋਂ ਨਵੰਬਰ ਤੱਕ ਸਿਰੇ ਚੜ੍ਹਾਇਆ ਜਾਣਾ ਸੀ। ਇਹ ਸਾਰੀਆਂ ਘਰੇਲੂ ਉਡਾਣਾਂ ਰੱਦ ਕਰਨ ਵਾਲੀ ਹਵਾਈ ਕੰਪਨੀ ਕੋਲ ਦੇਸ਼ ਦੇ ਹਵਾਈ ਖੇਤਰ ਵਿੱਚ 65 ਫ਼ੀਸਦੀ ਦੇ ਲਗਭਗ ਹਿੱਸੇਦਾਰੀ ਹੈ। ਉਸ ਨੇ ਡੀ ਜੀ ਸੀ ਏ ਵੱਲੋਂ ਜਾਰੀ ਫਲਾਈਟ ਡਿਊਟੀ ਟਾਈਮ ਲਿਮਿਟੇਸ਼ਨ (ਐੱਫ ਡੀ ਟੀ ਐੱਲ) ਨੂੰ ਲਾਗੂ ਕਰਨ ਤੋਂ ਹੁਣ ਹੱਥ ਖੜ੍ਹੇ ਕਰ ਦਿੱਤੇ ਅਤੇ ਸਟਾਫ਼ ਦੀ ਘਾਟ ਦੀ ਦਲੀਲ ਦਿੰਦਿਆਂ ਆਪਣੀਆਂ ਉਡਾਣਾਂ ਰੱਦ ਕਰ ਦਿੱਤੀਆਂ। ਜਿਸ ਕੰਪਨੀ ਕੋਲ ਦੇਸ਼ ਦੇ ਘਰੇਲੂ ਹਵਾਈ ਖੇਤਰ ਦੀ ਅੱਧੇ ਤੋਂ ਵੀ ਵੱਧ ਦੀ ਜ਼ਿੰਮੇਵਾਰੀ ਹੋਵੇ, ਜਦੋਂ ਉਹ ਆਪਣੀਆਂ ਉਡਾਣਾਂ ਰੱਦ ਕਰੇਗੀ ਤਾਂ ਘਰੇਲੂ ਹਵਾਈ ਸੇਵਾ ਇੱਕ ਤਰ੍ਹਾਂ ਨਾਲ ਠੱਪ ਹੋਣ ਵਰਗੇ ਹਾਲਾਤ ਪੈਦਾ ਹੋ ਜਾਣਗੇ ਤੇ ਸਰਕਾਰ ਲਈ ਕਸੂਤੀ ਸਥਿਤੀ ਪੈਦਾ ਹੋ ਜਾਵੇਗੀ। ਕੰਪਨੀ ਇਸ ਗੱਲ ਤੋਂ ਭਲੀਭਾਂਤ ਜਾਣੂ ਸੀ।

ਡੀ ਜੀ ਸੀ ਏ ਵੱਲੋਂ ਜਾਰੀ ਨੇਮਾਂ ਅਨੁਸਾਰ ਪਾਇਲਟਾਂ ਲਈ ਇੱਕ ਹਫ਼ਤੇ ਵਿੱਚ 48 ਘੰਟੇ ਦਾ ਆਰਾਮ ਜ਼ਰੂਰੀ ਸੀ। ਇਸ ਤੋਂ ਪਹਿਲਾਂ ਪਾਇਲਟ ਇੱਕ ਹਫ਼ਤੇ 'ਚ ਛੇ ਲੈਂਡਿੰਗਜ਼ ਕਰ ਸਕਦੇ ਸਨ ਅਤੇ ਨਵੇਂ ਨਿਯਮਾਂ ਤਹਿਤ ਸਿਰਫ਼ ਦੋ ਲੈਂਡਿੰਗਜ਼ ਦੀ ਆਗਿਆ ਹੈ, ਲਗਾਤਾਰ ਨਾਈਟ ਸ਼ਿਫਟ 'ਤੇ ਰੋਕ ਹੈ ਅਤੇ ਲਗਾਤਾਰ ਦੋ ਰਾਤਾਂ ਤੋਂ ਵੱਧ ਨਾਈਟ ਡਿਊਟੀ ਵੀ ਨਹੀਂ ਲਗਾਈ ਜਾ ਸਕਦੀ। ਇਹ ਸਾਰੇ ਨਿਯਮ ਸਹਿਜ ਢੰਗ ਨਾਲ ਲਾਗੂ ਕਰਨ ਲਈ ਭਾਈਵਾਲਾਂ ਨਾਲ ਸਲਾਹ-ਮਸ਼ਵਰੇ ਦੀ ਲੋੜ ਸੀ ਤਾਂ ਕਿ ਵਿਹਾਰਕ ਢੰਗ ਨਾਲ ਇਸ ਨੂੰ ਲਾਗੂ ਕਰਨ ਲਈ ਕਿੰਨਾ ਸਮਾਂ ਲੱਗੇਗਾ ਅਤੇ ਕੀ ਕੀ ਕਦਮ ਚੁੱਕੇ ਜਾਣ ਦੀ ਲੋੜ ਹੈ, ਇਸ ਸਭ ਬਾਰੇ ਪਹਿਲਾਂ ਹੀ ਪਤਾ ਲਗਾ ਕੇ ਉਸੇ ਹਿਸਾਬ ਨਾਲ ਯੋਜਨਾਬੰਦੀਆਂ ਕਰ ਲਈਆਂ ਜਾਂਦੀਆਂ ਤਾਂ ਜੋ ਬਾਅਦ 'ਚ ਕਿਸੇ ਕਿਸਮ ਦੀ ਕੋਈ ਦਿੱਕਤ ਨਾ ਆਉਂਦੀ। ਮਹਿਜ਼ ਨੇਮ ਤੈਅ ਕਰਨ ਅਤੇ ਨਿਰਦੇਸ਼ ਦੇਣ ਨਾਲ ਕੀ ਕੋਈ ਗੱਲ ਬਣੀ? ਨਹੀਂ... ਬਿਲਕੁਲ ਨਹੀਂ। ਇਸ ਨੂੰ ਲਾਗੂ ਕਰਨ ਲਈ ਨਿਗਰਾਨੀ ਦਾ ਅਮਲ ਵੀ ਜ਼ਰੂਰੀ ਸੀ ਤਾਂ ਜੋ ਇਹ ਦੇਖਿਆ ਜਾਂਦਾ ਕਿ ਇਸ ਦਿਸ਼ਾ 'ਚ ਪੱਕੇ ਪੈਰੀਂ ਕਿਵੇਂ ਅੱਗੇ ਵਧਿਆ ਜਾ ਸਕਦਾ ਹੈ। ਮਾਹਿਰਾਂ ਦਾ ਕਹਿਣਾ ਹੈ ਕਿ ਇਸ ਸਮੁੱਚੇ ਅਮਲ ਨੂੰ ਨੇਪਰੇ ਚਾੜ੍ਹਨ ਲਈ ਘੱਟੋ-ਘੱਟ 25 ਫ਼ੀਸਦੀ ਮੁਹਿੰਮਾਂ ਪਾਇਲਟਾਂ ਅਤੇ ਸਬੰਧਿਤ ਅਮਲੇ ਦੀ ਭਰਤੀ ਜ਼ਰੂਰੀ ਸੀ। ਨਿੱਜੀ ਖੇਤਰ ਦੀ ਹਰ ਕੰਪਨੀ ਵੱਧ ਤੋਂ ਵੱਧ ਮੁਨਾਫ਼ਾ ਕਮਾਉਣ ਲਈ ਘੱਟ ਤੋਂ ਘੱਟ ਮੁਲਾਜ਼ਮਾਂ ਨਾਲ ਆਪਣਾ ਕੰਮ ਚਲਾਉਣਾ ਚਾਹੁੰਦੀ ਹੈ। ਇੰਡੀਗੋ ਦਾ ਰਵੱਈਆ ਵੀ ਕੋਈ ਵੱਖਰਾ ਨਹੀਂ। ਇਹ ਵੀ ਦੇਖਣਾ ਬਣਦਾ ਸੀ ਕਿ ਇਨ੍ਹਾਂ ਨਵੀਆਂ ਪ੍ਰਸਥਿਤੀਆਂ ਲਈ ਕੀ ਕੰਪਨੀ ਕੋਲ ਹੋਰ ਪਾਇਲਟ ਹਨ? ਦੇਸ਼ ਵਿਚਲੇ ਵੱਖ ਵੱਖ ਫਲਾਇੰਗ ਕਲੱਬ ਤੁਹਾਨੂੰ ਛੋਟੇ ਜਹਾਜ਼ ਉਡਾਉਣ ਦਾ ਲਾਇਸੈਂਸ ਤਾਂ ਦੇ ਦਿੰਦੇ ਹਨ ਪਰ ਬੋਇੰਗ ਜਾਂ ਏਅਰਬੱਸ ਚਲਾਉਣ ਲਈ ਤੁਹਾਨੂੰ ਹੋਰ ਛੇ ਮਹੀਨੇ ਦੀ ਟਰੇਨਿੰਗ ਲੈਣੀ ਪੈਂਦੀ ਹੈ। ਪਹਿਲੇ ਸਮਿਆਂ ਵਿੱਚ ਏਅਰਲਾਈਨ ਤੁਹਾਡੇ ਲਈ ਖ਼ੁਦ ਇਸ ਟਰੇਨਿੰਗ ਦਾ ਪ੍ਰਬੰਧ ਕਰਦੀ ਸੀ ਪਰ ਹੁਣ ਏਅਰਲਾਈਨਜ਼ ਅਜਿਹਾ ਨਹੀਂ ਕਰਦੀਆਂ ਕਿਉਂਕਿ ਇਸ ਸਿਖਲਾਈ 'ਤੇ ਕੋਈ 20 ਲੱਖ ਦਾ ਖਰਚਾ ਆਉਂਦਾ ਹੈ। ਉਹ ਤੁਹਾਨੂੰ ਨੌਕਰੀ ਤਾਂ ਦੇ ਦਿੰਦੇ ਹਨ ਤੇ ਟਰੇਨਿੰਗ ਦਾ ਪ੍ਰਬੰਧ ਵੀ ਕਰ ਦਿੰਦੇ ਹਨ ਪਰ ਟਰੇਨਿੰਗ ਦੀ ਵਿੱਤੀ ਜ਼ਿੰਮੇਵਾਰੀ ਨੌਕਰੀ ਲੈਣ ਵਾਲੇ ਪਾਇਲਟ ਦੀ ਹੁੰਦੀ ਹੈ। ਇਸ ਦਾ ਭਾਵ ਹੈ ਕਿ ਜੇ 25 ਫ਼ੀਸਦੀ ਪਾਇਲਟ ਨਵੇਂ ਚਾਹੀਦੇ ਹਨ ਤਾਂ ਇਸ ਨਵੀਂ ਭਰਤੀ ਦਾ ਅਮਲ ਪੂਰਾ ਹੋਣ ਵਿੱਚ ਸਮਾਂ ਤਾਂ ਲੱਗੇਗਾ ਹੀ। ਉਧਰ ਏਅਰਲਾਈਨ, ਜਿਸ ਕੋਲ ਘਰੇਲੂ ਹਵਾਈ ਖੇਤਰ 'ਚ 65 ਫ਼ੀਸਦੀ ਅਜਾਰੇਦਾਰੀ ਹੈ, ਨੂੰ ਪਤਾ ਹੈ ਕਿ ਜੇਕਰ ਉਸ ਦੀਆਂ ਉਡਾਣਾਂ ਰੱਦ ਹੋਣਗੀਆਂ ਤਾਂ ਦੇਸ਼ ਭਰ ਵਿੱਚ ਹਵਾਈ ਸੇਵਾ ਠੱਪ ਹੋਣ ਵਰਗੇ ਹਾਲਾਤ ਪੈਦਾ ਹੋ ਜਾਣਗੇ ਅਤੇ ਮੌਜੂਦਾ ਸਥਿਤੀ ਵਿੱਚ ਏਦਾਂ ਹੀ ਹੋਇਆ। ਜਦੋਂ ਏਦਾਂ ਪੂੰਜੀਪਤੀ ਕਿਸੇ ਵੀ ਖੇਤਰ 'ਚ ਅਜਾਰਦੇਾਰੀ ਕਾਇਮ ਕਰ ਲੈਂਦੇ ਹਨ ਤਾਂ ਫਿਰ ਉਹ ਸਭ ਕੁਝ ਆਪਣੀ ਮਰਜ਼ੀ ਅਨੁਸਾਰ ਚਲਾਉਂਦੇ ਹਨ ਅਤੇ ਸਮੁੱਚਾ ਤੰਤਰ ਚਾਹ ਕੇ ਵੀ ਉਨ੍ਹਾਂ ਦਾ ਕੁਝ ਨਹੀਂ ਵਿਗਾੜ ਸਕਦਾ ਅਤੇ ਅਮਲੀ ਰੂਪ ਵਿੱਚ ਇਸ ਦਾ ਸਾਰਾ ਭੁਗਤਾਨ ਆਮ ਲੋਕਾਂ ਨੂੰ ਕਰਨਾ ਪੈਂਦਾ ਹੈ। ਮੌਜੂਦਾ ਸਥਿਤੀ ਵਿੱਚ ਵੀ ਕੰਪਨੀ ਵਿਰੁੱਧ ਸਖ਼ਤ ਕਦਮ ਚੁੱਕਣ ਦੀ ਬਜਾਏ ਸਰਕਾਰ ਨੇ ਆਪਣੇ ਨੇਮਾਂ (ਜੋ ਹਵਾਈ ਖੇਤਰ ਦੀ ਸੁਰੱਖਿਆ ਵਧਾਉਣ ਤੇ ਯਕੀਨੀ ਬਣਾਉਣ ਲਈ ਬਣਾਏ ਗਏ ਸਨ) 'ਤੇ ਹੀ ਫਿਲਹਾਲ ਰੋਕ ਲਾਈ ਹੈ ਕਿਉਂਕਿ ਲੋਕ ਰੋਹ ਤੋਂ ਬਚਣ ਲਈ ਸਰਕਾਰ ਲਈ ਪਹਿਲੀ ਤਰਜੀਹ ਤੇ ਸੁਖਾਲਾ ਢੰਗ ਉਡਾਣਾਂ ਚਾਲੂ ਕਰਵਾਉਣਾ ਅਤੇ ਦੇਸ਼ ਦੇ ਵੱਖ ਵੱਖ ਘਰੇਲੂ ਹਵਾਈ ਅੱਡਿਆਂ 'ਤੇ ਇਕੱਠੇ ਹੋਏ ਵੱਡੀ ਗਿਣਤੀ ਮੁਸਾਫ਼ਰਾਂ ਨੂੰ ਉੱਥੋਂ ਕੱਢ ਕੇ ਉਨ੍ਹਾਂ ਦੇ ਟਿਕਾਣਿਆਂ ਤੱਕ ਪਹੁੰਚਾਉਣਾ ਸੀ। ਅਜੇ ਤਾਂ ਪੂੰਜੀਵਾਦ ਤੇ ਸੱਤਾ ਦੇ ਗੱਠਜੋੜ ਤੋਂ ਪੈਦਾ ਅਜਾਰੇਦਾਰੀ ਦੀ ਇੱਕ ਝਲਕ ਮਾਤਰ ਹੀ ਸਾਡੇ ਸਾਹਮਣੇ ਆਈ ਹੈ। ਇਹ ਵੀ ਵਰਨਣਯੋਗ ਹੈ ਕਿ ਚੀਨ ਵਰਗੇ ਮੁਲਕ ਨੇ ਵੀ ਘਰੇਲੂ ਹਵਾਈ ਖੇਤਰ ਵਿੱਚ ਕਿਸੇ ਕਿਸਮ ਦੀ ਅਜਾਰੇਦਾਰੀ ਨਹੀਂ ਹੋਣ ਦਿੱਤੀ।

## ਨਵੇਂ ਭਰਤੀ ਕੀਤੇ ਗਏ ਪੈਰਾ ਲੀਗਲ ਵਲੰਟੀਅਰਾਂ ਨੂੰ ਦਿੱਤੀ ਟ੍ਰੇਨਿੰਗ



**ਹੁਸ਼ਿਆਰਪੁਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਅਤੇ ਸੈਸ਼ਨ ਜੱਜ ਹੁਸ਼ਿਆਰਪੁਰ ਰਜਿੰਦਰ ਅਗਰਵਾਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀ.ਜੀ.ਐਮ-ਕਮ-ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ, ਹੁਸ਼ਿਆਰਪੁਰ ਨੀਰਜ ਗੋਇਲ ਵੱਲੋਂ ਨਵੇਂ ਭਰਤੀ ਕੀਤੇ ਗਏ ਪੈਰਾ ਲੀਗਲ ਵਲੰਟੀਅਰਾਂ ਨੂੰ ਦੋ ਸੈਸ਼ਨਾਂ ਦੌਰਾਨ ਟ੍ਰੇਨਿੰਗ ਦਿੱਤੀ ਗਈ। ਇਸ ਦੌਰਾਨ ਪਹਿਲੇ ਸੈਸ਼ਨ ਵਿਚ ਓਰੀਐਨਟੇਸ਼ਨ ਪ੍ਰੋਗਰਾਮ ਬਾਰੇ ਅਤੇ ਦੂਸਰੇ ਸੈਸ਼ਨ ਵਿਚ ਬੇਸਿਕ ਟ੍ਰੇਨਿੰਗ ਦਿੱਤੀ ਗਈ।

ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਅਥਾਰਟੀ ਵੱਲੋਂ ਚਲਾਈਆਂ ਗਈਆ ਵੱਖ- ਵੱਖ ਸਕੀਮਾਂ ਬਾਰੇ ਅਤੇ ਮਿਤੀ 13 ਦਸੰਬਰ, 2025 ਨੂੰ ਲਗਾਈ ਜਾਣ ਵਾਲੀ ਨੈਸ਼ਨਲ ਲੋਕ ਅਦਾਲਤ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ ਵਿਚ ਪੈਡਿੰਗ ਅਤੇ ਪ੍ਰੀ-ਲਿਟੀਗੇਟਿਵ ਕੇਸ ਸੁਣੇ ਜਾਦੇ ਹਨ, ਇਨ੍ਹਾਂ ਕੇਸਾ ਦਾ ਨਿਪਟਾਰਾ ਦੋਵੇ ਧਿਰਾ ਦੇ ਸਮਝੌਤੇ ਰਾਹੀ ਕੀਤਾ ਜਾਂਦਾ ਹੈ ਅਤੇ ਇਸ ਲੋਕ ਅਦਾਲਤ ਵਿਚ ਹੋਏ ਫ਼ੈਸਲੇ ਦੀ ਕੋਈ ਵੀ ਅਪੀਲ ਨਹੀ ਹੁੰਦੀ। ਇਸ ਨਾਲ ਸਮੇ ਅਤੇ ਧਨ ਦੀ ਬੱਚਤ ਹੁੰਦੀ ਹੈ।

ਉਪਰੋਕਤ ਤੋਂ ਇਲਾਵਾ ਟ੍ਰੇਨਿੰਗ ਦੌਰਾਨ ਨਵੇਂ ਭਰਤੀ ਕੀਤੇ ਗਏ ਪੈਰਾ ਲੀਗਲ ਵਲੰਟੀਅਰਾਂ ਨੂੰ ਪੈਨਲ ਐਡਵੋਕੇਟ ਰੇਨੂੰ ਅਤੇ ਰੁਪਿਕਾ ਠਾਕੁਰ, ਡਿਪਟੀ ਚੀਫ ਲੀਗਲ ਏਡ ਡਿਫੈਂਸ ਕੌਂਸਲ, ਹੁਸ਼ਿਆਰਪੁਰ ਵੱਲੋਂ ਮੁਫ਼ਤ ਕਾਨੂੰਨੀ ਸਹਾਇਤਾ ਸੇਵਾਵਾਂ ਅਤੇ ਨਾਲਸਾ ਸਕੀਮਾਂ ਬਾਰੇ ਵਿਸਥਾਰਪੂਰਵਕ ਦੱਸਿਆ ਗਿਆ।

## ਪੁਲਿਸ ਅਧਿਕਾਰੀ ਗੁਰਪ੍ਰੀਤ ਸਿੰਘ ਜ਼ਿਲ੍ਹਾ ਤਰਨ ਤਾਰਨ ਵਿਖੇ ਪਹੁੰਚੇ

**ਤਰਨ ਤਾਰਨ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਆਮ ਚੋਣਾਂ-2025 ਲਈ ਸ੍ਰੀ ਗੁਰਪ੍ਰੀਤ ਸਿੰਘ, ਆਈ.ਪੀ.ਐੱਸ. ਨੂੰ ਜ਼ਿਲ੍ਹਾ ਤਰਨ ਤਾਰਨ ਲਈ ਪੁਲਿਸ ਅਬਜ਼ਰਵਰ ਨਿਯੁਕਤ ਕੀਤਾ ਗਿਆ। ਸੀਨੀਅਰ ਆਈ.ਪੀ.ਐੱਸ. ਅਧਿਕਾਰੀ ਸ੍ਰੀ ਗੁਰਪ੍ਰੀਤ ਸਿੰਘ ਅੱਜ ਜ਼ਿਲ੍ਹਾ ਤਰਨ ਤਾਰਨ ਵਿਖੇ ਪਹੁੰਚ ਗਏ ਹਨ ਅਤੇ ਉਨ੍ਹਾਂ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਦੌਰਾਨ ਸੁਰੱਖਿਆ ਪ੍ਰਬੰਧਾਂ ਦੀ ਨਿਗਰਾਨੀ ਕੀਤੀ ਜਾਵੇਗੀ ਤਾਂ ਜੋ ਸਮੁੱਚੀ ਚੋਣ ਪ੍ਰੀਕ੍ਰਿਆ ਪੂਰੀ ਤਰ੍ਹਾਂ ਅਮਨ-ਸ਼ਾਂਤੀ, ਨਿਰਪੱਖ ਅਤੇ ਅਜ਼ਾਦਾਨਾਂ ਮਹੌਲ ਵਿੱਚ ਨੇਪਰੇ ਚੜ੍ਹ ਸਕੇ।

ਪੁਲਿਸ ਅਬਜ਼ਰਵਰ ਸ੍ਰੀ ਗੁਰਪ੍ਰੀਤ ਸਿੰਘ ਨੇ ਅੱਜ ਤਰਨ ਤਾਰਨ ਵਿਖੇ ਪਹੁੰਚ ਕੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਸਬੰਧੀ ਪੁਲਿਸ ਵਿਭਾਗ ਵੱਲੋਂ ਕੀਤੇ ਸੁਰੱਖਿਆ ਪ੍ਰਬੰਧਾਂ ਦੀ ਜਾਣਕਾਰੀ ਹਾਸਲ ਕੀਤੀ ਅਤੇ ਪੁਲਿਸ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ ਨਿਰਦੇਸ਼ ਜਾਰੀ ਕੀਤੇ।



ਪੁਲਿਸ ਅਬਜ਼ਰਵਰ ਸ੍ਰੀ ਗੁਰਪ੍ਰੀਤ ਸਿੰਘ ਪੇਂਡੂ ਵਿਕਾਸ ਭਵਨ ਦੇ ਰੈਸਟ ਹਾਊਸ ਵਿਖੇ ਰੁਕਣਗੇ ਅਤੇ ਇੱਥੇ ਹੀ ਉਨ੍ਹਾਂ ਨਾਲ ਚੋਣਾਂ ਸਬੰਧੀ ਕਿਸੇ ਤਰ੍ਹਾਂ ਸ਼ਿਕਾਇਤ ਬਾਰੇ ਮੁਲਾਕਾਤ ਕੀਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਸ੍ਰੀ ਗੁਰਪ੍ਰੀਤ ਸਿੰਘ ਨਾਲ ਮੋਬਾਇਲ ਨੰਬਰ 99881-36351 ਉੱਪਰ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਪੁਲਿਸ ਅਬਜ਼ਰਵਰ ਸ੍ਰੀ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਮਾਣਯੋਗ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਿੱਚ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਪੂਰੀ ਤਰ੍ਹਾਂ ਅਮਨ-ਸ਼ਾਂਤੀ, ਨਿਰਪੱਖ ਅਤੇ ਅਜ਼ਾਦਾਨਾਂ ਮਹੌਲ ਵਿੱਚ ਨੇਪਰੇ ਚਾੜ੍ਹੀਆਂ ਜਾਣਗੀਆਂ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਬਿਨ੍ਹਾਂ ਕਿਸੇ ਡਰ-ਭੈਅ, ਲਾਲਚ ਦੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ।

## ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ 30 ਤੇ ਬਲਾਕ ਸੰਮਤੀਆਂ ਲਈ 124 ਨਾਮਜ਼ਦਗੀਆਂ ਵਾਪਸ ਹੋਈਆਂ

**ਪਟਿਆਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਜ਼ਿਲ੍ਹਾ ਪ ?ਟਿਆਲਾ ਅੰਦਰ 14 ਦਸੰਬਰ ਨੂੰ ਕਰਵਾਈਆਂ ਜਾਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਦੇ 23 ਤੇ 10 ਬਲਾਕ ਸੰਮਤੀਆਂ ਦੇ 184 ਜੋਨਾਂ ਦੀਆਂ ਚੋਣਾਂ ਲਈ ਨਾਮਜ਼ਦਗੀਆਂ ਵਾਪਸ ਲੈਣ ਦੇ ਅੱਜ ਆਖਰੀ ਦਿਨ ਕੁਲ 154 ਨਾਮਜ਼ਦਗੀਆਂ ਵਾਪਸ ਹੋਈਆਂ ਹਨ।

ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ ਨੇ ਦੱਸਿਆ ਕਿ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ 30 ਨਾਮਜ਼ਦਗੀਆਂ ਵਾਪਸ ਲਏ ਜਾਣ ਨਾਲ ਹੁਣ 113 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਹਨ।ਬਲਾਕ ਸੰਮਤੀ ਚੋਣਾਂ ਲਈ ਕੁਲ 124 ਨਾਮਜ਼ਦਗੀਆਂ ਵਾਪਸ ਲਈਆਂ ਗਈਆਂ ਹਨ ਅਤੇ ਹੁਣ ਕੁਲ 621 ਉਮੀਦਵਾਰ ਚੋਣ ਮੈਦਾਨ ਵਿੱਚ ਬਾਕੀ ਰਹਿ ਗਏ ਹਨ।ਉਨ੍ਹਾਂ ਕਿਹਾ ਕਿ ਉਮੀਦਵਾਰਾਂ ਨੂੰ ਚੋਣ ਨਿਸ਼ਾਨ ਅਲਾਟ ਕਰ ਦਿੱਤੇ ਗਏ ਹਨ।

ਏ.ਡੀ.ਸੀ. ਨੇ ਦੱਸਿਆ ਕਿ ਬਲਾਕ ਸੰਮਤੀ ਭੁੱਨਰਹੇੜੀ ਲਈ ਅੱਜ 3 ਨਾਮਜ਼ਦਗੀਆਂ ਵਾਪਸ ਹੋਈਆਂ ਹਨ ਤੇ ਇੱਥੇ ਕੁਲ 33 ਉਮੀਦਵਾਰ ਮੈਦਾਨ ਵਿੱਚ ਹਨ।ਨਾਭਾ ਬਲਾਕ ਸੰਮਤੀ ਵਿਖੇ 27 ਨਾਮਜ਼ਦਗੀਆਂ ਵਾਪਸ ਹੋਈਆਂ ਹਨ ਅਤੇ ਕੁਲ 83 ਉਮੀਦਵਾਰ ਹੁਣ ਚੋਣ ਮੈਦਾਨ ਵਿੱਚ ਹਨ। ਜਦਕਿ ਘਨੌਰ ਬਲਾਕ ਸੰਮਤੀ ਲਈ ਅੱਜ 18 ਨਾਮਜ਼ਦਗੀਆਂ ਵਾਪਸ ਹੋਈਆਂ ਹਨ ਅਤੇ ਕੁਲ 59 ਉਮੀਦਵਾਰ ਬਾਕੀ ਹਨ, ਪਟਿਆਲਾ ਦਿਹਾਤੀ ਬਲਾਕ ਸੰਮਤੀ ਲਈ ਅੱਜ 13 ਨਾਮਜ਼ਦਗੀਆਂ ਵਾਪਸ ਲੈਣ ਨਾਲ ਕੁਲ 72 ਉਮੀਦਵਾਰ ਚੋਣ ਮੈਦਾਨ ਵਿੱਚ ਬਾਕੀ ਹਨ। ਇਸੇ ਤਰ੍ਹਾਂ ਹੀ ਪਟਿਆਲਾ ਬਲਾਕ ਸੰਮਤੀ ਲਈ ਅੱਜ 7 ਨਾਮਜ਼ਦਗੀਆਂ ਵਾਪਸ ਹੋਣ ਨਾਲ ਹੁਣ 53 ਉਮੀਦਵਾਰ ਚੋਣ ਮੈਦਾਨ ਵਿਚ ਹਨ।

ਇਸ ਤੋਂ ਇਲਾਵਾ ਰਾਜਪੁਰਾ ਬਲਾਕ ਸੰਮਤੀ ਲਈ ਅੱਜ 16 ਨਾਮਜ਼ਦਗੀਆਂ ਵਾਪਸ ਹੋਈਆਂ ਹਨ ਤੇ ਕੁਲ 58 ਉਮੀਦਵਾਰ ਚੋਣ ਮੈਦਾਨ ਵਿੱਚ ਹਨ, ਸਮਾਣਾ ਲਈ ਅੱਜ ਕੁਲ 16 ਨਾਮਜ਼ਦਗੀਆਂ ਵਾਪਸ ਹੋਣ ਨਾਲ ਹੁਣ 52 ਉਮੀਦਵਾਰ ਚੋਣ ਲੜਨਗੇ।ਜਦੋਂ ਕਿ ਪਾਤੜਾਂ ਬਲਾਕ ਸੰਮਤੀ ਲਈ ਅੱਜ ਕੁਲ 13 ਨਾਮਜ਼ਦਗੀ ਪੱਤਰ ਵਾਪਸ ਹੋਏ ਹਨ ਤੇ 100 ਉਮੀਦਵਾਰ ਮੈਦਾਨ ਵਿੱਚ ਬਾਕੀ ਰਹੇ ਹਨ।

ਇਸੇ ਤਰ੍ਹਾਂ ਹੀ ਸਨੌਰ ਬਲਾਕ ਸੰਮਤੀ ਲਈ ਅੱਜ 4 ਨਾਮਜ਼ਦਗੀਆਂ ਵਾਪਸ ਹੋਈਆ ਹਨ ਤੇ ਕੁਲ 49 ਬਾਕੀ ਉਮੀਦਵਾਰ ਮੈਦਾਨ ਵਿੱਚ ਹਨ। ਜਦੋਂਕਿ ਸ਼ੰਭੂ ਕਲਾਂ ਬਲਾਕ ਸੰਮਤੀ ਲਈ ਅੱਜ 7 ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਵਾਪਸ ਲਏ ਹਨ ਤੇ ਇੱਥੇ ਕੁਲ 62 ਉਮੀਦਵਾਰ ਚੋਣ ਮੈਦਾਨ ਵਿੱਚ ਹਨ।

## ਪ੍ਰਸ਼ਾਸਕ ਨੇ ਚੰਡੀਗੜ੍ਹ ਦੇ ਪ੍ਰਮੁੱਖ ਵਿਕਾਸ ਅਤੇ ਰਿਹਾਇਸ਼ੀ ਪ੍ਰੋਜੈਕਟਾਂ ਦੀ ਸਮੀਖਿਆ ਕੀਤੀ



**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਸ਼ਹਿਰ ਦੇ ਕਈ ਪ੍ਰਮੁੱਖ ਪ੍ਰੋਜੈਕਟ ਸਾਇਟਾਂ ਦਾ ਇੱਕ ਵਿਸਤ੍ਰਿਤ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਪ੍ਰਮੁੱਖ ਰਿਹਾਇਸ਼ੀ ਪ੍ਰੋਜੈਕਟਾਂ, ਪ੍ਰਗਤੀ 'ਤੇ ਚਲ ਰਹੇ ਵਿਕਾਸ ਪ੍ਰੋਜੈਕਟਾਂ, ਥੋਕ ਸਮੱਗਰੀ ਸਾਇਟ ਅਤੇ ਸਮੂਹ ਰਿਹਾਇਸ਼ੀ ਸਾਇਟਾਂ ਦਾ ਨਿਰੀਖਣ ਕਰਕੇ ਚੰਡੀਗੜ੍ਹ ਦੇ ਨਾਗਰਿਕ ਬੁਨਿਆਦੀ ਢਾਂਚੇ, ਸ਼ਹਿਰੀ ਯੋਜਨਾਬੰਦੀ ਪਹਿਲਾਂ ਅਤੇ ਸਮਾਜਿਕ ਵਾਤਾਵਰਣ ਦੀ ਸੰਪੂਰਨ ਸਮੀਖਿਆ ਕੀਤੀ।

ਆਪਣੇ ਇਸ ਦੌਰੇ ਦੇ ਦੌਰਾਨ, ਰਾਜਪਾਲ ਨੇ ਆਈਟੀ ਪਾਰਕ, ? ?ਮਨੀਮਾਜਰਾ (ਪਾਕੇਟ ਨੰਬਰ 6) ਵਿਖੇ ਆਈਟੀ ਹੈਬੀਟੈਟ ਪ੍ਰੋਜੈਕਟ ਸਥਲ, ਇੰਡਸਟ੍ਰੀਅਲ ਏਰੀਆ ਫੇਜ਼-1 ਵਿੱਚ ਸੰਜੈ ਕਲੋਨੀ, ਸੈਕਟਰ 43 ਵਿੱਚ ਸਰਕਾਰੀ ਰਿਹਾਇਸ਼ੀ ਸਾਇਟ, ਸੈਕਟਰ 43 ਵਿੱਚ ਸਬ-ਸਿਟੀ ਸੈਂਟਰ, ਸੈਕਟਰ 53 ਵਿੱਚ ਚੰਡੀਗੜ੍ਹ ਹਾਊਸਿੰਗ ਬੋਰਡ ਪ੍ਰੋਜੈਕਟ ਸਾਇਟ, ਸੈਕਟਰ 54 ਵਿੱਚ ਹਾਲ ਹੀ ਵਿੱਚ ਖਾਲੀ ਕਰਵਾਈ ਗਈ ਫਰਨੀਚਰ ਮਾਰਕਿਟ ਦੀ ਭੂਮੀ ਅਤੇ ਸੈਕਟਰ 54 ਦੀ ਆਦਰਸ਼ ਕਲੋਨੀ ਦਾ ਨਿਰੀਖਣ ਕੀਤਾ।

ਸਮੀਖਿਆ ਦਾ ਮੁੱਖ ਉਦੇਸ਼ ਖਾਲੀ ਅਤੇ ਨਿਰਧਾਰਿਤ ਪਲਾਟਾਂ ਦਾ ਟਿਕਾਊ ਸ਼ਹਿਰੀ ਆਵਾਸ ਅਤੇ ਲੋਕ ਭਲਾਈ ਪ੍ਰੋਜੈਕਟਾਂ ਲਈ ਪ੍ਰਭਾਵੀ ਉਪਯੋਗ ਸੁਨਿਸ਼ਚਿਤ ਕਰਨਾ ਸੀ। ਰਾਜਪਾਲ ਨੇ ਵਿਸ਼ੇਸ਼ ਤੌਰ 'ਤੇ ਸੈਕਟਰ 43 ਦੇ ਸਬ-ਸਿਟੀ ਸੈਂਟਰ ਵਿੱਚ 70 ਏਕੜ ਦੇ ਮਿਸ਼ਰਿਤ-ਭੂ-ਉਪਯੋਗ ਵਿਕਾਸ ਖੇਤਰ ਅਤੇ ਸੈਕਟਰ 54 ਦੀ ਫਰਨੀਚਰ ਮਾਰਕਿਟ ਤੋਂ ਪ੍ਰਾਪਤ ਭੂਮੀ ਦੇ ਲਈ ਉਚਿਤ ਜ਼ੋਨਿੰਗ, ਯੋਜਨਾਬੱਧ ਉਪਯੋਗ ਅਤੇ ਭਵਿੱਖ-ਮੁਖੀ ਵਿਕਾਸ ਦੀ ਜ਼ਰੂਰਤ 'ਤੇ ਬਲ ਦਿੱਤਾ।

ਸਰਕਾਰੀ ਕਰਮਚਾਰੀਆਂ ਲਈ ਕਿਰਾਏ ਦੀ ਰਿਹਾਇਸ਼ ਲਈ ਸੈਕਟਰ 43 ਵਿੱਚ ਸਰਕਾਰੀ ਰਿਹਾਇਸ਼ ਪ੍ਰੋਜੈਕਟ ਦੀ ਸਮੀਖਿਆ ਕਰਦੇ ਹੋਏ, ਰਾਜਪਾਲ ਨੇ ਅਧਿਕਾਰੀਆਂ ਨੂੰ ਜ਼ਰੂਰੀ ਸੇਵਾ ਸੁਵਿਧਾਵਾਂ - ਧੋਬੀ ਸੁਵਿਧਾਵਾਂ, ਕਰਿਆਨੇ ਦੀਆਂ ਦੁਕਾਨਾਂ ਅਤੇ ਹੋਰ ਬੁਨਿਆਦੀ ਵਪਾਰਕ ਸਥਾਨਾਂ - ਨੂੰ ਸ਼ਾਮਲ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਭਵਿੱਖ ਦੇ ਰਿਹਾਇਸ਼ੀ ਪ੍ਰੋਜੈਕਟਾਂ ਵਿੱਚ ਸਰਕਾਰੀ ਕਰਮਚਾਰੀਆਂ ਲਈ ਸਮਰਪਿਤ ਇਨ-ਹਾਊਸ ਅਲਾਟਮੈਂਟ ਵਿਵਸਥਾ ਸ਼ਾਮਲ ਹੋਣੀ ਚਾਹੀਦੀ ਹੈ, ਤਾਕਿ ਰਿਹਾਇਸ਼ੀ ਕਿਰਾਏ ਦੇ ਭੱਤਿਆਂ 'ਤੇ ਨਿਰਭਰਤਾ ਘੱਟ ਹੋਵੇ ਅਤੇ ਪ੍ਰਸ਼ਾਸਨਿਕ ਕਾਰਜ-ਕੁਸ਼ਲਤਾ ਵਧੇ।

ਨਿਰੀਖਣ ਦੇ ਦੌਰਾਨ ਰਾਜਪਾਲ ਨੇ ਸੈਕਟਰ 56 ਵਿੱਚ ਬਲਕ ਮਟੀਰੀਅਲ ਮਾਰਕਿਟ ਸਾਇਟ ਦਾ ਵੀ ਦੌਰਾ ਕੀਤਾ, ਜੋ ਖੇਤਰ ਦੇ ਨਿਰਮਾਣ ਅਤੇ ਖਰੀਦ ਈਕੋਸਿਸਟਮ ਲਈ ਮਹੱਤਵਪੂਰਨ 55 ਏਕੜ ਦਾ ਵਪਾਰਕ ਕੇਂਦਰ ਹੈ। ਉਨ੍ਹਾਂ ਨੇ ਸੰਚਾਲਨ ਚੁਣੌਤੀਆਂ ਨੂੰ ਸਮਝਣ ਲਈ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਅਤੇ ਪਾਰਦਰਸ਼ਤਾ, ਸੁਵਿਵਸਥਿਤ ਕਾਰਜ ਪ੍ਰਣਾਲੀ ਅਤੇ ਚੰਗੀ ਤਰ੍ਹਾਂ ਨਿਯੰਤ੍ਰਿਤ ਬਜ਼ਾਰ ਵਿਵਸਥਾ ਦੇ ਪਾਲਨ 'ਤੇ ਜ਼ੋਰ ਦਿੱਤਾ।

ਡਿਪਟੀ ਕਮਿਸ਼ਨਰ ਨੇ ਸੁਝਾਅ ਦਿੱਤਾ ਕਿ ਇਸ ਪ੍ਰਸਤਾਵਿਤ ਜਗ੍ਹਾ 'ਤੇ ਧਨਾਸ ਦੇ ਮਾਰਬਲ ਡੀਲਰਾਂ ਅਤੇ ਫਰਨੀਚਰ ਮਾਰਕਿਟ ਦੇ ਦੁਕਾਨ ਮਾਲਕਾਂ ਨੂੰ ਸਮਾਯੋਜਨ ਕਰਨ ਨੂੰ ਤਰਜੀਹ ਦਿੱਤੀ ਜਾਵੇਗੀ। ਉਨ੍ਹਾਂ ਨੇ ਵਪਾਰੀ ਲਾਗਤਾਂ ਨੂੰ ਘਟਾਉਣ ਅਤੇ ਜਗ੍ਹਾ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਲਈ ਵਿਅਕਤੀਗਤ ਪਲਾਟਾਂ 'ਤੇ ਤਿੰਨ ਮੰਜ਼ਿਲਾ ਇਮਾਰਤਾਂ ਬਣਾਉਣ ਦੀ ਪ੍ਰਵਾਨਗੀ ਵੀ ਦਿੱਤੀ ਗਈ ਹੈ।

ਰਾਜਪਾਲ ਨੇ ਬੇਅੰਤ ਸਿੰਘ ਮੈਮੋਰੀਅਲ, ਸੈਕਟਰ-42 ਦਾ ਵੀ ਨਿਰੀਖਣ ਕੀਤਾ ਅਤੇ ਉੱਥੇ ਪਹਿਲਾਂ ਤੋਂ ਬਣੀਆਂ ਇਮਾਰਤਾਂ ਦੇ ਬਿਹਤਰ ਉਪਯੋਗ ਅਤੇ ਜਨਤਕ ਪਹੁੰਚ ਵਧਾਉਣ ਲਈ ਪ੍ਰਸਤਾਵ ਮੰਗੇ।

ਸੈਕਟਰ 53 ਅਤੇ 54 ਵਿੱਚ ਚੰਡੀਗੜ੍ਹ ਹਾਊਸਿੰਗ ਬੋਰਡ ਪ੍ਰੋਜੈਕਟ ਸਾਇਟਾਂ 'ਤੇ, ਰਾਜਪਾਲ ਨੇ ਚੰਡੀਗੜ੍ਹ ਹਾਊਸਿੰਗ ਬੋਰਡ ਅਧਿਕਾਰੀਆਂ ਨੂੰ ਵਿਕਾਸ ਤੇਜ਼ ਕਰਨ ਅਤੇ ਭੂਮੀ ਦਾ ਕੁਸ਼ਲ ਉਪਯੋਗ ਸੁਨਿਸ਼ਚਿਤ ਕਰਨ ਲਈ ਸਮੂਹ ਹਾਊਸਿੰਗ ਲਈ ਸਾਇਟਾਂ ਦੀ ਨਿਲਾਮੀ ਦੀ ਸੰਭਾਵਨਾ 'ਤੇ ਵਿਚਾਰ ਕਰਨ ਦੇ ਨਿਰਦੇਸ਼ ਦਿੱਤੇ।ਰਾਜਪਾਲ ਦੇ ਨਾਲ ਸ਼੍ਰੀ ਐੱਚ. ਰਾਜੇਸ਼ ਪ੍ਰਸਾਦ, ਮੁੱਖ ਸਕੱਤਰ ਯੂਟੀ ਚੰਡੀਗੜ੍ਹ; ਸ਼੍ਰੀ ਵਿਵੇਕ ਪ੍ਰਤਾਪ ਸਿੰਘ, ਰਾਜਪਾਲ ਪੰਜਾਬ ਦੇ ਪ੍ਰਿੰਸੀਪਲ ਸਕੱਤਰ; ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਡਿਪਟੀ ਕਮਿਸ਼ਨਰ ਚੰਡੀਗੜ੍ਹ; ਸ਼੍ਰੀ ਪ੍ਰਦੀਪ ਕੁਮਾਰ, ਸੀਈਓ ਚੰਡੀਗੜ੍ਹ ਹਾਊਸਿੰਗ ਬੋਰਡ; ਸ਼੍ਰੀ ਰਾਜੀਵ ਮਹਿਤਾ, ਮੁੱਖ ਆਰਕੀਟੈਕਟ; ਸ਼੍ਰੀ ਸੀ.ਬੀ. ਓਝਾ, ਮੁੱਖ ਇੰਜੀਨੀਅਰ; ਅਤੇ ਚੰਡੀਗੜ੍ਹ ਪ੍ਰਸ਼ਾਸਨ, ਚੰਡੀਗੜ੍ਹ ਹਾਊਸਿੰਗ ਬੋਰਡ ਅਤੇ ਨਗਰ ਨਿਗਮ ਦੇ ਹੋਰ ਸੀਨੀਅਰ ਅਧਿਕਾਰੀ ਉਪਸਥਿਤ ਸਨ।

## ਗੁਟਕਾ, ਪਾਨ ਮਸਾਲਾ ਤੇ ਨਸ਼ੀਲੇ ਫਲੇਵਰ ਵੇਚਣ 'ਤੇ ਪੂਰਨ ਪਾਬੰਦੀ

**ਪਟਿਆਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਦੇ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀਮਤੀ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਪਟਿਆਲਾ ਦੀ ਹੱਦ ਅੰਦਰ ਗੁਟਕਾ, ਪਾਨ ਮਸਾਲਾ ਅਤੇ ਖਾਣ ਪੀਣ ਵਾਲੀਆਂ ਹੋਰ ਚੀਜਾਂ ਜਿਹਨਾਂ ਵਿੱਚ ਤੰਬਾਕੂ ਅਤੇ ਨਿਕੋਟੀਨ ਹੋਵੇ ਜਾਂ ਨਸ਼ੀਲੇ ਪਦਾਰਥਾਂ ਨੂੰ ਵੱਖ-ਵੱਖ ਖਾਣ ਪੀਣ ਵਾਲੀਆਂ ਵਸਤਾਂ ਜਾਂ ਕਿਸੇ ਹੋਰ ਢੰਗ ਨਾਲ ਇਹਨਾਂ ਨਸ਼ੀਲੇ ਪਦਾਰਥਾਂ ਨੂੰ ਵੱਖ-ਵੱਖ ਫਲੇਵਰਾਂ ਆਦਿ ਵਿੱਚ ਪਾ ਕੇ ਕਿਸੇ ਵੀ ਹੁੱਕਾ ਬਾਰ ਹੋਟਲ/ਰੈਸਟੋਰੈਂਟ ਆਦਿ ਵਿੱਚ ਆਉਣ ਵਾਲਿਆਂ ਨੂੰ ਵੇਚਣ/ਪਰੋਸਣ ਅਤੇ ਅਜਿਹੇ ਹੁੱਕਾ ਬਾਰ ਚਲਾਉਣ ' ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜਾਰੀ ਇਹ ਹੁਕਮ 05-12-2026 ਤੱਕ ਲਾਗੂ ਰਹਿਣਗੇ।

## ਖਾਲਸਾ ਸਾਜਨਾ ਦਿਵਸ ਮੌਕੇ ਵਿਸ਼ਾਲ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਜਾਵੇਗਾ : ਹਰਮੀਤ ਸਿੰਘ ਕਾਲਕਾ

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਦਾਰ ਹਰਮੀਤ ਸਿੰਘ ਕਾਲਕਾ ਪ੍ਰਧਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਹੈ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਉਨ੍ਹਾਂ ਨਾਲ ਸ਼ਹੀਦ ਹੋਏ ਤਿੰਨ ਅਨਿਨ ਸ਼ਹੀਦਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਨੇਂ ਸ਼ਹੀਦੀ ਸ਼ਤਾਬਦੀ ਦੇ ਸੰਪੂਰਨਤਾ ਮੌਕੇ ਵਿਸ਼ਾਲ ਸਮਾਗਮ ਕਰਵਾਏ ਜਾਣਗੇ। ਸਰਦਾਰ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਇਨ੍ਹਾਂ ਸਮਾਗਮਾਂ ਵਿੱਚ ਹਰ ਵਰਗ ਦੀ ਸ਼ਮੂਲੀਅਤ ਕਰਵਾਕੇ ਇਨ੍ਹਾਂ ਸਮਾਗਮਾਂ ਨੂੰ ਯਾਦਗਾਰੀ ਬਣਵਾਇਆ ਜਾਵੇਗਾ।

ਉਨ੍ਹਾਂ ਦੱਸਿਆ ਕਿ 13 ਅਪ੍ਰੈਲ ਨੂੰ ਖਾਲਸਾ ਸਾਜਨਾ ਦਿਵਸ ਮੌਕੇ ਵਿਸ਼ਾਲ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਜਾਵੇਗਾ । ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਅੰਮ੍ਰਿਤ



ਸੰਚਾਰ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਵੇਗਾ! ਉਨ੍ਹਾਂ ਕਿਹਾ ਕਿ ਇਸ ਲਈ ਉਹ ਜਲਦੀ ਹੀ ਗੁਰੂ ਘਰਾਂ ਦੇ ਹੈਡ ਗ੍ਰੰਥੀਆਂ ਅਤੇ ਸੰਬੰਧ ਸੰਸਥਾਵਾਂ ਨਾਲ ਮੀਟਿੰਗਾਂ ਕਰਨਗੇ। ਉਨ੍ਹਾਂ ਆਸ ਪ੍ਰਗਟਾਈ ਕਿ ਬੀਬੀਆਂ ਇਨ੍ਹਾਂ ਵਿਸ਼ਾਲ ਸਮਾਗਮ ਵਿੱਚ ਵਡਮੁੱਲਾ ਯੋਗਦਾਨ ਪਾਉਣ ਗਈਆਂ।

## ਕੌਮਾਂਤਰੀ ਸਰਹੱਦ ਤੇ 6 ਕਿਲੋ ਤੋਂ ਵੱਧ ਹੈਰੋਇਨ, ਪਿਸਤੌਲ ਬਰਾਮਦ

**ਅੰਮ੍ਰਿਤਸਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਾਰਡਰ ਸਿਕਿਓਰਿਟੀ ਫੋਰਸ ਨੇ ਪੰਜਾਬ ਵਿੱਚ ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ ਦੋ ਵੱਖ-ਵੱਖ ਤਲਾਸ਼ੀ ਮੁਹਿੰਮਾਂ ਦੌਰਾਨ 6 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਅਤੇ ਇੱਕ ਪਿਸਤੌਲ ਬਰਾਮਦ ਕੀਤਾ ਹੈ। ਇੱਕ ਅਧਿਕਾਰੀ ਨੇ ਐਤਵਾਰ ਨੂੰ ਦੱਸਿਆ ਕਿ ਬੀ ਐੱਸ ਐੱਫ ਦੇ ਜਵਾਨਾਂ ਨੇ ਸ਼ਨਿਚਰਵਾਰ ਰਾਤ ਨੂੰ ਇੱਕ ਡਰੋਨ ਦੇਖਣ ਤੋਂ ਬਾਅਦ ਇੱਕ ਵਿਆਪਕ ਤਲਾਸ਼ੀ ਮੁਹਿੰਮ ਚਲਾਈ ਅਤੇ ਦਾਓਕੇ ਪਿੰਡ ਨੇੜੇ ਇੱਕ ਖੇਤ ਪੈਕੇਟ ਬਰਾਮਦ ਕੀਤੇ।ਅਧਿਕਾਰੀ ਨੇ ਦੱਸਿਆ ਕਿ ਫਿਰੋਜ਼ਪੁਰ ਦੇ ਸਰਹੱਦੀ ਇਲਾਕੇ ਵਿੱਚ ਚਲਾਈ ਗਈ ਇੱਕ ਹੋਰ ਕਾਰਵਾਈ ਵਿੱਚ ਬੀ ਐੱਸ ਐੱਫ ਦੇ ਜਵਾਨਾਂ ਨੇ ਗੰਡੂ ਕਿਲਚਾ ਪਿੰਡ ਨੇੜੇ ਇੱਕ ਖੇਤੀਬਾੜੀ ਜ਼ਮੀਨ ਵਿੱਚੋਂ ਚਾਰ ਰਾਉਂਡਾਂ ਸਮੇਤ ਇੱਕ ਪਿਸਤੌਲ ਬਰਾਮਦ ਕੀਤਾ।

## ਜੇਲ੍ਹ ਦੇ ਆਲੇ ਦੁਆਲੇ 500 ਮੀਟਰ ਏਰੀਏ ਨੂੰ ਨੋ ਡਰੋਨ ਜ਼ੋਨ ਏਰੀਆ ਘੋਸ਼ਿਤ

**ਪਟਿਆਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜਿਲ੍ਹਾ ਮੈਜਿਸਟ੍ਰੇਟ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਜਿਲ੍ਹੇ ਵਿੱਚ ਜੇਲ੍ਹਾਂ ਦੇ ਖੇਤਰ ਅਤੇ ਜੇਲ੍ਹਾਂ ਦੇ ਆਲੇ ਦੁਆਲੇ 500 ਮੀਟਰ ਏਰੀਏ ਨੂੰ ਨੋ ਡਰੋਨ ਜ਼ੋਨ ਏਰੀਆ ਘੋਸ਼ਿਤ ਕੀਤਾ ਹੈ।

ਓਹਨਾ ਕਿਹਾ ਕਿ ਡਰੋਨ ਜਨਤਕ ਡੋਮੇਨ ਵਿਚ ਤੇਜੀ ਨਾਲ ਅਤੇ ਅਸਾਨੀ ਨਾਲ ਪਹੁੰਚਣ ਯੋਗ ਬਣ ਗਏ ਹਨ, ਜੋ ਸੰਭਾਵੀ ਸੁਰੱਖਿਆ ਉਲੰਘਣਾਵਾਂ ਬਾਰੇ ਚਿੰਤਾ ਪੈਦਾ ਕਰਦੇ ਹਨ ਅਤੇ ਜੇਲ੍ਹਾਂ ਦੇ ਨੇੜੇ ਅਜਿਹੀਆਂ ਅਣ ਅਧਿਕਾਰਿਤ ਡਰੋਨ ਉਡਾਣਾਂ ਇਕ ਗੰਭੀਰ ਖਤਰਾ ਪੈਦਾ ਕਰਦੀਆਂ ਹਨ।

ਵਧੀਕ ਜਿਲ੍ਹਾ ਮੈਜਿਸਟ੍ਰੇਟ ਨੇ ਦਸਿਆ ਕਿ ਜੇਲ੍ਹਾਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਜੇਲ੍ਹਾਂ ਦੇ ਆਲੇ ਦੁਆਲੇ 500 ਮੀਟਰ ਏਰੀਏ ਨੂੰ ਨੋ ਡਰੋਨ ਏਰੀਆ ਘੋਸ਼ਿਤ ਕੀਤਾ ਗਿਆ ਹੈ। ਇਹ ਹੁਕਮ 3 ਫਰਵਰੀ 2026 ਤਕ ਲਾਗੂ ਰਹੇਗਾ।

## ਐਨਡੀਪੀਐਸ ਐਕਟ ਅਧੀਨ ਕਾਬੂ ਵਿਅਕਤੀ ਦੀ ਪੁਲਿਸ ਹਿਰਾਸਤ 'ਚ ਮੌਤ

**ਅੰਮ੍ਰਿਤਸਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਪੁਲੀਸ ਥਾਣੇ ਵਿੱਚ ਅੱਜ ਐਨਡੀਪੀਐਸ ਐਕਟ ਅਧੀਨ ਬੰਦ ਕੀਤੇ ਇੱਕ ਵਿਅਕਤੀ ਦੀ ਭੇਦ ਭਰੇ ਹਾਲਾਤਾਂ ਵਿੱਚ ਮੌਤ ਹੋ ਗਈ ਹੈ। ਮ੍ਰਿਤਕ ਦੀ ਪਛਾਣ ਗੁਰਪ੍ਰੀਤ ਸਿੰਘ ਪੁੱਤਰ ਲਾਭ ਸਿੰਘ ਵਾਸੀ ਪਿੰਡ ਕਿਲ੍ਹਾ ਜੀਵਨ ਸਿੰਘ ਵੱਜੋਂ ਹੋਈ। ਇਸ ਮੌਤ ਦੇ ਰੋਸ ਵਜੋਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੇ ਥਾਣੇ ਦੇ ਸਾਹਮਣੇ ਧਰਨਾ ਦਿੰਦਿਆਂ ਅੰਮ੍ਰਿਤਸਰ-ਜਲੰਧਰ ਜੀਟੀ ਰੋਡ ਜਾਮ ਕਰ ਦਿੱਤਾ ਅਤੇ ਪੁਲੀਸ ਪ੍ਰਸ਼ਾਸਨ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਇਨਸਾਫ ਦੀ ਮੰਗ ਕੀਤੀ।



ਇਸ ਸਬੰਧੀ ਗੱਲਬਾਤ ਕਰਦਿਆਂ ਐੱਸਪੀ ਹੈਡ ਕੁਆਰਟਰ ਤੇਜਵੀਰ ਸਿੰਘ ਤੇ ਡੀਐੱਸਪੀ ਗੁਰਿੰਦਰਪਾਲ ਨਾਗਰਾ ਨੇ ਦੱਸਿਆ ਇਥੋਂ ਨਜ਼ਦੀਕੀ ਪਿੰਡ ਕਿਲਾ ਜੀਵਨ ਸਿੰਘ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਪੁੱਤਰ ਲਾਭ ਸਿੰਘ, ਜੋ ਐਨਡੀਪੀਐਸ ਐਕਟ ਅਧੀਨ ਦਰਜ 326 ਨੰਬਰ ਪਰਚੇ ਵਿੱਚ ਇੱਕ ਹੋਰ ਵਿਅਕਤੀ ਸਮੇਤ ਹਿਰਾਸਤ ਵਿੱਚ ਲਿਆ ਗਿਆ ਸੀ, ਦੀ ਸਵੇਰੇ ਅਚਾਨਕ ਤਬੀਅਤ ਖਰਾਬ ਹੋ ਗਈ ਜਿਸ ਨੂੰ ਤੁਰੰਤ ਸਰਕਾਰੀ ਹਸਪਤਾਲ ਮਾਨਾਂਵਾਲਾ ਵਿਖੇ ਲਜਾਇਆ ਗਿਆ। ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਘੋਸ਼ਿਤ ਕਰ ਦਿੱਤਾ।

ਉਨ੍ਹਾਂ ਕਿਹਾ ਮ੍ਰਿਤਕ ਦੂਸਰਾ ਸਾਥੀ ਬਿਲਕੁਲ ਠੀਕ ਠਾਕ ਹੈ। ਐੱਸਪੀ ਤੇਜਵੀਰ ਸਿੰਘ ਨੇ ਕਿਹਾ ਮਾਮਲੇ ਦੀ ਜੂਡੀਸ਼ਅਲ ਜਾਂਚ ਹੋਵੇਗੀ, ਜਿਸ ਲਈ ਜੱਜ ਸਾਹਿਬਾਨ ਮੌਕੇ ਉੱਪਰ ਆ ਰਹੇ ਹਨ। ਠਾਣੇ ਵਿੱਚ ਥਾਂ-ਥਾਂ ਉੱਪਰ ਸੀਸੀਟੀਵੀ ਕੈਮਰੇ ਲੱਗੇ ਹਨ, ਜਿਨਾਂ ਦੇ ਫੁਟੇਜ ਵੀ ਖੰਗਾਲੀ ਜਾਵੇਗੀ ਅਤੇ ਜੋ ਵੀ ਤੱਥ ਸਾਹਮਣੇ ਆਉਣਗੇ ਉਸ ਮੁਤਾਬਕ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਪ੍ਰਦਰਸ਼ਨ ਦੌਰਾਨ ਡੀਐੱਸਪੀ ਜੰਡਿਆਲਾ ਗੁਰੂ ਰਵਿੰਦਰ ਸਿੰਘ ਅਤੇ ਹੋਰ ਥਾਣਿਆਂ ਦੇ ਐੱਸ ਐੱਚ ਓ ਭਾਰੀ ਫੋਰਸ ਨਾਲ ਮੌਜੂਦ ਸਨ ਅਤੇ ਲਗਾਤਾਰ ਮ੍ਰਿਤਕ ਦੇ ਪਰਿਵਾਰ ਵਾਲਿਆਂ ਨਾਲ ਗੱਲਬਾਤ ਕਰਕੇ ਆਵਾਜਾਈ ਚਾਲੂ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਪਿਛਲੇ ਪੰਜ ਘੰਟਿਆਂ ਤੋਂ ਹਾਈਵੇ ਉੱਪਰ ਜਾਮ ਲੱਗਏ ਜਾਮ ਵਿੱਚ ਦਰਬਾਰ ਸਾਹਿਬ ਮੱਥਾ ਟੇਕਣ ਆਉਣ ਵਾਲੇ ਸ਼ਰਧਾਲੂ, ਬਰਾਤਾਂ ਵਾਲੀਆਂ ਗੱਡੀਆਂ ਅਤੇ ਕਈ ਪਾਲ ਨਾਗਰਾ ਨੇ ਦੱਸਿਆ ਇਥੋਂ ਨਜ਼ਦੀਕੀ ਪਿੰਡ ਕਿਲਾ ਜੀਵਨ ਸਿੰਘ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਪੁੱਤਰ ਲਾਭ ਸਿੰਘ, ਜੋ ਐਨਡੀਪੀਐਸ ਐਕਟ ਅਧੀਨ ਦਰਜ 326 ਨੰਬਰ ਪਰਚੇ ਵਿੱਚ ਇੱਕ ਹੋਰ ਵਿਅਕਤੀ ਸਮੇਤ ਹਿਰਾਸਤ ਵਿੱਚ ਲਿਆ ਗਿਆ ਸੀ, ਦੀ ਸਵੇਰੇ ਅਚਾਨਕ ਤਬੀਅਤ ਖਰਾਬ ਹੋ ਗਈ ਜਿਸ ਨੂੰ ਤੁਰੰਤ ਸਰਕਾਰੀ ਹਸਪਤਾਲ ਮਾਨਾਂਵਾਲਾ ਵਿਖੇ ਲਜਾਇਆ ਗਿਆ।

ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਵਿਦਿਆਰਥੀ ਜਿਨਾਂ ਦੀਆਂ ਅੱਜ ਪ੍ਰੀਖਿਆਵਾਂ ਹਨ ਜਾਮ ਵਿੱਚ ਫਸੇ ਦਿਖਾਈ ਦਿੱਤੇ। ਖ਼ਬਰ ਲਿਖੇ ਜਾਣ ਤੱਕ ਹਾਈਵੇ ਉੱਪਰ ਜਾਮ ਲੱਗਾ ਹੋਇਆ ਸੀ।

## ਪੰਜ ਪਿਸਤੌਲਾਂ ਸਮੇਤ ਗ੍ਰਿਫ਼ਤਾਰ

**ਅੰਮ੍ਰਿਤਸਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਲੀਸ ਦੇ ਕਾਊਂਟਰ ਇੰਟੈਲੀਜੈਂਸ ਵਿੰਗ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰ ਕੇ ਉਸ ਕੋਲੋਂ ਪੰਜ ਪਿਸਤੌਲਾਂ ਬਰਾਮਦ ਕੀਤੀਆਂ ਹਨ। ਗ੍ਰਿਫ਼ਤਾਰ ਵਿਅਕਤੀ ਦੀ ਸ਼ਨਾਖਤ ਜੋਧਵੀਰ ਸਿੰਘ ਵਜੋਂ ਦੱਸੀ ਗਈ ਹੈ ਜਿਸ ਨੂੰ ਇੰਡੀਆ ਗੇਟ ਦੇ ਨੇੜੇ ਇਲਾਕੇ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਉਸ ਦੀ ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ ਪੰਜ ਪਿਸਤੌਲ ਬਰਾਮਦ ਹੋਏ ਜਿਨ੍ਹਾਂ ਵਿੱਚ ਦੋ ਪੀਐਕਸ 5 ਪਿਸਤੌਲ, ਇੱਕ ਪੁਆਇੰਟ 30 ਬੋਰ ਦਾ ਪਿਸਤੌਲ ਅਤੇ ਦੋ 9 ਐਮ ਗਲੋਕ ਪਿਸਤੌਲ ਸ਼ਾਮਲ ਹਨ। ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਮੁੱਢਲੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਇਸ ਵਿਅਕਤੀ ਦੇ ਪਾਕਿਸਤਾਨ ਸਥਿਤ ਤਸਕਰਾਂ ਨਾਲ ਸਬੰਧ ਸਨ, ਜੋ ਉਸ ਨੂੰ ਪਾਕਿਸਤਾਨ ਤੋਂ ਗੈਰ ਕਾਨੂੰਨੀ ਢੰਗ ਨਾਲ ਹਥਿਆਰ ਪਹੁੰਚਾ ਰਹੇ ਸਨ।

## ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਮੁਰੰਮਤ ਮਗਰੋਂ ਲਗਾਏ ਸੋਨੇ ਦੇ ਪੱਤਰੇ



**ਅੰਮ੍ਰਿਤਸਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਚੱਲ ਰਹੀ ਸੋਨੇ ਦੇ ਪੱਤਰਿਆਂ ਅਤੇ ਮੀਨਾਕਾਰੀ ਦੀ ਸਾਂਭ-ਸੰਭਾਲ ਦੀ ਸੇਵਾ ਤਹਿਤ ਅੱਜ ਮੁੱਖ ਦਰਬਾਰ ਦੇ ਅੰਦਰੂਨੀ ਹਿੱਸੇ ਵਿਚ ਸੋਨੇ ਦੇ ਪੱਤਰੇ ਲਗਾਏ ਗਏ।

ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਨੂੰ ਸੌਂਪੀ ਗਈ ਸੀ, ਜਿਨ੍ਹਾਂ ਨੇ ਮੁਰੰਮਤ ਦਾ ਕਾਰਜ ਕੀਤਾ ਹੈ।

ਅੱਜ ਅਰਦਾਸ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਰਾਜਦੀਪ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਨਿਸ਼ਕਾਮ ਸੇਵਕ ਜਥੇ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਸੋਨੇ ਦੇ ਪੱਤਰੇ ਲੈ ਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪਹੁੰਚੇ ਅਤੇ ਸ਼ਰਧਾ ਨਾਲ ਪੱਤਰੇ ਲਗਾਉਣ ਸੇਵਕ ਜਥੇ ਦੇ ਮੁਖੀ ਭਾਈ ਸਾਹਿਬ ਭਾਈ ਮਹਿੰਦਰ ਸਿੰਘ ਸੋਨੇ ਦੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੱਤਰੇ ਲੈ ਸੇਵਾ ਆਰੰਭ ਕਰਵਾਈ।

# ਸਰਹੱਦੀ ਪੁੜਾਂ ’ਚ ਪਿਸਦੀ ਸ਼ਰਧਾ

ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਪੂਰੀ ਜ਼ਿੰਦਗੀ ਮਨੁੱਖਤਾ ਦੇ ਲੇਖੇ ਲਾ ਦਿੱਤੀ। ‘ਸੱਚਾ ਸੌਦਾ ਕਰਨ ਵਾਲੇ’ ਅਤੇ ਸਾਂਝੀਵਾਲਤਾ ਦਾ ਸੁਨੇਹਾ ਲੈ ਕੇ ਕਈ ਉਦਾਸੀਆਂ ਕਰਨ ਵਾਲੇ ਇਸ ਫਕੀਰ ਦੀ ਯਾਦ ’ਚ ਕਈ ਥਾਵਾਂ ’ਤੇ ਗੁਰਦੁਆਰਿਆਂ ਦੀ ਉਸਾਰੀ ਹੋਈ। 1947 ਦੀ ਭਾਰਤ-ਪਾਕਿ ਵੰਡ ਹੋਈ ਤਾਂ ਦੇਸ਼ ਦੋ ਹਿੱਸਿਆਂ ’ਚ ਵੰਡਿਆ ਗਿਆ ਅਤੇ ਇਸ ਦੇ ਨਾਲ ਹੀ ਬਾਬਾ ਨਾਨਕ ਦੀ ਯਾਦ ’ਚ ਉਸਾਰੇ ਦੋ ਇਤਿਹਾਸਕ ਗੁਰਦੁਆਰਾ ਸਾਹਿਬ ’ਚ ਸਰਹੱਦਨੁਮਾ ਲਕੀਰ ਖਿੱਚ ਦਿੱਤੀ ਗਈ। ਸ੍ਰੀ ਕਰਤਾਰਪੁਰ ਸਾਹਿਬ ਗੁਰਦੁਆਰਾ ਪਾਕਿਸਤਾਨ ਦੇ ਹਿੱਸੇ ਆਇਆ ਅਤੇ ਡੇਰਾ ਬਾਬਾ ਨਾਨਕ ਸਥਿਤ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਭਾਰਤ ਦੇ ਹਿੱਸੇ। ਪੰਜਾਬ ਦੇ ਕੈਬਨਿਟ ਮੰਤਰੀ ਨਵਜੋਤ ਸਿੰਘ ਸਿੱਧੂ ਵੱਲੋਂ ਪਾਕਿਸਤਾਨੀ ਫੌਜ ਦੇ ਮੁਖੀ ਕਮਰ ਜਾਵੇਦ ਬਾਜਵਾ ਨਾਲ ਗਲਵਕੜੀ ਪਾਏ ਜਾਣ ਤੋਂ ਬਾਅਦ ਦੇਸ਼ ਵਿਚਾਲੇ ਉੱਠੇ ਸਿਆਸੀ ਤੂਫਾਨ ਕਾਰਨ ਸ੍ਰੀ ਕਰਤਾਰਪੁਰ ਸਾਹਿਬ ਦੇ ਲਾਂਘੇ ਦਾ ਸਵਾਲ ਇਕ ਵਾਰ ਮੁੜ ਤੋਂ ਸੁਰਖੀਆਂ ’ਚ ਆ ਗਿਆ। ਕਰਤਾਰਪੁਰ ਸਾਹਿਬ ਦੇ ਲਾਂਘੇ ਸਬੰਧੀ ਵੱਖ-ਵੱਖ ਪਹਿਲੂਆਂ ’ਤੇ ਪੇਸ਼ ਹੈ ‘ਪੰਜਾਬੀ ਜਾਗਰਣ’ ਵੱਲੋਂ ਅਕਾਸ਼ ਤੇ ਮਹਿੰਦਰ ਸਿੰਘ ਅਰਲੀਭੰਨ ਦੀ ਖਾਸ ਰਿਪੋਰਟ :



## ਭਾਰਤ-ਪਾਕਿ ਵੰਡ ਨੇ ਵੰਡੇ ਬਾਬੇ ਨਾਨਕ ਦੇ ਗੁਰਦੁਆਰੇ

ਭਾਰਤ-ਪਾਕਿਸਤਾਨ ਦੀ ਵੰਡ ਪਿੱਛੋਂ ਬਾਬਾ ਨਾਨਕ ਦੀ ਯਾਦ ’ਚ ਉਸਾਰੇ ਗਏ ਦੋ ਗੁਰਦੁਆਰੇ ਵੀ ਵੰਡ ਦਿੱਤੇ ਗਏ। ਇਤਿਹਾਸਕ ਗੁਰਦੁਆਰਾ ਸ੍ਰੀ ਚੋਲਾ ਸਾਹਿਬ ਡੇਰਾ ਭਾਰਤ ਤੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਹਿੱਸੇ ਆਇਆ। ਸ੍ਰੀ ਕਰਤਾਰਪੁਰ ਸਾਹਿਬ ਗੁਰਦੁਆਰਾ ਦੇ ਖੁੱਲ੍ਹੇ ਦਰਸ਼ਨ ਲਈ ਨਾਨਕ ਨਾਮ ਲੇਵਾ ਸੰਗਤ ਪਿਛਲੇ ਕਰੀਬ 71 ਸਾਲ ਤੋਂ ਤਰਸ ਰਹੀ ਹੈ।

17 ਅਗਸਤ ਨੂੰ ਪਾਕਿਸਤਾਨ ਦੇ ਨਵੇਂ ਪ੍ਰਧਾਨ ਮੰਤਰੀ ਇਮਰਾਨ ਖਾਨ ਦੇ ਸਹੁੰ ਚੁੱਕ ਸਮਾਗਮ ਦੌਰਾਨ ਭਾਰਤੀ ਪੰਜਾਬ ਦੇ ਕੈਬਨਿਟ ਮੰਤਰੀ ਨਵਜੋਤ ਸਿੱਧੂ ਵੱਲੋਂ ਪਾਕਿਸਤਾਨੀ ਫੌਜ ਦੇ ਮੁਖੀ ਕਮਰ ਜਾਵੇਦ ਬਾਜਵਾ ਨਾਲ ਗਲਵਕੜੀ ਪਾਉਣ ਦਾ ਮਾਮਲਾ ਰਾਤੋ-ਰਾਤ ਦੇਸ਼ ਭਰ ’ਚ ਸੁਰਖੀਆਂ ’ਚ ਛਾ ਗਿਆ। ਇਸ ਮੁੱਦੇ ’ਤੇ ਕਈ ਲੋਕਾਂ ਵੱਲੋਂ ਨਵਜੋਤ ਸਿੱਧੂ ਨੂੰ ਦੇਸ਼ ਵਿਰੋਧੀ ਕਰਾਰ ਦਿੱਤਾ ਗਿਆ। ਜਿਥੇ ਭਾਜਪਾ ਵੱਲੋਂ ਸਿੱਧੂ ’ਤੇ ਚਹੁੰ ਤਰਫ਼ੋਂ ਹਮਲੇ ਕੀਤੇ ਗਏ, ਉਥੇ ਹੀ ਆਪਣੀ ਹੀ ਸਰਕਾਰ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਵੀ ਬਾਜਵਾ ਨੂੰ ਸਿੱਧੂ ਵੱਲੋਂ ਗਲਵਕੜੀ ਪਾਉਣਾ ਗਲਤ ਦੱਸਿਆ। ਅਕਾਲੀ ਦਲ ਵੱਲੋਂ ਖਾਸ ਕਰ ਹਰਸਿਮਰਤ ਕੌਰ ਬਾਦਲ ਵੱਲੋਂ ਸਿੱਧੂ ’ਤੇ ਤਿੱਖੇ ਹਮਲੇ ਕੀਤੇ ਗਏ। ਜੱਫੀ ਪਾ ਕੇ ਬੁਰੀ ਤਰ੍ਹਾਂ ਕੁੜਿੱਕੀ ’ਚ ਫਸੇ ਸਿੱਧੂ ਨੇ ਇਹ ਕਹਿ ਕੇ ਸਿੱਖ ਵਰਗ ਦੀਆਂ ਭਾਵਨਾਵਾਂ ਨੂੰ ਕੈਸ਼ ਕਰਨ ਦੀ ਕੋਸ਼ਿਸ਼ ਕੀਤੀ ਕਿ ਬਾਜਵਾ ਨੇ ਉਸ ਨੂੰ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਖੋਲ੍ਹਣ ਦਾ ਭਰੋਸਾ ਦਿੱਤਾ, ਜਿਸ ਕਾਰਨ ਉਹ ਸ਼ੁਕਰਾਨੇ ਵਜੋਂ ਖੁਦ ਨੂੰ ਬਾਜਵਾ ਨੂੰ ਗਲਵਕੜੀ ਪਾਉਣ ਤੋਂ ਨਹੀਂ ਰੋਕ ਸਕੇ। ਕੁਝ ਹੱਦ ਤਕ ਸਿੱਖ ਸੰਗਤ ਦਾ ਗੁੱਸਾ ਸ਼ਾਂਤ ਹੋਇਆ ਪਰ ਸਿੱਧੂ ਦੇ ਬਿਆਨ ਤੋਂ ਬਾਅਦ ਪਾਕਿਸਤਾਨ ਦੀ ਤਰਫੋਂ ਜਿਸ ਤਰ੍ਹਾਂ ਬਦਲਵੇਂ ਬਿਆਨ ਆਏ ਉਸ ਨਾਲ ਸਿੱਧੂ ਦੀਆਂ ਮੁਸ਼ਕਿਲਾਂ ਘੱਟ ਨਹੀਂ ਹੋਈਆਂ। ਸਿੱਧੂ ਵੱਲੋਂ ਵਿਦੇਸ਼ ਮਤਰੀ ਸੁਸ਼ਮਾ ਸਵਰਾਜ ਨਾਲ ਮੁਲਾਕਾਤ ਕਰ ਕੇ ਭਾਰਤ ਸਰਕਾਰ ਦੀ ਤਰਫੋਂ ਸਾਰਥਕ ਕਦਮ ਚੁੱਕਣ ਦੀ ਅਪੀਲ ਕੀਤੀ ਗਈ। ਭਾਰਤ ਸਰਕਾਰ ਦਾ ਰੁੱਖ ਕੀ ਹੁੰਦਾ ਹੈ ਇਹ ਅਜੇ ਪੂਰੀ ਤਰ੍ਹਾਂ ਸਾਫ਼ ਨਹੀਂ ਹੈ।

### ਸੁਰੱਖਿਆ ਕਾਰਨ ਵੀ ਲਾਂਘਾ ਖੋਲ੍ਹਣ ’ਚ ਅੜਿੱਕਾ

ਲਾਂਘਾ ਖੋਲ੍ਹਣ ’ਚ ਸੱਭ ਤੋਂ ਵੱਡਾ ਅੜਿੱਕਾ ਸੁਰੱਖਿਆ ਕਾਰਨਾਂ ਨੂੰ ਸਮਝਿਆ ਜਾ ਰਿਹਾ ਹੈ ਕਿਉਂਕਿ ਕੌਮਾਂਤਰੀ ਸਰਹੱਦ ਤੋਂ 40 ਕਿਲੋਮੀਟਰ ਦੂਰ ਤਿਬੜੀ ਛਾਉਣੀ ਸਥਿਤ ਹੈ। ਪਠਾਨਕੋਟ ਦਾ ਅਸਲਾ ਭੰਡਾਰ ਵੀ ਦੂਰ ਨਹੀਂ ਅਤੇ ਗੁਰਦਾਸਪੁਰ ਦੇ ਦੀਨਾਨਗਰ ਅਤੇ ਪਠਾਨਕੋਟ ਦੇ ਏਅਰ ਫੋਰਸ ਸਟੇਸ਼ਨ ’ਤੇ ਪਹਿਲਾਂ ਹੀ ਪਾਕਿਸਤਾਨੀ ਅੱਤਵਾਦੀਆਂ ਵੱਲੋਂ ਦੋ ਵੱਡੇ ਅੱਤਵਾਦੀ ਹਮਲੇ ਹੋ ਚੁੱਕੇ ਹਨ। ਇਸ ਦੇ ਬਾਵਜੂਦ ਭਾਰਤੀ ਫੌਜ ਦੇ ਬਹੁਤੇ ਅਧਿਕਾਰੀ ਸੁਰੱਖਿਆ ਨੂੰ ਕੋਈ ਕਾਰਨ ਨਹੀਂ ਮੰਨਦੇ ਕਿਉਂਕਿ ਉਨ੍ਹਾਂ ਅਨੁਸਾਰ ਭਾਰਤੀ ਫੌਜ ਅਤੇ ਬੀਐੱਸਐੱਫ ਪੂਰੀ ਤਰ੍ਹਾਂ ਮੁਸਤੈਦ ਅਤੇ ਸਮਰੱਥ ਹੈ। ਸਿੱਖ ਸੰਗਤ ਨੂੰ ਇਕ ਵਾਰ ਫਿਰ ਤੋਂ ਆਸ ਦੀ ਕਿਰਨ ਦਿਖਾਈ ਦੇ ਰਹੀ ਹੈ ਅਤੇ ਜੇਕਰ ਦੋਵੇਂ ਸਰਕਾਰਾਂ ਗੰਭੀਰਤਾ ਨਾਲ ਵਿਚਾਰ ਕਰਨ ਤਾਂ ਲਾਂਘਾ ਖੋਲ੍ਹ ਕੇ ਉਹ ਸਿੱਖ ਸੰਗਤ ਦੀ 7 ਦਹਾਕਿਆਂ ਪੁਰਾਣੀ ਮੰਗ ਨੂੰ ਪੂਰਾ ਕਰ ਸਕਦੀਆਂ ਹਨ।

### 1521 ’ਚ ਰੱਖਿਆ ਸ੍ਰੀ ਗੁਰਦੁਆਰਾ ਕਰਤਾਰਪੁਰ ਸਾਹਿਬ ਦਾ ਨੀਂਹ ਪੱਥਰ

ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਨੀਂਹ ਪੱਥਰ ਸਾਲ 1521 ਨੂੰ ਰੱਖਿਆ ਗਿਆ ਸੀ। ਇਸ ਇਤਿਹਾਸਕ ਗੁਰੂਧਾਮ ਦੀਆਂ ਤਿੰਨ ਮੰਜ਼ਿਲਾਂ ਹਨ। ਸ੍ਰੀ ਗੁਰੂ ਨਾਨਕ ਦੇਵ ਜੀ ਵੱਲੋਂ ਉਸਾਰੀ ਕਰਵਾਏ ਗਏ ਗੁਰਦੁਆਰਾ ਸਾਹਿਬ ਰਾਵੀ ਦਰਿਆ ਦੀ ਭੇਟ ਚੜ੍ਹਨ ਤੋਂ ਬਾਅਦ ਇਸ ਗੁਰਦੁਆਰਾ ਸਾਹਿਬ ਦੀ ਉਸਾਰੀ ਮਹਾਰਾਜਾ ਭੁਪਿੰਦਰ ਸਿੰਘ ਪਟਿਆਲਾ ਵੱਲੋਂ ਕਰਵਾ ਕੇ ਨਵੀਂ ਦਿੱਖ ਦਿੱਤੀ ਗਈ। ਗੁਰੂ ਨਾਨਕ ਸਾਹਿਬ ਨੇ ਆਪਣੀਆਂ ਚਾਰ ਉਦਾਸੀਆਂ ਤੋਂ ਬਾਅਦ 1952 ਈਸਵੀ ਵਿਚ ਸ੍ਰੀ ਕਰਤਾਰਪੁਰ ਸਾਹਿਬ ਆ ਕੇ ਆਪਣਾ ਪੱਕਾ ਵਾਸਾ ਕਰ ਲਿਆ ਅਤੇ ਇਥੇ ਰਹਿ ਕੇ ਖੇਤੀ ਕਰਨੀ ਸ਼ੁਰੂ ਕਰ ਦਿੱਤੀ ਅਤੇ ਕਰਤਾਰਪੁਰ ਸਾਹਿਬ ਸ਼ਹਿਰ ਵਸਾਇਆ। ਗੁਰੂ ਨਾਨਕ ਦੇਵ ਜੀ ਨੇ ਇਥੇ ਸਭ ਧਰਮਾਂ ਦੇ ਲੋਕਾਂ ਲਈ ਧਰਮਸ਼ਾਲਾ ਬਣਾਈ। ਗੁਰੂ ਸਾਹਿਬ ਵੱਲੋਂ ਇੱਥੇ ਜ਼ਿੰਦਗੀ ਦਾ ਕਾਫ਼ੀ ਸਮਾਂ ਬਿਤਾਉਣ ਕਾਰਨ ਇਹ ਅਸਥਾਨ ਸਿੱਖ ਧਰਮ ਦਾ ਪ੍ਰਚਾਰ ਕੇਂਦਰ ਬਣਿਆ।




ਸਰਹੱਦ ’ਤੇ ਲੱਗਾ ਕਰਤਾਰਪੁਰ ਸਾਹਿਬ ਨੂੰ ਜਾਣ ਵਾਲਾ ਬੋਰਡ।

### ਪਾਕਿਸਤਾਨ ’ਚ 4 ਦਿਹਾੜੇ ਮਨਾਉਣ ਜਾਂਦੇ ਨੇ ਸ਼ਰਧਾਲੂ

ਭਾਰਤ ਵਸਦੇ ਸ਼ਰਧਾਲੂ ਪਾਕਿਸਤਾਨ ’ਚ ਸਥਿਤ ਗੁਰੂਧਾਮਾਂ ਦੇ ਦਰਸ਼ਨ ਕਰਨ ਲਈ ਪਾਸਪੋਰਟ ਤੇ ਵੀਜ਼ਾ ਪ੍ਰਾਪਤ ਕਰ ਕੇ 4 ਵਾਰ ਵਿਸਾਖੀ, ਸ਼ਹੀਦੀ ਦਿਹਾੜਾ ਸ੍ਰੀ ਗੁਰੂ ਅਰਜਨ ਦੇਵ ਜੀ, ਬਰਸੀ ਮਹਾਰਾਜਾ ਰਣਜੀਤ ਸਿੰਘ ਤੋਂ ਇਲਾਵਾ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਮਨਾਉਣ ਲਈ ਜਾਂਦੇ ਹਨ। ਜਦਕਿ ਫਿਰ ਵੀ ਬਹੁ ਗਿਣਤੀ ਸੰਗਤਾਂ ਕਾਗਜ਼ੀ ਕਾਰਵਾਈ ਤੋਂ ਬਾਅਦ ਅਤੇ ਕਾਗਜ਼ੀ ਕਾਰਵਾਈ ਦੀ ਉਲਝਣ ਕਾਰਨ ਦਰਸ਼ਨ ਦੀਦਾਰ ਕਰਨ ਤੋਂ ਵਾਂਝੀਆਂ ਰਹਿ ਜਾਂਦੀਆਂ ਹਨ।



ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੀ ਤਸਵੀਰ।

### ਬਾਬਾ ਅਜਿੱਤੇ ਰੰਧਾਵਾ ਵੱਲੋਂ ਦਿੱਤੀ ਜ਼ਮੀਨ ’ਤੇ ਵਸਿਆ ਡੇਰਾ ਬਾਬਾ ਨਾਨਕ

ਸ੍ਰੀ ਗੁਰੂ ਨਾਨਕ ਦੇਵ ਜੀ ਦੀ 76ਵੀਂ ਪੀੜ੍ਹੀ ਦੇ ਬਾਬਾ ਸੁਖਦੀਪ ਸਿੰਘ ਨੇ ਦੱਸਿਆ ਕਿ ਡੇਰਾ ਬਾਬਾ ਨਾਨਕ ਸਥਿਤ ਬਾਬਾ ਅਜਿੱਤੇ ਰੰਧਾਵਾ ਦੇ ਖੂਹ ’ਤੇ ਸ੍ਰੀਗੁਰੂ ਨਾਨਕ ਦੇਵ ਜੀ ਕਰਤਾਰਪੁਰ ਸਾਹਿਬ ਤੋਂ ਮੱਝੀਆਂ ਚਾਰਨ ਲਈ ਆਉਂਦੇ ਸਨ। ਉਥੇ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਬਾਬਾ ਅਜਿੱਤੇ ਰੰਧਾਵਾ ਗੋਸ਼ਟੀ ਕਰਦੇ ਸਨ। ਬਾਬਾ ਅਜਿੱਤੇ ਰੰਧਾਵਾ ਜੋ ਪਿੰਡ ਪੱਖੋ ਕੇ ਰੰਧਾਵਾ ਦੇ ਵਾਸੀ ਸਨ, ਨੇ ਗੁਰੂ ਨਾਨਕ ਦੇਵ ਜੀ ਨੂੰ ਡੇਰਾ ਬਾਬਾ ਨਾਨਕ ਵਸਾਉਣ ਲਈ 526 ਕਨਾਲ ਜ਼ਮੀਨ ਦਿੱਤੀ ਸੀ, ਜਿਸ ਨੂੰ ਬਾਬੇ ਨਾਨਕ ਦੇ ਪੋਤਰੇ ਧਰਮ ਚੰਦ ਪੁੱਤਰ ਬਾਬਾ ਲਖਮੀ ਦਾਸ ਵੱਲੋਂ ਡੇਰਾ ਬਾਬਾ ਨਾਨਕ ਦੇ ਵਜੋਂ ਵਸਾਇਆ ਗਿਆ। ਇਸ ਤੋਂ ਇਲਾਵਾ ਡੇਰਾ ਬਾਬਾ ਨਾਨਕ ਵਿਖੇ ਬਾਬਾ ਅਜਿੱਤੇ ਰੰਧਾਵਾ ਦੇ ਪੁਰਾਤਨ ਖੂਹ ’ਤੇ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅੰਗ ਬਸਤਰ ਚੋਲਾ ਸਾਹਿਬ, ਜੋ ਬੇਦੀ ਕਾਬਲੀ ਮੱਲ ਵੱਲੋਂ ਕਾਬਲ ਕੰਧਾਰ ਆਫਗਾਨਿਸਤਾਨ ਤੋਂ ਲਿਆਂਦਾ ਸੀ, ਇਸ ਸਮੇਂ ਵੀ ਗੁਰਦੁਆਰਾ ਚੋਲਾ ਸਾਹਿਬ ਵਿਖੇ ਬਿਰਾਜਮਾਨ ਹੈ। ਇਥੇ ਹਰ ਸਾਲ 4,5,6 ਮਾਰਚ ਨੂੰ ਜੋੜ ਮੇਲਾ ਲੱਗਦਾ ਹੈ।




## ਦਰਸ਼ਨ ਅਭਿਲਾਖੀ ਸੰਸਥਾ ਕਰਦੀ ਆ ਰਹੀ ਹੈ ਅਰਦਾਸ

ਇਸ ਲਾਂਘੇ ਨੂੰ ਖੋਲ੍ਹਣ ਲਈ ਕਰਤਾਰਪੁਰ ਦਰਸ਼ਨ ਅਭਿਲਾਖੀ ਸੰਸਥਾ 13 ਅਪ੍ਰੈਲ 2001 ਤੋਂ ਹੁਣ ਤਕ ਮੱਸਿਆ ਦੇ ਦਿਹਾੜੇ ’ਤੇ ਖੁੱਲ੍ਹੇ ਦਰਸ਼ਨ ਦੀਦਾਰੇ ਲਈ ਸੰਗਤ ਸਮੇਤ ਅਰਦਾਸ ਕਰਦੀ ਆ ਰਹੀ ਹੈ। ਭਾਵੇਂ ਇਸ ਕਾਰਜ ਦੀ ਸ਼ੁਰੂਆਤ ਮਰਹੂਮ ਕੁਲਦੀਪ ਸਿੰਘ ਵਡਾਲਾ ਅਤੇ ਸੰਸਥਾ ਦੇ ਜਰਨਲ ਸਕੱਤਰ ਗੁਰਿੰਦਰ ਸਿੰਘ ਬਾਜਵਾ ਵੱਲੋਂ ਕੀਤੀ ਗਈ ਪਰ ਅਰਦਾਸ ਬੇਨਤੀ ਦੇ ਮਹੀਨਾਵਾਰ ਇਸ ਕਾਰਜ ਨੂੰ ਹੋਰ ਸੰਗਤਾਂ ਹਰ ਮੱਸਿਆ ’ਤੇ ਨਿਰੰਤਰ ਕਰਦੀਆਂ ਆ ਰਹੀਆਂ ਹਨ। ਇਸ ਤੋਂ ਇਲਾਵਾ ਸੰਗਰਾਂਦ ਅਤੇ ਹੋਰਨਾਂ ਦਿਹਾੜਿਆਂ ’ਤੇ ਵੀ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਖੁੱਲ੍ਹੇ ਦਰਸ਼ਨ ਦੀਦਾਰਿਆਂ ਲਈ ਸਮੂਹਿਕ ਰੂਪ ’ਚ ਅਰਦਾਸ ਬੇਨਤੀ ਕਰਦੀਆਂ ਆ ਰਹੀਆਂ ਹਨ।

### ਦਰਸ਼ਨ ਕਰ ਕੇ ਭਾਵੁਕ ਹੋ ਜਾਂਦੀਆਂ ਨੇ ਸੰਗਤਾਂ

ਦਰਸ਼ਨ ਸਥੱਲ ਡੇਰਾ ਬਾਬਾ ਨਾਨਕ ਵਿਖੇ ਅਕਸਰ ਸੰਗਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰ ਕੇ ਭਾਵੁਕ ਹੋ ਜਾਂਦੀਆਂ ਹਨ। ਸਿੱਖ ਸੰਗਤ ਲਈ ਸ੍ਰੀ ਕਰਤਾਰਪੁਰ ਸਾਹਿਬ ਦੇ ਖੁੱਲ੍ਹੇ ਦਰਸ਼ਨ ਸੰਭਵ ਨਾ ਹੋਣ ਕਰ ਕੇ ਸੰਗਤ ਇਸ ਸਥਾਨ ’ਤੇ ਬੈਠ ਕੇ ਜਾਪ ਕਰ ਕੇ ਗੁਰੂ ਘਰ ਦੀ ਖੁਸ਼ੀ ਪ੍ਰਾਪਤ ਕਰਦੀਆਂ ਹਨ। ਸੋਹਣ ਸਿੰਘ ਪਟਿਆਲਾ, ਤਲਵਿੰਦਰ ਸਿੰਘ ਬੁੱਟਰ, ਅਜੇਪਾਲ ਸਿੰਘ ਸੰਧੂ, ਭਾਈ ਬਲਦੇਵ ਸਿੰਘ ਸਾਹਪੁਰ, ਧਰਮਿੰਦਰਜੀਤ ਸਿੰਘ ਕੰਗ ਆਦਿ ਨੇ ਕਿਹਾ ਕਿ ਉਨ੍ਹਾਂ ਵੱਲੋਂ ਦੂਰਬੀਨ ਰਾਹੀਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਜੀ ਦੇ ਦਰਸ਼ਨ ਦੀਦਾਰੇ ਕਰ ਕੇ ਆਪਣੇ ਮਨ ’ਚ ਗੁਰੂ ਪ੍ਰਤੀ ਪਿਆਰ ਦੀ ਭਾਵਨਾ ਨੂੰ ਪੂਰਾ ਕੀਤਾ ਜਾਂਦਾ ਹੈ।

### ਜ਼ਿੰਦਗੀ ਦੇ ਆਖ਼ਰੀ ਸਾਢੇ 17 ਸਾਲ ਕਰਤਾਰਪੁਰ ਬਿਤਾਏ

ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਜਿਨ੍ਹਾਂ ਨੂੰ ਬਾਬਾ ਨਾਨਕ ਤੇ ਨਾਨਕਸ਼ਾਹ ਦੇ ਨਾਂ ਨਾਲ ਵੀ ਯਾਦ ਕੀਤਾ ਜਾਂਦਾ ਹੈ, ਦਾ ਜਨਮ ਕਤਕ ਦੀ ਪੂਰਨਮਾਸ਼ੀ 1469 ਨੂੰ ਨਨਕਾਣਾ ਸਾਹਿਬ ਪਾਕਿਸਤਾਨ ’ਚ ਰਾਏ ਭੋਇ ਦੀ ਤਲਵੰਡੀ ਪਿਤਾ ਕਲਿਆਣ ਦਾਸ (ਕਾਲੂ) ਮਹਿਤਾ ਜੋ ਪਟਵਾਰੀ ਸਨ ਅਤੇ ਮਾਂ ਤ੍ਰਿਪਤਾ ਦੀ ਕੁੱਖੋਂ ਹੋਇਆ ਸੀ। ਉਨ੍ਹਾਂ ਨੇ ਸ੍ਰੀ ਕਰਤਾਰਪੁਰ ਸਾਹਿਬ ਵਿਖੇ ਆਪਣੀ ਜ਼ਿੰਦਗੀ ਦੇ ਆਖਿਰੀ 17 ਸਾਲ 5 ਮਹੀਨੇ 9 ਦਿਨ ਬਿਤਾਏ। ਉਨ੍ਹਾਂ ਸ੍ਰੀ ਕਰਤਾਰਪੁਰ ਸਾਹਿਬ ਦੀ ਧਰਤੀ ’ਤੇ 22 ਸਤੰਬਰ 1539 ਨੂੰ ਜੋਤੀ ਜੋਤ ਸਮਾਉਣ ਤੋਂ ਪਹਿਲਾ ਭਾਈ ਲਹਿਣੇ ਨੂੰ ਸ੍ਰੀ ਗੁਰੂ ਅੰਗਦ ਦੇਵ ਜੀ ਬਣਾ ਕੇ ਸਿੱਖਾਂ ਦੇ ਦੂਜੇ ਗੁਰੂ ਵਜੋਂ ਗੁਰਗੱਦੀ ਸੌਂਪੀ। ਸ੍ਰੀ ਗੁਰੂ ਨਾਨਕ ਦੇਵ ਜੀ ਨੂੰ ਲਾਹੌਰ ਦੇ ਸੇਠ ਕਰੋੜੀ ਮੱਲ ਦੇ ਪੁੱਤਰ ਦੂਨੀ ਚੰਦ ਨੇ ਜ਼ਮੀਨ ਅਤੇ ਖੂਹ ਭੇਟ ਕੀਤਾ ਸੀ।

### ਦੋ ਭਰਾਵਾਂ ਦਾ ਪਿਆਰ ਦੇਖ ਬਾਬੇ ਨਾਨਕ ਨੇ ਵਸਾਇਆ ਸੀ ਕਰਤਾਰਪੁਰ ਸਾਹਿਬ

ਰੂਹਾਨੀਅਤ ਦਾ ਪ੍ਰਚਾਰ ਕਰਦੇ ਹੋਏ ਲੰਮੀਆਂ ਉਦਾਸੀਆਂ ਤੋਂ ਬਾਅਦ ਸ੍ਰੀ ਗੁਰੂ ਨਾਨਕ ਦੇਵ ਜੀ ਜਦੋਂ ਰਾਵੀ ਨਦੀ ਕੰਢੇ ਵਸੇ ਪਿੰਡ ਦੋਦਾ ਦੀ ਧਰਤੀ ’ਤੇ ਆਏ ਤਾਂ ਦੋਦਾ ਪਿੰਡ ਦੇ ਬਾਹਰ ਦੋ ਭਰਾ ਆਪਣੇ ਖੇਤਾਂ ਵਿਚ ਦਾਨਿਆਂ ਦਾ ਬੋਹਲ ਇਕੱਠਾ ਕਰ ਰਹੇ ਸਨ। ਵੱਡਾ ਭਰਾ ਘਰ ਖਾਣਾ ਖਾਣ ਗਿਆ ਤਾਂ ਛੋਟੇ ਨੇ ਸੋਚਿਆ ਕਿ ਵੱਡੇ ਭਰਾ ਦਾ ਪਰਿਵਾਰ ਵੱਡਾ ਹੈ, ਉਹ ਕਿਸ ਤਰ੍ਹਾਂ ਗੁਜਾਰਾ ਕਰੇਗਾ? ਇਹ ਸੋਚ ਕੇ ਛੋਟੇ ਨੇ ਆਪਣੇ ਬੋਹਲ ਤੋਂ ਦਾਣੇ ਚੁੱਕ ਕੇ ਵੱਡੇ ਦੇ ਬੋਹਲ ਵਿਚ ਪਾ ਦਿੱਤੇ। ਇਸ ਤੋਂ ਬਾਅਦ ਜਦੋਂ ਵੱਡਾ ਭਰਾ ਖਾਣਾ ਖਾ ਕੇ ਆਇਆ ਤਾਂ ਛੋਟਾ ਭਰਾ ਘਰ ਰੋਟੀ ਖਾਣ ਚਲਾ ਗਿਆ। ਇਸ ਦੌਰਾਨ ਵੱਡੇ ਭਰਾ ਦੇ ਮਨ ਵਿਚ ਆਇਆ ਕਿ ਛੋਟੇ ਭਰਾ ਦੇ ਛੋਟੇ-ਛੋਟੇ ਬੱਚੇ ਹਨ। ਉਸ ਲਈ ਗੁਜ਼ਾਰਾ ਕਰਨਾ ਔਖਾ ਹੋਊ ਤਾਂ ਉਸ ਨੇ ਵੀ ਆਪਣੇ ਬੋਹਲ ਤੋਂ ਦਾਣੇ ਕੱਢ ਕੇ ਛੋਟੇ ਦੇ ਬੋਹਲ ਵਿਚ ਪਾ ਦਿੱਤੇ। ਇਸ ਘਟਨਾ ਨੂੰ ਬਾਬਾ ਨਾਨਕ ਦੇਖ ਰਹੇ ਸਨ, ਜਿਨ੍ਹਾਂ ਨੇ ਆਪਣੇ ਸਾਥੀ ਭਾਈ ਮਰਦਾਨਾ ਨੂੰ ਕਿਹਾ ‘ਮਰਦਾਨਿਆ ਇਥੇ ਵੱਸਦਾ ਏ ਕਰਤਾਰ।’ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਪਣਾ ਡੇਰਾ ਸ੍ਰੀ ਕਰਤਾਰਪੁਰ ਸਾਹਿਬ ’ਚ ਲਾ ਲਿਆ। ਪਿੰਡ ਦੋਦਾ ਕਰਤਾਰਪੁਰ ਨੇੜੇ ਸਥਿਤ ਹੈ। ਸ੍ਰੀ ਕਰਤਾਰਪੁਰ ਸਾਹਿਬ ਤਹਿਸੀਲ ਸ਼ਕਰਗੜ੍ਹ ਜ਼ਿਲ੍ਹਾ ਨਾਰੋਵਾਲ ਲਹਿੰਦੇ ਪੰਜਾਬ ਪਾਕਿਸਤਾਨ ਨੂੰ ‘ਕਰਤਾਰਪੁਰ ਰਾਵੀ’ ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ।



ਦੂਰਬੀਨ ਨਾਲ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਦੀਆਂ ਹੋਈਆਂ ਸੰਗਤਾਂ।

### ਲਾਂਘਾ ਖੁੱਲ੍ਹਣ ’ਤੇ ਵਰਤੀ ਜਾਵੇਗੀ ਚੌਕਸੀ : ਡੀਆਈਜੀ



ਬੀਐੱਸਐੱਫ ਦੇ ਸੈਕਟਰ ਗੁਰਦਾਸਪੁਰ ਦੇ ਡੀਆਈਜੀ ਰਾਜੇਸ਼ ਸ਼ਰਮਾ ਨੇ ਕਿਹਾ ਕਿ ਜੇਕਰ ਭਾਰਤ ਪਾਕਿਸਤਾਨ ਦੋਵਾਂ ਦੇਸ਼ਾਂ ਵਿਚਾਲੇ ਲਾਂਘਾ ਖੋਲ੍ਹਣ ਲਈ ਕੋਈ ਸਹਿਮਤੀ ਬਣਦੀ ਹੈ ਤਾਂ ਬੀਐੱਸੈੱਫ ਦੇਸ਼ ਦੀ ਸੁਰੱਖਿਆ ’ਤੇ ਕੋਈ ਆਂਚ ਨਹੀਂ ਆਉਣ ਦੇਵੇਗੀ ਤੇ ਪੂਰੀ ਚੌਕਸੀ ਵਰਤ ਕੇ ਦੇਸ਼ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਦਰਸ਼ਨ ਸਥੱਲ ਤੋਂ ਸੈਂਕੜੇ ਸੰਗਤਾਂ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਦੀਆਂ ਹਨ।

### ਡੇਰਾ ਬਾਬਾ ਨਾਨਕ ਨੂੰ ਦਿੱਤੀ ਜਾਵੇਗੀ ਨਵੀਂ ਦਿੱਖ



ਸਹਿਕਾਰਤਾ ਤੇ ਜੇਲ੍ਹ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਉਹ ਭਾਗਾਂ ਵਾਲੇ ਹਨ, ਜਿਨ੍ਹਾਂ ਦੀ ਨਗਰੀ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਹੈ। ਉਨ੍ਹਾਂ ਕਿਹਾ ਕਿ 550ਵੇਂ ਪ੍ਰਕਾਸ਼ ਪੁਰਬ ਸਬੰਧੀ ਡੇਰਾ ਬਾਬਾ ਨਾਨਕ ਨੂੰ ਨਵੀਂ ਦਿੱਖ ਦੇਣ ਲਈ 159 ਕਰੋੜ ਰੁਪਏ ਦਾ ਅਨੁਮਾਨ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਡੇਰਾ ਬਾਬਾ ਨਾਨਕ ’ਚ ਭਾਈ ਬਾਲਾ ਤੇ ਭਾਈ ਮਰਦਾਨਾ ਦੀ ਯਾਦ ’ਚ ਗੇਟ ਤੇ ਬਾਬਾ ਬੁੱਢਾ ਸਾਹਿਬ ਯਾਦਗਰੀ ਮਾਰਗ ਦੀ ਉਸਾਰੀ ਕੀਤੀ ਜਾਵੇਗੀ।

### ਮੋਦੀ ਸਰਕਾਰ ਦੇ ਫ਼ੈਸਲੇ ਦੀ ਉਡੀਕ : ਬਾਜਵਾ



ਕਰਤਾਰਪੁਰ ਰਾਵੀ ਦਰਸ਼ਨ ਅਭਿਲਾਖੀ ਸੰਸਥਾ ਦੇ ਜਨਰਲ ਸਕੱਤਰ ਗੁਰਿੰਦਰ ਸਿੰਘ ਬਾਜਵਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਪਾਕਿਸਤਾਨ ਦੇ ਲਾਂਘਾ ਖੋਲ੍ਹਣ ਦੇ ਹਾਂ ਪੱਖੀ ਵਤੀਰੇ ਤੋਂ ਬਾਅਦ ਵੀ ਭਾਰਤ ਸਰਕਾਰ ਨੇ ਚੁੱਪੀ ਵੱਟੀ ਹੋਈ ਹੈ ਅਤੇ ਸਮੁੱਚੀ ਨਾਨਕ ਨਾਮ ਲੇਵਾ ਸੰਗਤ ਮੋਦੀ ਸਰਕਾਰ ਦੇ ਫੈਸਲੇ ਦਾ ਬੇਸਬਰੀ ਨਾਲ ਇੰਤਜ਼ਾਰ ਕਰ ਰਹੀ ਹੈ।

### ਸ਼੍ਰੋਮਣੀ ਕਮੇਟੀ ਸਰਕਾਰਾਂ ਨਾਲ ਕਰੇਗੀ ਤਾਲਮੇਲ : ਲੌਂਗੋਵਾਲ



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਦੇ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਡੇਰਾ ਬਾਬਾ ਨਾਨਕ ਸਥਿਤ ਕੌਮਾਂਤਰੀ ਸਰਹੱਦ ’ਤੇ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਬਿਨਾਂ ਵੀਜ਼ਾ ਤੇ ਪਾਸਪੋਰਟ ਦੇ ਲਾਂਘਾ ਖੋਲ੍ਹਣ ਸਬੰਧੀ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲਿਖਤੀ ਤੌਰ ’ਤੇ ਜਾਣੂ ਕਰਵਾ ਚੁੱਕੀ ਹੈ ਅਤੇ ਲਾਂਘੇ ਨੂੰ ਖੋਲ੍ਹਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਲਾਂਘੇ ਸਬੰਧੀ ਪਾਕਿਸਤਾਨ ਦੇ ਪ੍ਰਧਾਨ ਮੰਤਰੀ ਇਮਰਾਨ ਖਾਨ ਨਾਲ ਤਾਲਮੇਲ ਬਣਾ ਕੇ ਕਰਕੇ ਲਾਂਘਾ ਖੋਲ੍ਹਣ ਸਬੰਧੀ ਮੰਗ ਕਰੇਗੀ।

## ਮੁੱਦਾ ਕੀ ਸੀ ਤੇ ਕੀ ਬਣਾ ਕੇ ਰੱਖ ਦਿੱਤਾ



ਜਸਵਿੰਦਰ ਸਿੰਘ ਐਡਵੋਕੇਟ
ਮੋਬਾਈਲ : 98148-98802

ਕੀ ਮਾਮਲਾ ਕਰਤਾਰਪੁਰ ਲਾਂਘੇ ਦਾ ਹੈ ਜਾਂ ਮਾਮਲਾ ਨਵਜੋਤ ਸਿੰਘ ਵੱਲੋਂ ਕਰਤਾਰਪੁਰ ਲਾਂਘੇ ਦਾ ਸੁਨੇਹਾ ਲਿਆਉਣ ਦਾ ਹੈ? ਬੁਨਿਆਦੀ ਸਵਾਲ ਇਹ ਹੋਣਾ ਚਾਹੀਦਾ ਹੈ ਕਿ ਮਾਮਲਾ ਕਰਤਾਰਪੁਰ ਦਾ ਲਾਂਘਾ ਮਿਲੇ ਪਰ ਜਿਵੇਂ ਕਿਸੇ ਭੁੱਖੇ ਨੂੰ ਪੁੱਛੋ ਦੋ ਤੇ ਦੋ ਕਿੰਨੇ ਹਨ, ਉਹ ਕਹੇਗਾ ਚਾਰ ਰੋਟੀਆਂ ਕਿਉਂਕਿ ਉਹ ਭੁੱਖਾ ਹੈ ਇਹੀ ਹਾਲ ਸਾਡੇ ਸਿਆਸੀ ਲੀਡਰਾਂ ਦਾ ਹੋ ਗਿਆ ਹੈ।ਮਾਮਲਾ ਤਾਂ ਇਹ ਸੀ ਕਰਤਪੁਰ ਦਾ ਲਾਂਘਾ ਸਿੱਖਾਂ ਦੀ ਭਾਵਨਾ ਨਾਲ ਜੁੜਿਆ ਹੋਇਆ ਹੈ। 1947 ਤੋਂ ਬਅਦ ਹਰ ਸਿੱਖ ਜਦੋਂ ਅਰਦਾਸ ਕਰਦਾ ਹੈ ਉਹ ਆਪਣੇ ਗੁਰਦੁਆਰਾ ਸਾਹਿਬ ਦੇ ਖੁੱਲ੍ਹੇ ਦਰਸ਼ਨ ਦੀਦਾਰੇ ਦੀ ਗੱਲ ਕਰਦਾ ਹੈ। ਹਾਲਾਂਕਿ ਪਾਕਿਸਤਾਨ ’ਚ ਰਹਿ ਗਏ ਗੁਦੁਆਰਾ ਸਾਹਿਬਾਨ ਦਾ ਪ੍ਰਬੰਧ ਕਾਨੂੰਨ ਮੁਤਾਬਕ ਸਾਡੇ ਸਿੱਖ ਭਰਾ ਹੀ ਕਰ ਰਹੇ ਹਨ।

ਸਿੱਖਾਂ ਦੀਆਂ ਭਾਵਨਾਵਾਂ ਨੂੰ ਅਣਗੌਲਿਆਂ ਕਰਦਿਆਂ ਇਸ ਮਾਮਲੇ ਨੂੰ ਸਿਆਸੀ ਰੰਗਤ ਦਿੰਦਿਆਂ ਸਾਰਾ ਧਿਆਨ ਸਿੱਧੂ ਦੀ ਬਾਜਵੇ ਨਾਲ ਜੱਫੀ ’ਤੇ ਕੇਂਦਰਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਵੈਸੇ ਤਾਂ ਪੰਜਾਬੀ ਭਾਵੇਂ ਚੜ੍ਹਦੇ ਪੰਜਾਬ ਦਾ ਹੋਵੇ ਜਾਂ ਲਹਿੰਦੇ ਪੰਜਾਬ ਦਾ ਜੱਫੀ ਪਾ ਕੇ ਮਿਲਣਾ ਸਾਡੇ ਸਭਿਆਚਾਰ ਦਾ ਹਿੱਸਾ ਹੈ। ਜਿਹੜਾ ਕਿ ਹੱਥ ਮਿਲਾ ਕੇ ਮਿਲਣ ਦੇ ਸਭਿਆਚਾਰ ਤੋਂ ਕਿਤੇ ਵੀ ਵੱਖਰਾ ਨਹੀਂ ਹੈ।

ਸਿੱਖ ਆਪਣੇ ਗੁਰੂ ਦੇ ਨਾਂ ’ਤੇ ਇੰਨਾ ਭਾਵੁਕ ਹੁੰਦਾ ਹੈ ਉਹ ਆਪਣਾ ਬੰਦ-ਬੰਦ ਕਟਾਉਣ, ਖੋਪਰ ਲੁਹਾਉਣ, ਚਰਖੜੀਆਂ ’ਤੇ ਚੜ੍ਹਨਾ ਸਹਿਜ ਨਾਲ ਹੀ ਕਰ ਵਿਚਰਦਾ ਹੈ।ਸੁਨੇਹਾ ਪੱਗ ਵਾਲਾ ਨਵਜੋਤ ਸਿੰਘ ਸਿੱਧੂ ਲੈ ਕੇ ਆਇਆ ਹੈ ਜਾਂ ਜਿਨ੍ਹਾਂ ਨੇ ਆਪਣੇ ਆਪ ਨੂੰ ਪੰਥ ਦਾ ਠੇਕੇਦਾਰ ਥਾਪ ਰੱਖਿਆ ਉਨ੍ਹਾਂ ਦੀ ਪਾਰਟੀ ਜਾਂ ਫਿਰ ਕੋਈ ਹੋਰ, ਤਕਲੀਫ ਕਿਸ ਗੱਲ ਦੀ ਹੈ?

ਸੁਨੇਹਾ ਕੌਣ ਲਿਆਇਆ, ਕਿੱਦਾਂ ਲਿਆਇਆ, ਕਿਸ ਦੇ ਕਹਿਣ ’ਤੇ ਲਿਆਇਆ, ਆਪਣੇ ਅਖਤਿਆਰ ’ਚ ਲਿਅਇਆ ਜਾਂ ਆਪਣੇ ਅਖਤਿਆਰ ਤੋਂ ਬਾਹਰ ਲਿਆਇਆ ਹੈ। ਇਹ ਸਭ ਕੁਝ ਛੱਡ ਦੇਈਏ।ਕਰਤਾਰਪੁਰ ਸਾਹਿਬ ਸਿੱਖਾਂ ਲਈ ਅਹਿਮ ਅਸਥਾਨ ਰੱਖਦਾ ਹੈ।

*“ਜਿਥੈ ਜਾਇ ਬਹੈ ਮੇਰਾ ਸਤਿਗੁਰੂ ਸੋ ਥਾਨੁ ਸੁਹਾਵਾ ਰਾਮ ਰਾਜੇ॥”*

ਸਿੱਖ ਕੌਮ ਲਈ ਉਸ ਦਾ ਹਰੇਕ ਗੁਰਦੁਆਰਾ ਸਾਹਿਬ ਅਕਾਲੀ ਗਿਆਨ, ਵਿਚਾਰ ਧਾਰਾ ਤੇ ਸਿੱਖੀ ਸਿਧਾਂਤਾਂ ਨੂੰ ਲੈ ਕੇ ਆਪਣੇ ਜੀਵਨ ਨੂੰ ਰੁਸ਼ਨਾਉਣ ਲਈ ਸਦਾ ਹੀ ਤਤਪਰ ਰਿਹਾ ਹੈ। ਕਰਤਾਰਪੁਰ ਸਾਹਿਬ ਨੂੰ ਗੁਰੂ ਨਾਨਕ ਸਾਹਿਬ ਜੀ ਨੇ ਸੰਸਾਰ ਕਰਤੇ ਦੇ ਨਾਂ ’ਤੇ ਆਪ ਵਸਾਇਆ ਹੈ।ਸਿੱਖ ਲਈ ਕਰਤਾਰਪੁਰ ਸਾਹਿਬ (ਪਾਕਿਸਤਾਨ) ਦਾ ਗੁਰਦੁਆਰਾ ਸਾਹਿਬ ਬਹੁਤ ਮੱਹਤਤਾ ਰੱਖਦਾ ਹੈ।ਗੁਰੂ ਸਾਹਿਬ ਆਪਣੀ ਹਰ ਪ੍ਰਚਾਰ ਫੇਰੀ ਤੋਂ ਬਾਅਦ ਸ੍ਰੀ ਕਰਤਾਰਪੁਰ ਸਾਹਿਬ ਆ ਕੇ ਰਹਿੰਦੇ ਸਨ। ਗੁਰੂ ਸਾਹਿਬ ਜੀ ਨੇ ਹੱਥੀਂ ਕਿਰਤ ਸ਼ੁਰੂ ਤੋਂ ਹੀ ਕੀਤੀ ਪਰ ਆਪਣੇ ਜ਼ਿੰਦਗੀ ਦਾ ਬਹੁਤਾ ਸਮਾਂ ਇਥੇ ਹੀ ਗੁਜਾਰਿਆ। ਸ੍ਰੀ ਕਰਤਾਰਪੁਰ ਸਾਹਿਬ ਕਿਰਤੀ ਸਿੱਖ ਲਈ ਵੱਡੇ ਪ੍ਰੇਰਨਾ ਸਰੋਤ ਦੇ ਨਾਲ ਨਾਲ ਮਾਣ ਮਹਿਸੂਸ ਕਰਵਾਉਣ ਵਾਲਾ ਹੈ। ਕਿਰਤ ਤੋਂ ਭਗੌੜੇ ਹੋ ਚੁੱਕੇ ਵਿਹਲੜਾਂ ਨੂੰ ਮਿਹਨਤੀ ਬਣਨ ਲਈ ਮਾਰਗ ਦਰਸ਼ਨ ਵੀ ਕਰਦਾ ਹੈ।

ਮੇਰੀ ਦੋਵਾਂ ਦੇਸ਼ਾਂ ਦੀਆਂ ਸਰਕਾਰਾਂ, ਸੂਬਾ ਸਰਕਾਰਾਂ, ਸਿਆਸੀ ਪਾਰਟੀਆਂ ਦੇ ਆਗੂਆਂ ਨੂੰ ਬੇਨਤੀ ਹੈ ਕਿ ਸਾਡੀ ਭਾਵਨਾ ਨਾਲ ਖਿਲਵਾੜ ਨਾ ਕਰੋ। ਰਸਤੇ ਦੀ ਮੰਗ ਨੂੰ ਸਾਰਥਕਤਾ ਦਾ ਜਾਮਾ ਪਹਿਨਾਓ ਤੇ ਆਸੀਸਾਂ ਦੇ ਪਾਤਰ ਬਣੋ।

## ਡੇਰਾ ਬਾਬਾ ਨਾਨਕ ’ਚ ਦਰਸ਼ਨ ਸਥਲ ਦੀ ਉਸਾਰੀ



ਬਾਬਾ ਸੁਖਦੀਪ ਸਿੰਘ ਬੇਦੀ।

ਦਰਸ਼ਨ ਸਥਲ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੀ ਉਸਾਰੀ ਬਾਬਾ ਗੁਰਚਰਨ ਸਿੰਘ ਬੇਦੀ, ਬਾਬਾ ਜਗਦੀਪ ਸਿੰਘ ਬੇਦੀ ਮੈਮੋਰੀਅਲ ਚੈਰੀਟੇਬਲ ਹਸਪਤਾਲ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 17ਵੇਂ ਅੰਸ਼ ਦੇ ਬਾਬਾ ਸੁਖਦੀਪ ਸਿੰਘ ਬੇਦੀ ਵੱਲੋਂ 6 ਮਈ 2008 ਨੂੰ ਕਰੀਬ 40 ਲੱਖ ਰੁਪਏ ਦੀ ਲਾਗਤ ਨਾਲ ਕਰਵਾਈ ਗਈ। ਇਸ ਨੂੰ ਬੀਐੱਸਐੱਫ ਦੀ ਉਸ ਸਮੇਂ 153 ਬਟਾਲੀਅਨ ਦੇ ਸਪੁਰਦ ਕੀਤਾ ਗਿਆ ਸੀ। ਉਸ ਮੌਕੇ ’ਤੇ ਬੀਐੱਸਐੱਫ ਦੇ ਆਈਜੀ ਹਿੰਮਤ ਸਿੰਘ, ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਗ੍ਰੰਥੀ ਗੋਬਿੰਦ ਸਿੰਘ ਤੋਂ ਇਲਾਵਾ ਪਾਕਿਸਤਾਨ ਦੇ ਰੇਂਜਰ ਵੀ ਮੌਜੂਦ ਸਨ। ਬਾਬਾ ਸੁਖਦੀਪ ਸਿੰਘ ਬੇਦੀ ਨੇ ਦੱਸਿਆ ਕਿ ਦਰਸ਼ਨ ਸਥੱਲ ਵਿਖੇ ਰੋਜ਼ਾਨਾ ਨਾਨਕ ਨਾਮ ਲੇਵਾ ਸੰਗਤਾਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦੂਰਬੀਨ ਨਾਲ ਦਰਸ਼ਨ ਕਰਨ ਆਉਂਦੀਆਂ ਹਨ। ਇਸ ਸਥੱਲ ’ਤੇ ਪਿਛਲੇ ਸਮੇਂ ਤੋਂ 20 ਦੇ ਕਰੀਬ ਦੂਰਬੀਨਾਂ ਲਾਈਆਂ ਜਾ ਚੁੱਕੀਆਂ ਹਨ। ਇਸ ਦਰਸ਼ਨ ਸਥੱਲ ’ਤੇ ਵੀਆਈਪੀ ਰੂਮ, ਕੰਟੀਨ, ਵਿਸ਼ਰਾਮ ਘਰ, ਪਖਾਨੇ, ਬਾਥਰੂਮ ਆਦਿ ਦੀ ਉਸਾਰੀ ਕੀਤੀ ਜਾ ਚੁੱਕੀ ਹੈ। ਪਾਕਿ ’ਚ ਸਥਿਤ ਲਾਹੌਰ ਤੋਂ ਇਹ ਅਸਥਾਨ ਤਕਰੀਬਨ 120 ਕਿਲੋਮੀਟਰ ਦੀ ਦੂਰੀ ’ਤੇ ਸਥਿਤ ਹੈ ਅਤੇ ਵੀਜ਼ਾ ਪਾਸਪੋਰਟ ਨਾਲ ਪਹੁੰਚਣ ਲਈ ਕਰੀਬ 4 ਘੰਟੇ ਦਾ ਸਮਾਂ ਲੱਗਦਾ ਹੈ, ਜਦਕਿ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਭਾਰਤ-ਪਾਕਿਸਤਾਨ ਸਰਹੱਦ ਤੋਂ ਭਾਰਤ ਵਾਲੇ ਪਾਸਿਓਂ ਸਿਰਫ 4 ਕਿਲੋਮੀਟਰ ਦੀ ਦੂਰੀ’ ਤੇ ਸਥਿਤ ਹੈ। ਜਦਕਿ ਇਸ ਲਾਂਘੇ ਤੋਂ ਸ੍ਰੀ ਕਰਤਾਰਪੁਰ ਸਾਹਿਬ ਪੈਦਲ ਜਾਣ ਲਈ ਰਾਵੀ ਦਰਿਆ ਅਤੇ ਵੇਈਂ ਨਦੀ ਪਾਰ ਕਰ ਕੇ ਜਾਣਾ ਪਵੇਗਾ।

## ਸੰਗਤ ਦੇ ਹੁੰਗਾਰੇ ਨੇ ਛੇੜੀ ਲਾਂਘੇ ਦੀ ਲਹਿਰ



—ਬੀਐੱਸ ਗੁਰਾਇਆ

ਮੇਰਾ ਪਿੰਡ ਅਲਾਵਲਪੁਰ ਹੈ, ਜੋ ਕਿ ਸਰਹੱਦ ’ਤੇ ਸਥਿਤ ਹੈ। ਹਾਲਾਂਕਿ ਕਰਤਾਰਪੁਰ ਸਾਹਿਬ ਤੋਂ 9 ਕਿਲੋਮੀਟਰ ਹੱਟਵਾਂ ਹੈ ਪਰ 1971 ਦੀ ਜੰਗ ਤੋਂ ਪਹਿਲਾਂ ਮੇਰੇ ਪਿੰਡ ਤੋਂ ਸ੍ਰੀ ਕਰਤਾਰਪੁਰ ਸਾਹਿਬ ਦਾ ਪੰਜ ਮੰਜਲੀ ਗੁੰਬਦ ਨਜ਼ਰ ਆਉਂਦਾ ਹੁੰਦਾ ਸੀ। ਮੇਰੇ ਨਾਨਕੇ ਵੀ ਕਰਤਾਰਪੁਰ ਲਾਗੇ ਦੇ ਸਨ। ਮੇਰੀ ਮਾਂ ਬੜੇ ਮਾਣ ਨਾਲ ਕਿਹਾ ਕਰਦੀ ਸੀ ਕਿ ਉਨ੍ਹਾਂ ਮਹਾਰਾਜਾ ਪਟਿਆਲਾ ਦੀਆਂ ਰਾਣੀਆਂ (ਕੈਪਟਨ ਅਮਰਿੰਦਰ ਸਿੰਘ ਦੀਆਂ ਦਾਦੀਆਂ) ਨਾਲ 1928-30 ਵਿਚ ਕਰਤਾਰਪੁਰ ਦੀ ਹੋਈ ਕਾਰਸੇਵਾ ਵਿਚ ਹਿੱਸਾ ਲਿਆ ਸੀ। ਲਗਪਗ ਉਨ੍ਹਾਂ ਦਿਨਾਂ ’ਚ ਦਰਿਆ ਰਾਵੀ ’ਤੇ ਪੁਲ ਬਣਿਆ ਸੀ, ਜਿਸ ਬਾਬਤ ਇਲਾਕੇ ਵਿਚ ਕਈ ਦੰਦ ਕਥਾਵਾਂ ਮਸ਼ਹੂਰ ਸਨ।

1994 ਵਿਚ ਪਾਕਿਸਤਾਨ ਗੁਰੂਧਾਮਾਂ ਦੀ ਯਾਤਰਾ ਵਿਚ ਕਰੀਬ 3000 ਸ਼ਰਧਾਲੂ ਸ਼ਾਮਲ ਹੋਏ ਸਨ, ਜਥੇ ਦੀ ਅਗਵਾਈ ਮਨਜੀਤ ਸਿੰਘ ਕਲਕੱਤਾ ਸਕੱਤਰ ਸ਼੍ਰੋਮਣੀ ਕਮੇਟੀ ਨੇ ਕੀਤੀ ਸੀ। ਉਸ ਸਮੇਂ ਮੈਨੂੰ ਵੀ ਜਥੇ ਨਾਲ ਜਾਣ ਦਾ ਸੁਭਾਗ ਪ੍ਰਾਪਤ ਹੋਇਆ ਸੀ। ਉਸ ਵੇਲੇ ਮੈਂ ਈਐੱਸਆਈ ਵਿਚ ਬਤੌਰ ਮੈਨੇਜਰ ਬਟਾਲਾ ਵਿਖੇ ਡਿਊਟੀ ਨਿਭਾਅ ਰਿਹਾ ਸਾਂ।

ਅਟਾਰੀ ਤੋਂ ਦੁਪਿਹਰ ਦੀ ਚੱਲੀ ਰੇਲ ਅਗਲੀ ਸਵੇਰ 4 ਵਜੇ ਪੰਜਾ ਸਾਹਿਬ ਪਹੁੰਚੀ। ਵੈਸਾਖੀ (14 ਅਪ੍ਰੈਲ 1994) ਨੂੰ ਬੇਨਜ਼ੀਰ ਭੁੱਟੋ ਸਰਕਾਰ ਦੇ ਵਜ਼ੀਰ ਫਤਹਿ ਮੁਹੰਮਦ ਹਸਨੀ (ਬਲੋਚ) ਤੇ ਓਕਾਫ ਬੋਰਡ ਦੇ ਉਚ ਅਧਿਕਾਰੀ ਪੰਜਾ ਸਾਹਿਬ ਵਿਖੇ ਪਹੁੰਚੇ। ਹਸਨੀ ਜਦੋਂ ਸੰਗਤ ਨੂੰ ਸੰਬੋਧਨ ਕਰ ਰਿਹਾ ਸੀ ਤਾਂ ਉਸ ਨੂੰ ਕੋਈ ਵੀ ਸੁਣਨ ਨੂੰ ਤਿਆਰ ਨਹੀਂ ਸੀ। ਜ਼ਿਆਦਾਤਰ ਸੰਗਤ ਖੜ੍ਹੀ ਸੀ। ਮੈਂ ਕਲਕੱਤਾ ਸਾਬ੍ਹ ਨੂੰ ਸੁਚੇਤ ਕੀਤਾ ਕਿ ਇਹ ਅਗਲੇ ਦੀ ਬੇਇਜ਼ਤੀ ਹੋ ਰਹੀ ਹੈ। ਕਲਕੱਤੇ ਨੇ ਮੈਨੂੰ ਹੁਕਮ ਕਰ ਦਿੱਤਾ ਕਿ ਤੂੰ ਬਿਠਾ ਕੇ ਵੇਖ ਲੈ ਜੇ ਕੋਈ ਬਹਿੰਦਾ ਹੈ ਤਾਂ। ਮੈਂ ਵਜ਼ੀਰ ਨੂੰ ਬੇਨਤੀ ਕਰ ਕੇ ਮਾਈਕ ਆਪਣੇ ਹੱਥ ਲਿਆ ਤੇ ਸੰਗਤ ਨੂੰ ਵਜ਼ੀਰ ਦੀ ਅਹਿਮੀਅਤ ਬਾਰੇ ਦੱਸਿਆ। ਸੰਗਤ ਬਹਿ ਗਈ ਤੇ ਬੜੇ ਪਿਆਰ ਸਤਿਕਾਰ ਨਾਲ ਪਾਕਿਸਤਾਨੀ ਵਜੀਰ ਦੀ ਗੱਲ ਸੁਣੀ।

ਇਸ ਦੀਵਾਨ ਤੋਂ ਬਾਅਦ ਗੁਰਦੁਆਰਾ ਸਾਹਿਬ ਵੱਲੋਂ ਪਾਕਿਸਤਾਨੀ ਅਧਿਕਾਰੀਆਂ ਅਤੇ ਜਥੇ ਦੇ ਮੁਖੀਆਂ ਲਈ ਚਾਹ ਪਾਣੀ ਦਾ ਇੰਤਜਾਮ ਕੀਤਾ ਹੋਇਆ ਸੀ। ਪਾਕਿਸਤਾਨੀ ਅਫਸਰਾਂ ਦੇ ਕਹਿਣ ’ਤੇ ਮੈਨੂੰ ਵੀ ਸ਼ਾਮਲ ਕਰ ਲਿਆ ਗਿਆ। ਮੈਂ ਉਸ ਅਫਸਰ ਦਾ ਨਾਂ ਭੁੱਲ ਚੁੱਕਾ ਹਾਂ ਜਿਸ ਨੇ ਸ੍ਰੀ ਕਰਤਾਰਪੁਰ ਬਾਰੇ ਬਹੁਤ ਦਿਲਚਸਪੀ ਦਿਖਾਈ। ਚਾਹ ਪਾਣੀ ਮੌਕੇ ਖੁੱਲ੍ਹੀਆਂ ਵਿਚਾਰਾਂ ਹੋ ਰਹੀਆਂ ਸਨ, ਕੀ ਸਿੱਖਾਂ ਦੇ ਪਾਕਿਸਤਾਨ ਨਾਲ ਸੰਬੰਧ ਕਿਵੇਂ ਬੇਹਤਰ ਹੋਣ। ਇਸ ਦੌਰਾਨ ਸਿੱਖ ਜਥੇ ’ਚੋਂ ਇਕ ਜਣੇ ਨੇ ਟਿੱਪਣੀ ਕਰਦਿਆਂ ਕਿਹਾ ਕਿ ਹੁਣ ਸਿੱਖਾਂ ਨੂੰ ਸਮਝ ਆ ਗਈ ਹੈ ਕਿ ਹਕੂਮਤ ਕੁਝ ਹੋਰ ਹੁੰਦੀ ਹੈ ਤੇ ਮਜ਼੍ਹਬ ਕੁਝ ਹੋਰ। ਉਸ ਦਾ ਕਹਿਣਾ ਸੀ ਕਿ ਅੱਜ ਸਿੱਖਾਂ ਨੂੰ ਪਤਾ ਲੱਗ ਚੁੱਕਾ ਹੈ ਕਿ ਔਰੰਗਜੇਬ ਤੇ ਆਮ ਮੁਸਲਮਾਨ ਵਿਚ ਕੀ ਫਰਕ ਹੁੰਦਾ ਹੈ। ਉਥੇ ਵਿਚਾਰ ਪ੍ਰਗਟ ਕਰਦਿਆਂ ਮੈਂ ਦੱਸਿਆ ਕਿ ਸਮਾਜਿਕ ਪੱਧਰ ’ਤੇ ਸਿੱਖ ਹਿੰਦੂਆਂ ਦੇ ਬਹੁਤ ਨੇੜੇ ਹਨ। ਇਸ ਮੌਕੇ ਮੈਂ ਸੁਝਾਅ ਦਿੱਤਾ ਕਿ ਸ੍ਰੀ ਗੁਰੂ ਨਾਨਕ ਪਾਤਸ਼ਾਹ ਦੀ ਮੁਸਲਮਾਨਾ ਕਬਰ ਹੈ ਉਹ ਵੀ ਸਿੱਖਾਂ ਨੂੰ ਵਿਖਾਇਆ ਕਰੋ। ਜਿਵੇ ਹੀ ਅਸਾਂ ਇਹ ਸੁਝਾਅ ਦਿਤਾ ਤਾਂ ਪਾਕਿਸਤਾਨੀ ਟੀਮ ਸੁਣ ਕੇ ਅਚੰਭੇ ਵਿਚ ਪੈ ਗਈ ਕਿ ਬਾਬੇ ਦੀ ਕਬਰ ਵੀ ਹੈਗੀ ਆ ਅਤੇ ਉਹ ਵੀ ਪਾਕਿਸਤਾਨ ਵਿਚ, ਉਨ੍ਹਾਂ ਸਾਡੇ ਕੋਲੋਂ ਸਾਰੀ ਤਫਸੀਲ ਹਾਸਲ ਕੀਤੀ। ਪਾਕਿਸਤਾਨੀਆਂ ਦੇ ਤਾਂ ਇਕ ਤਰਾਂ ਨਾਲ ਕੰਨ ਖੜ੍ਹੇ ਹੋ ਗਏ।

ਪਾਕਿਸਤਾਨ ਨੇ 1995 ਤੇ 1997 ਵਿਚ ਸ੍ਰੀ ਕਰਤਾਰਪੁਰ ਸਾਹਿਬ ਦੀ ਕਾਰਸੇਵਾ ਕਰਵਾਈ ਪਰ ਪੰਜ ਮੰਜਿਲਾ ਗੁੰਬਦ ਨੂੰ ਤਿੰਨ ਮੰਜਿਲਾ ਕਰ ਦਿੱਤਾ ਗਿਆ। ਇਸ ਤੋਂ ਬਾਅਦ ਜਦੋਂ ਵੀ ਜਥਾ ਪਾਕਿਸਤਾਨ ਜਾਂਦਾ ਤਾਂ ਪਾਕਿ ਸਰਕਾਰ ਇਹੋ ਐਲਾਨ ਕਰਦੀ ਕਿ ਪਾਕਿ ਸਰਕਾਰ ਲਾਂਘਾ ਖੋਲ੍ਹਣ ’ਤੇ ਵਿਚਾਰ ਕਰ ਰਹੀ ਹੈ। ਅਜਿਹੀ ਇਕ ਖਬਰ 1999 ਵਿਚ ਡੇਰਾ ਬਾਬਾ ਨਾਨਕ ਦੇ ਸੋਹਣ ਸਿੰਘ ਖਾਸਾਂਵਾਲੀ ਨੇ ਲਾਈ ਪਰ ਕੋਈ ਵੀ ਸਿੱਖ ਲੀਡਰ ਇਸ ਪਾਸੇ ਧਿਆਨ ਨਹੀ ਸੀ ਦੇ ਰਿਹਾ।

ਫਿਰ 4 ਦਸੰਬਰ ਸੰਨ 2000 ਨੂੰ ਅਜੀਤ ਅਖਬਾਰ ਦੇ ਧਰਮ ਤੇ ਵਿਰਸਾ ਸਪਲੀਮੈਂਟ ਵਿਚ ਹਰਪਾਲ ਸਿੰਘ ਭੁੱਲਰ ਫਿਰੋਜ਼ਪੁਰ ਦਾ ਲੇਖ ਛੱਪਿਆ, ਜਿਸ ਨੇ ਸਾਫ ਇਸ਼ਾਰਾ ਦਿੱਤਾ ਕਿ ਪਾਕਿਸਤਾਨ ਕਰਤਾਰਪੁਰ ਸਾਹਿਬ ਨੂੰ ਨਿਰਾ ਖੋਲ ਹੀ ਨਹੀ ਰਿਹਾ, ਲਾਂਘਾ ਵੀ ਦੇ ਸਕਦਾ ਹੈ। ਕੋਈ ਵੀ ਇਸ ਅੰਦੋਲਨ ਵਿਚ ਪੈਰ ਪਾਉਣ ਨੂੰ ਤਿਆਰ ਨਹੀਂ ਸੀ। ‘ਅਕਾਲ ਪੁਰਖ ਕੀ ਫੌਜ’ ਅੰਮ੍ਰਿਤਸਰ ਜੱਥੇ ਨੇ ਪਹਿਲਾਂ ਤਾਂ ਹਾਮੀ ਭਰੀ ਪਰ ਬਾਅਦ ਵਿਚ ਉਸ ਨੇ ਵੀ ਪੈਰ ਪਿੱਛੇ ਖਿੱਚ ਲਏ। ਜਿਵੇਂ ਕਿ ਹਰ ਸਰਕਾਰੀ ਮੁਲਾਜ਼ਮ ਸਿਆਸੀ ਕੰਮਾਂ ਤੋਂ ਡਰਦਾ ਹੈ, ਮੈਂ ਵੀ ਹੱਦ ਦਰਜੇ ਦਾ ਡਰਪੋਕ ਸੀ। ਫਰਵਰੀ 2001 ਵਿਚ ਅਕਾਲ ਤਖਤ ਸਾਹਿਬ ਤੇ ਕੋਈ ਬਾਦਲ ਵਿਰੋਧੀ ਇਕੱਠ ਹੋਇਆ ਸੀ। ਅਸੀਂ ਉਥੇ ਪੁੱਜ ਕੇ ਲੀਡਰਾਂ ਨਾਲ ਗੱਲ ਕਰਨੀ ਚਾਹੀ ਪਰ ਕਿਤੇ ਦਾਲ ਨਾ ਗਲੀ। ਜਦੋਂ ਅਸੀਂ ਜੋੜਾ ਘਰ ਪਹੁੰਚੇ ਤਾਂ ਜਥੇਦਾਰ ਕੁਲਦੀਪ ਸਿੰਘ ਵਡਾਲਾ ਨਾਲ ਮੇਲ ਹੋ ਗਿਆ। ਜਦ ਉਨ੍ਹਾਂ ਨੂੰ ਬੇਨਤੀ ਕੀਤੀ ਤਾਂ ਉਨ੍ਹਾਂ ਸਾਨੂੰ ਜਲੰਧਰ ਆ ਕੇ ਮਿਲਣ ਲਈ ਕਿਹਾ। ਜਲੰਧਰ ਮਿਲਣ ਉਪਰੰਤ ਉਨ੍ਹਾਂ ਕਿਹਾ ਕਿ ਇਹ ਫੈਸਲਾ ਲੈਣ ਲਈ ਜਥੇ ਦੇ ਬਾਕੀ ਮੈਂਬਰਾਂ ਨਾਲ ਵੀ ਸਲਾਹ ਕਰਨੀ ਹੋਵੇਗੀ। ਸਾਨੂੰ ਕਹਿਣ ਲੱਗੇ ਕਿ ਤੁਸੀਂ 28 ਫਰਵਰੀ ਨੂੰ ਬੁਰਜ ਸਾਹਿਬ ਧਾਰੀਵਾਲ ਪਹੁੰਚੋ। ਵਡਾਲਾ ਸਾਹਿਬ ਨੇ ਤਾਂ ਬੁਰਜ ਸਾਹਿਬ ਇਕ ਤਰ੍ਹਾਂ ਨਾਲ ਨਾਂਹ ਕਰ ਦਿੱਤੀ ਪਰ ਨਾਲ ਹੀ ਸਾਨੂੰ ਮੌਕਾ ਬਖਸ਼ ਦਿੱਤਾ ਕਿ ਸੰਗਤ ਨਾਲ ਵੀ ਗੱਲ ਕਰ ਲਓ। ਅਸੀਂ ਜਿਵੇਂ ਸੰਗਤ ਨੂੰ ਖਬਰ ਸੁਣਾਈ ਕਿ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਖੁੱਲ੍ਹਣ ਦੀ ਸੰਭਾਵਨਾ ਬਣੀ ਹੈ ਤਾਂ ਸੰਗਤ ਨੇ ਸਾਨੂੰ ਹੱਥਾਂ ’ਚ ਚੁੱਕ ਲਿਆ। ਸੰਗਤ ਦਾ ਅਜਿਹਾ ਜਵਾਬ ਵੇਖ ਵਡਾਲਾ ਸਾਹਿਬ ਬਾਗੋ ਬਾਗ ਹੋ ਗਏ ਤੇ ਸ੍ਰੀ ਕਰਤਾਰਪੁਰ ਲਈ ਅੰਦੋਲਨ ਵਾਸਤੇ ਤਿਆਰ ਹੋ ਗਏ।

30 ਮਾਰਚ 2001 ਨੂੰ ਫਿਰ ਕਰਤਾਰਪੁਰ ਰਾਵੀ ਦਰਸ਼ਨ ਅਭਿਲਾਖੀ ਸੰਸਥਾ ਦਾ ਗਠਨ ਕੀਤਾ ਤੇ 14 ਅਪ੍ਰੈਲ 2001 ਨੂੰ ਡੇਰਾ ਬਾਬਾ ਨਾਨਕ ਇਕੱਠ ਕਰ ਕੇ ਪਹਿਲੀ ਅਰਦਾਸ ਕੀਤੀ ਗਈ। ਉਸ ਦਿਨ ਅਕਾਲ ਪੁਰਖ ਕੀ ਫੌਜ ਜਥੇ ਨੇ ਵੀ ਅਰਦਾਸ ਕੀਤੀ। ਸੁੱਤੇ ਪਏ ਕਸਬੇ ਵਿਚ ਜੋਸ਼ ਠਾਠਾਂ ਮਾਰ ਰਿਹਾ ਸੀ। ‘ਸੇਵਕ ਕਉ ਸੇਵਾ ਬਨਿ ਆਈ’ ਦੇ ਮਹਾਵਾਕ ਅਨੁਸਾਰ ਉਸ ਤੋਂ ਬਾਅਦ ਅਰਦਾਸਾਂ ਦਾ ਸਿਲਸਿਲਾ ਵਡਾਲਾ ਸਾਹਿਬ ਨੇ ਆਖਰੀ ਸਵਾਸਾਂ 5 ਜੂਨ 2018 ਤਕ ਨਿਭਾਇਆ, ਜੋ ਉਨਾਂ ਤੋਂ ਬਾਅਦ ਨਿਰੰਤਰ ਜਾਰੀ ਹੈ।

# ਇੰਡੀਗੋ ਸੰਕਟ: ਦਿੱਲੀ ਹਾਈ ਕੋਰਟ ਨੇ ਕੇਂਦਰ ਨੂੰ ਪੁੱਛਿਆ, ਹਾਲਾਤ ਕਿਉਂ ਵਿਗੜੇ ?

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਹਾਈ ਕੋਰਟ ਨੇ ਬੁੱਧਵਾਰ ਨੂੰ ਕੇਂਦਰ ਸਰਕਾਰ ਤੋਂ ਸਵਾਲ ਕੀਤਾ ਕਿ ਇੰਡੀਗੋ ਦੀਆਂ ਕਈ ਉਡਾਣਾਂ ਰੱਦ ਹੋਣ ਦੇ ਹਾਲਾਤ ਕਿਉਂ ਵਿਗੜੇ ਅਤੇ ਇਸ ਨੂੰ 'ਸੰਕਟ' ਕਰਾਰ ਦਿੱਤਾ।

ਹਾਈ ਕੋਰਟ ਨੇ ਕਿਹਾ ਕਿ ਫਸੇ ਹੋਏ ਯਾਤਰੀਆਂ ਨੂੰ ਹੋਈ ਪਰੇਸ਼ਾਨੀ ਤੋਂ ਇਲਾਵਾ, ਸਵਾਲ ਇਹ ਵੀ ਹੈ ਕਿ ਦੇਸ਼ ਦੀ ਅਰਥਵਿਵਸਥਾ ਨੂੰ ਕਿੰਨਾ ਨੁਕਸਾਨ ਪਹੁੰਚਿਆ ਹੈ।

ਚੀਫ਼ ਜਸਟਿਸ ਦੇਵੇਂਦਰ ਕੁਮਾਰ ਉਪਾਧਿਆਏ ਅਤੇ ਜਸਟਿਸ ਤੁਸ਼ਾਰ ਰਾਓ ਗੇਡੇਲਾ ਦੇ ਬੈਂਚ ਨੇ ਇਹ ਵੀ ਪੁੱਛਿਆ ਕਿ ਹੋਰ ਏਅਰਲਾਈਨਾਂ ਇਸ ਸੰਕਟ ਦਾ ਫਾਇਦਾ ਕਿਵੇਂ ਉਠਾ



ਸਕਦੀਆਂ ਹਨ ਅਤੇ ਯਾਤਰੀਆਂ ਤੋਂ ਟਿਕਟਾਂ ਲਈ ਭਾਰੀ ਰਕਮ ਕਿਵੇਂ ਵਸੂਲ ਸਕਦੀਆਂ ਹਨ।

ਕੇਂਦਰ ਅਤੇ ਡਾਇਰੈਕਟੋਰੇਟ ਜਨਰਲ ਆਫ਼ ਸਿਵਲ ਏਵੀਏਸ਼ਨ (4731) ਦੇ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਕਾਨੂੰਨੀ ਪ੍ਰਬੰਧ ਪੂਰੀ ਤਰ੍ਹਾਂ ਮੌਜੂਦ ਹੈ ਅਤੇ ਇੰਡੀਗੋ ਨੂੰ 'ਕਾਰਨ ਦੱਸੋ ਨੋਟਿਸ' ਜਾਰੀ ਕੀਤਾ ਗਿਆ ਹੈ, ਜਿਸ ਨੇ ਮੁਆਫੀ ਮੰਗੀ ਹੈ।

ਵਕੀਲ ਨੇ ਇਹ ਵੀ ਕਿਹਾ ਕਿ ਇਹ ਸੰਕਟ FDTL (Flight Duty Time Limitation) ਨਿਯਮਾਂ ਦੇ ਕਾਰਨ ਪੈਦਾ ਹੋਇਆ, ਜਿਨ੍ਹਾਂ ਦੀ ਸਮੇਂ ਸਿਰ ਪਾਲਣਾ ਨਹੀਂ ਕੀਤੀ ਗਈ, ਜੋ ਕਿ 1 ਨਵੰਬਰ ਤੋਂ ਦੂਜੇ ਪੜਾਅ ਵਿੱਚ ਲਾਗੂ ਹੋਏ ਸਨ।

ਇਨ੍ਹਾਂ ਨਿਯਮਾਂ ਦਾ ਉਦੇਸ਼ ਯਾਤਰੀਆਂ ਦੀ ਸੁਰੱਖਿਆ ਵਧਾਉਣਾ ਸੀ।

ਦੱਸ ਦਈਏ ਕਿ ਦਿੱਲੀ ਅਦਾਲਤ ਇੰਡੀਗੋ ਦੁਆਰਾ ਸੈਂਕੜੇ ਉਡਾਣਾਂ ਰੱਦ ਕਰਨ ਨਾਲ ਪ੍ਰਭਾਵਿਤ ਯਾਤਰੀਆਂ ਨੂੰ ਸਹਾਇਤਾ ਅਤੇ ਰਿਫੰਡ ਪ੍ਰਦਾਨ ਕਰਨ ਲਈ ਕੇਂਦਰ ਨੂੰ ਨਿਰਦੇਸ਼ ਦੇਣ ਵਾਲੀ ਇੱਕ ਜਨਹਿੱਤ ਪਟੀਸ਼ਨ 'ਤੇ ਸੁਣਵਾਈ ਕਰ ਰਹੀ ਸੀ।

# ਰਾਜ ਸਭਾ: ਭਾਜਪਾ ਸੰਸਦ ਮੈਂਬਰ ਵੱਲੋਂ ਸਵਾਲ ਵਾਪਸ ਲੈਣ ਮਗਰੋਂ ਵਿਰੋਧੀ ਧਿਰ ਦਾ ਵਾਕਆਊਟ

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਦੀ ਅਗਵਾਈ ਹੇਠ ਵਿਰੋਧੀ ਪਾਰਟੀਆਂ ਨੇ ਬੁੱਧਵਾਰ ਨੂੰ ਰਾਜ ਸਭਾ ਵਿੱਚੋਂ ਵਾਕਆਊਟ ਕਰ ਦਿੱਤਾ, ਜਦੋਂ ਇੱਕ ਭਾਜਪਾ ਸੰਸਦ ਮੈਂਬਰ ਨੇ ਦੇਸ਼ ਵਿੱਚ ਫੋਰੈਂਸਿਕ ਸਮਰੱਥਾਵਾਂ ਨੂੰ ਵਧਾਉਣ ਬਾਰੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੁੱਛਿਆ ਗਿਆ ਆਪਣਾ ਸਵਾਲ ਬਿਨਾਂ ਕਿਸੇ ਸਪੱਸ਼ਟੀਕਰਨ ਦੇ ਵਾਪਸ ਲੈ ਲਿਆ।



ਭਾਜਪਾ ਸੰਸਦ ਮੈਂਬਰ ਆਦਿਤਿਆ ਪ੍ਰਸਾਦ ਨੇ ਗ੍ਰਹਿ ਮੰਤਰੀ ਨੂੰ ਇੱਕ ਸਵਾਲ ਪੁੱਛਿਆ ਸੀ, ਜਿਸਨੂੰ 'ਸਟਾਰਡ ਸਵਾਲ' ਵਜੋਂ ਸਵੀਕਾਰ ਕੀਤਾ ਗਿਆ ਸੀ। 'ਸਟਾਰਡ ਸਵਾਲ' ਵਿੱਚ ਮੰਤਰੀਆਂ ਨੂੰ ਜ਼ੁਬਾਨੀ ਜਵਾਬ ਦੇਣਾ ਪੈਂਦਾ ਹੈ ਅਤੇ ਇਸ ਦੇ ਤੁਰੰਤ ਬਾਅਦ ਪੂਰਕ ਸਵਾਲ ਪੁੱਛਣ ਦੀ ਇਜਾਜ਼ਤ ਹੁੰਦੀ ਹੈ।

ਰਾਜ ਸਭਾ ਦੀ ਵੈੱਬਸਾਈਟ 'ਤੇ ਉਪਲਬਧ ਸਵਾਲਾਂ ਦੀ ਸੂਚੀ ਅਨੁਸਾਰ ਪ੍ਰਸਾਦ ਦਾ ਸਵਾਲ ਬੁੱਧਵਾਰ ਨੂੰ ਪ੍ਰਸ਼ਨ ਕਾਲ ਲਈ ਕ੍ਰਮ ਵਿੱਚ ਨੰਬਰ 2 'ਤੇ ਸੀ। ਹਾਲਾਂਕਿ, ਇੱਕ ਸੁਧਾਰ ਨੋਟ ਵਿੱਚ ਕਿਹਾ ਗਿਆ ਸੀ ਕਿ ਸਵਾਲ ਨੂੰ ÷ਵਾਪਸ ਲਿਆ ਗਿਆ÷ ਮੰਨਿਆ ਜਾਵੇ। ਜਦੋਂ ਚੇਅਰਮੈਨ ਸੀ ਪੀ ਰਾਧਾਕ੍ਰਿਸ਼ਨਨ ਨੇ ਸਵਾਲ ਨੂੰ ਛੱਡ ਦਿੱਤਾ ਅਤੇ ਅਗਲੇ ਸਵਾਲ ਵੱਲ ਵਧੇ ਤਾਂ ਕਾਂਗਰਸ ਨੇਤਾ ਐੱਸ ਜੈਰਾਮ ਰਮੇਸ਼ ਅਤੇ ਹੋਰਾਂ ਨੇ ਇਹ ਜਾਣਨਾ ਚਾਹਿਆ ਕਿ ਸਵਾਲ ਕਿਉਂ ਵਾਪਸ ਲਿਆ ਗਿਆ।

ਚੇਅਰਮੈਨ ਨੇ ਕਿਹਾ, ਤੁਸੀਂ ਨਿਯਮ ਜਾਣਦੇ ਹੋ। ਨਿਯਮ 53 ਕਿਸੇ ਵੀ ਮੈਂਬਰ ਨੂੰ ਆਪਣੀ ਮਰਜ਼ੀ ਅਨੁਸਾਰ ਕੋਈ ਵੀ ਸਵਾਲ ਵਾਪਸ ਲੈਣ ਦੀ ਇਜਾਜ਼ਤ ਦਿੰਦਾ ਹੈ। ਉਨ੍ਹਾਂ ਅੱਗੇ ਕਿਹਾ, ਜੇਕਰ ਤੁਸੀਂ ਚਾਹੋ ਤਾਂ ਤੁਸੀਂ ਵੀ ਵਾਪਸ ਲੈ ਸਕਦੇ ਹੋ। ਮੈਂ ਮੈਂਬਰਾਂ ਦੇ ਅਧਿਕਾਰਾਂ ਵਿੱਚ ਦਖਲ ਨਹੀਂ ਦੇ ਸਕਦਾ।

ਜਿਉਂ ਹੀ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਜ਼ੋਰ ਪਾਇਆ ਰਾਧਾਕ੍ਰਿਸ਼ਨਨ ਨੇ ਉਨ੍ਹਾਂ ਨੂੰ ਕਿਹਾ ਕਿ ਉਨ੍ਹਾਂ ਨੂੰ ਇਹ ਮੁੱਦਾ ਉਠਾਉਣ ਦਾ ਕੋਈ ਹੱਕ ਨਹੀਂ ਹੈ। ਰਾਧਾਕ੍ਰਿਸ਼ਨਨ ਨੇ ਸਬੰਧਤ ਮੈਂਬਰ ਨੂੰ ਸਵਾਲ ਪੁੱਛਣ ਲਈ ਕਹਿਣ ਦੀ ਉਨ੍ਹਾਂ ਦੀ ਅਪੀਲ ਨੂੰ ਵੀ ਠੁਕਰਾ ਦਿੱਤਾ। ਉਨ੍ਹਾਂ ਕਿਹਾ, ਮੈਂ ਕਿਉਂ ਕਹਾਂ? ਮੈਨੂੰ ਕਹਿਣ ਦਾ ਕੋਈ ਹੱਕ ਨਹੀਂ ਹੈ। ਇਹ ਉਸਦੀ ਇੱਛਾ ਹੈ। ਤੁਸੀਂ ਵੀ ਕੱਲ੍ਹ ਕੁਝ ਸਵਾਲ ਵਾਪਸ ਲੈ ਸਕਦੇ ਹੋ, ਅਤੇ ਮੈਂ ਇਸ ਵਿੱਚ ਦਖਲ ਨਹੀਂ ਦੇਵਾਂਗਾ, ਅਤੇ ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਵੱਲੋਂ ਇਸ ਮੁੱਦੇ 'ਤੇ ਕਹੀ ਗਈ ਕਿਸੇ ਵੀ ਗੱਲ ਨੂੰ ਰਿਕਾਰਡ ਤੋਂ ਹਟਾਉਣ ਦਾ ਆਦੇਸ਼ ਦਿੱਤਾ। ਉਨ੍ਹਾਂ ਵਿਰੋਧੀ ਧਿਰ ਨੂੰ ਪ੍ਰਸ਼ਨ ਕਾਲ ਵਿੱਚ ਖਲਲ ਨਾ ਪਾਉਣ ਲਈ ਕਿਹਾ ਅਤੇ ਸੂਚੀਬੱਧ ਸਵਾਲਾਂ ਨਾਲ ਅੱਗੇ ਵਧੇ। ਜਵਾਬ ਤੋਂ ਨਾਖੁਸ਼ ਹੋ ਕੇ, ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਨੇ ਸਦਨ ਵਿੱਚੋਂ ਵਾਕਆਊਟ ਕਰ ਦਿੱਤਾ।

ਪ੍ਰਸਾਦ ਨੇ ਗ੍ਰਹਿ ਮਾਮਲਿਆਂ ਬਾਰੇ ਮੰਤਰੀ ਤੋਂ ਜਾਣਨਾ ਚਾਹਿਆ ਸੀ ਕਿ ÷ਕੀ ਸਰਕਾਰ ਨਵੇਂ ਅਪਰਾਧਿਕ ਕਾਨੂੰਨਾਂ ਤਹਿਤ ਲਾਜ਼ਮੀ ਕੀਤੇ ਗਏ ਸਬੂਤ ਇਕੱਠੇ ਕਰਨ ਲਈ ਕੇਂਦਰੀ ਫੋਰੈਂਸਿਕ ਸਾਇੰਸ ਲੈਬਾਰਟਰੀਆਂ (ਸੀ.ਐੱਫ.ਐੱਸ.ਐੱਲ.) ਦਾ ਵਿਸਤਾਰ ਕਰ ਰਹੀ ਹੈ, ਜੇਕਰ ਹਾਂ, ਤਾਂ ਇਸਦੇ ਵੇਰਵੇ ਕੀ ਹਨ।

ਉਹ ਇਹ ਵੀ ਜਾਨਣਾ ਚਾਹੁੰਦੇ ਸਨ ਕਿ ਨਵੇਂ ਅਪਰਾਧਿਕ ਕਾਨੂੰਨਾਂ ਦੇ ਮੱਦੇਨਜ਼ਰ ਨਿਰਭਯਾ ਫੰਡ ਤਹਿਤ ਫੋਰੈਂਸਿਕ ਸਮਰੱਥਾਵਾਂ ਨੂੰ ਵਧਾਉਣ ਲਈ ਕੀ ਉਪਾਅ ਕੀਤੇ ਗਏ ਹਨ; ਅਤੇ ਨਵੇਂ ਅਪਰਾਧਿਕ ਕਾਨੂੰਨਾਂ ਤਹਿਤ ਲਾਜ਼ਮੀ ਕੀਤੇ ਗਏ ਫੋਰੈਂਸਿਕ ਡੇਟਾ ਨੂੰ ਇਲੈਕਟ੍ਰਾਨਿਕ ਤਰੀਕੇ ਨਾਲ ਯੋਜਨਾਬੱਧ ਢੰਗ ਨਾਲ ਸਟੋਰ ਅਤੇ ਪ੍ਰਬੰਧਿਤ ਕਰਨ ਲਈ ਕੀ ਕਦਮ ਚੁੱਕੇ ਜਾ ਰਹੇ ਹਨ।

# ਕੋਟਕ ਮਹਿੰਦਰਾ ਪ੍ਰਾਈਮ ਲਿਮਟਿਡ ਨੇ ਨਵੀਂ ਮੁੰਬਈ ਵਿੱਚ ਐਡਵਾਂਸਡ ਕੈਂਸਰ ਇਲਾਜ ਲਿਆਉਣ ਲਈ ਟਾਟਾ ਮੈਮੋਰੀਅਲ ਦੇ ACTREC ਨਾਲ ਭਾਈਵਾਲੀ ਕੀਤੀ

**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਂਸਰ ਦੀ ਦੇਖਭਾਲ ਨੂੰ ਵਧੇਰੇ ਪਹੁੰਚਯੋਗ ਬਣਾਉਣ ਵੱਲ ਇੱਕ ਸ਼ਕਤੀਸ਼ਾਲੀ ਕਦਮ ਚੁੱਕਦੇ ਹੋਏ, ਕੋਟਕ ਮਹਿੰਦਰਾ ਪ੍ਰਾਈਮ ਲਿਮਟਿਡ (KMPL) ਨੇ ਐਡਵਾਂਸਡ ਸੈਂਟਰ ਫਾਰ ਟ੍ਰੀਟਮੈਂਟ, ਰਿਸਰਚ ਐਂਡ ਐਜੂਕੇਸ਼ਨ ਇਨ ਕੈਂਸਰ (ACTREC) ਨਾਲ ਸਾਂਝੇਦਾਰੀ ਕੀਤੀ ਹੈ , ਜੋ ਕਿ ਟਾਟਾ ਮੈਮੋਰੀਅਲ ਸੈਂਟਰ ਦਾ ਹਿੱਸਾ ਹੈ, ਤਾਂ ਜੋ SDX® ਵਲੰਟਰੀ ਬ੍ਰੈਥ ਹੋਲਡ ਸਿਸਟਮ ਨੂੰ ਖਰਘਰ, ਨਵੀਂ ਮੁੰਬਈ ਵਿੱਚ ਆਪਣੇ ਪ੍ਰੋਟੋਨ ਥੈਰੇਪੀ ਸੈਂਟਰ ਵਿਖੇ ਸਥਾਪਿਤ ਕੀਤਾ ਜਾ ਸਕੇ। ਉਦਘਾਟਨ ਸ਼੍ਰੀ ਸੂਰਜ ਰਾਜੱਪਨ (ਪ੍ਰਧਾਨ ਅਤੇ ਪੂਰੇ ਸਮੇਂ ਦੇ ਨਿਰਦੇਸ਼ਕ, KMPL) ਨੇ ਸ਼੍ਰੀ ਮੁਰਲੀਧਰਨ ਐਸ (ਕਾਰੋਬਾਰ ਮੁਖੀ, KMPL) ਨਾਲ ਕੀਤਾ। ਇਲਾਜ ਦੌਰਾਨ ਮਰੀਜ਼ਾਂ ਨੂੰ ਸਾਹ ਰੋਕਣ ਲਈ ਮਾਰਗਦਰਸ਼ਨ ਕਰਕੇ ਉੱਚ-ਸ਼ੁੱਧਤਾ ਵਾਲੀ ਰੇਡੀਏਸ਼ਨ ਥੈਰੇਪੀ ਪ੍ਰਦਾਨ ਕਰਨ ਵਿੱਚ ਮਦਦ ਕਰੇਗੀ - ਖਾਸ ਕਰਕੇ ਫੇਫੜਿਆਂ, ਜਿਗਰ, ਪੈਨਕ੍ਰੀਅਸ ਅਤੇ ਛਾਤੀ ਦੇ ਕੈਂਸਰਾਂ ਲਈ ਮਹੱਤਵਪੂਰਨ , ਜਿੱਥੇ ਸਾਹ ਲੈਣ ਨਾਲ ਟਿਊਮਰ ਬਦਲ ਸਕਦੇ ਹਨ। SDX® ਸਿਸਟਮ ਇਹ ਯਕੀਨੀ ਬਣਾਉਂਦਾ ਹੈ ਕਿ ਰੇਡੀਏਸ਼ਨ ਸਿਰਫ਼ ਟਿਊਮਰ ਨੂੰ ਹੀ ਮਾਰਦੀ ਹੈ, ਸਿਹਤਮੰਦ ਅੰਗਾਂ ਦੀ ਰੱਖਿਆ ਕਰਦੀ ਹੈ ਅਤੇ ਇਲਾਜ ਦੇ ਨਤੀਜਿਆਂ ਨੂੰ ਬਿਹਤਰ ਬਣਾਉਂਦੀ ਹੈ। ਡਾ. ਰਾਹੁਲ ਕ੍ਰਿਸ਼ਨਾਤਰੀ , ਪ੍ਰੋਫੈਸਰ, ਰੇਡੀਏਸ਼ਨ ਓਨਕੋਲੋਜੀ ਵਿਭਾਗ, ਜੀਆਈ ਡੀਐਮਜੀ, ਟੀਐਮਸੀ, ਮੁੰਬਈ, ਨੇ ਟਿੱਪਣੀ ਕੀਤੀ, ਐਸਡੀਐਕਸ ਸਿਸਟਮ ਗਤੀ-ਪ੍ਰਬੰਧਿਤ ਰੇਡੀਏਸ਼ਨ ਡਿਲੀਵਰੀ ਲਈ ਇੱਕ ਗੇਮ-ਚੇਂਜਰ ਹੈ। ਸਾਹ ਲੈਣ ਦੌਰਾਨ ਮਹੱਤਵਪੂਰਨ ਤੌਰ 'ਤੇ ਹਿੱਲਣ ਵਾਲੇ ਟਿਊਮਰਾਂ ਲਈ, ਜਿਵੇਂ ਕਿ ਜਿਗਰ ਅਤੇ ਪੈਨਕ੍ਰੀਅਸ ਵਿੱਚ, ਸ਼ੁੱਧਤਾ ਗੈਰ-ਸਮਝੌਤਾਯੋਗ ਹੈ। ਇਸ ਅਪਗ੍ਰੇਡ ਦੇ ਨਾਲ, ਅਸੀਂ ਹੁਣ ਉਨ੍ਹਾਂ ਮਰੀਜ਼ਾਂ ਨੂੰ ਪ੍ਰੋਟੋਨ-ਅਧਾਰਤ ਐਸਬੀਆਰਟੀ (ਸਟੀਰੀਓਟੈਕਟਿਕ ਬਾਡੀ ਰੇਡੀਓਥੈਰੇਪੀ) ਦੀ ਪੇਸ਼ਕਸ਼ ਕਰਨ ਲਈ ਤਿਆਰ ਹਾਂ ਜਿਨ੍ਹਾਂ ਕੋਲ ਹੋਰ ਸੀਮਤ ਵਿਕਲਪ ਹੁੰਦੇ। ਇਹ ਸਿੱਧੇ ਤੌਰ 'ਤੇ ਬਚਾਅ ਲਾਭ ਅਤੇ ਘੱਟ ਜ਼ਹਿਰੀਲੇਪਣ ਵਿੱਚ ਅਨੁਵਾਦ ਕਰਦਾ ਹੈ। ਡਾ. ਪੰਕਜ ਚਤੁਰਵੇਦੀ , ਡਾਇਰੈਕਟਰ, ACTREC, ਨੇ ਕਿਹਾ: SDX ਵਲੰਟਰੀ ਬ੍ਰੈਥ ਹੋਲਡ ਸਿਸਟਮ ACTREC ਦੇ ਪ੍ਰੋਟੋਨ ਥੈਰੇਪੀ ਸੈੱਟਅੱਪ ਦੇ ਅਨੁਕੂਲ ਇੱਕੋ ਇੱਕ ਤਕਨਾਲੋਜੀ ਹੈ , ਜੋ ਇਸਨੂੰ ਮੋਸ਼ਨ-ਸੰਵੇਦਨਸ਼ੀਲ ਕੈਂਸਰਾਂ ਦੇ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਇਲਾਜ ਲਈ ਜ਼ਰੂਰੀ ਬਣਾਉਂਦੀ ਹੈ। ਮੈਂ ਰੇਡੀਏਸ਼ਨ ਓਨਕੋਲੋਜੀ ਵਿਭਾਗ ਨੂੰ ਵਧਾਈ ਦਿੰਦਾ ਹਾਂ, ਜੋ ਮਰੀਜ਼ਾਂ ਦੇ ਬਹੁਤ ਹੀ ਯੋਗ ਵਰਗਾਂ ਨੂੰ ਸਭ ਤੋਂ ਅਤਿ-ਆਧੁਨਿਕ ਇਲਾਜ ਵਿਕਲਪ ਪ੍ਰਦਾਨ ਕਰਨ ਲਈ ਆਪਣੀ ਤਕਨਾਲੋਜੀ ਨੂੰ ਅਪਗ੍ਰੇਡ ਅਤੇ ਅਪਡੇਟ ਕਰਨ ਲਈ ਲਗਾਤਾਰ ਕੋਸ਼ਿਸ਼ ਕਰਦਾ ਹੈ। ਟੀਐਮਸੀ ਵੱਲੋਂ, ਮੈਂ ਸਮਾਜਿਕ ਉਦੇਸ਼ ਨੂੰ ਸਾਕਾਰ ਕਰਨ ਅਤੇ ਇਸ ਵਿੱਚ ਯੋਗਦਾਨ ਪਾਉਣ ਲਈ ਕੋਟਕ ਮਹਿੰਦਰਾ ਪ੍ਰਾਈਮ ਲਿਮਟਿਡ ਦਾ ਧੰਨਵਾਦ ਕਰਦਾ ਹਾਂ। ਅਸੀਂ ਉਨ੍ਹਾਂ ਦਾ ਸਾਡੇ ਕੈਂਪਸ ਵਿੱਚ ਖੁੱਲ੍ਹੀਆਂ ਬਾਹਾਂ ਨਾਲ ਸਵਾਗਤ ਕਰਦੇ ਹਾਂ ਅਤੇ ਸਾਡੇ ਮਰੀਜ਼ਾਂ ਅਤੇ ਰਾਸ਼ਟਰ ਨਿਰਮਾਣ ਵਿੱਚ ਸਾਡੇ ਯਤਨਾਂ ਦੀ ਮਦਦ ਕਰਨ ਲਈ ਭਵਿੱਖ ਦੇ ਮੌਕਿਆਂ ਦੀ ਭਾਲ ਕਰਦੇ ਹਾਂ। SDX ਵਲੰਟਰੀ ਬ੍ਰੈਥ ਹੋਲਡ ਸਿਸਟਮ ਇੱਕ ਸਮਾਰਟ ਬ੍ਰੈਥ-ਹੋਲਡ ਕੋਚ ਵਾਂਗ ਹੈ ਜੋ ਮਰੀਜ਼ਾਂ ਅਤੇ ਡਾਕਟਰਾਂ ਨੂੰ ਉੱਚ-ਸ਼ੁੱਧਤਾ ਰੇਡੀਏਸ਼ਨ ਸੁਰੱਖਿਅਤ ਢੰਗ ਨਾਲ ਪ੍ਰਦਾਨ ਕਰਨ ਲਈ ਇਕੱਠੇ ਕੰਮ ਕਰਨ ਵਿੱਚ ਮਦਦ ਕਰਦਾ ਹੈ । ਇਹ ਇੱਕ ਛੋਟਾ ਜਿਹਾ ਬਦਲਾਅ ਹੈ ਜੋ ਕੈਂਸਰ ਦੇ ਇਲਾਜ ਵਿੱਚ ਵੱਡਾ ਫ਼ਰਕ ਪਾਉਂਦਾ ਹੈ।

# ਬੈਲਟ ਪੇਪਰ ਪ੍ਰਣਾਲੀ ਵੱਲ ਵਾਪਸੀ ਦਾ ਮਤਲਬ ਬੂਥ ਕੈਪਚਰਿੰਗ ਦੀ ਵਾਪਸੀ: ਪ੍ਰਸਾਦ

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਰੋਧੀ ਪਾਰਟੀਆਂ ਵੱਲੋਂ ਬੈਲਟ ਪੇਪਰ ਰਾਹੀਂ ਚੋਣਾਂ ਕਰਵਾਉਣ ਦੀ ਮੰਗ ਦੇ ਵਿਚਕਾਰ ਸੀਨੀਅਰ ਭਾਜਪਾ ਆਗੂ ਰਵੀ ਸ਼ੰਕਰ ਪ੍ਰਸਾਦ ਨੇ ਬੁੱਧਵਾਰ ਨੂੰ ਜਵਾਬੀ ਹਮਲਾ ਕਰਦਿਆਂ ਕਿਹਾ ਕਿ ਇਸ ਦਾ ਮਤਲਬ ਬੂਥ ਕੈਪਚਰਿੰਗ ਦੇ ਦਿਨਾਂ ਵੱਲ ਵਾਪਸ ਜਾਣਾ ਹੋਵੇਗਾ। 'ਚੋਣ ਸੁਧਾਰਾਂ' 'ਤੇ ਲੋਕ ਸਭਾ ਵਿੱਚ ਬਹਿਸ ਵਿੱਚ ਹਿੱਸਾ ਲੈਂਦਿਆਂ ਸਾਬਕਾ ਕੇਂਦਰੀ ਕਾਨੂੰਨ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਨੂੰ ਪੁਰਾਣੀ ਬੈਲਟ ਪੇਪਰ ਪ੍ਰਣਾਲੀ 'ਤੇ ਵਾਪਸ ਜਾਣ ਦੀ ਗੱਲ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐੱਮ.) ਦੀ ਵਰਤੋਂ ਨੂੰ ਪ੍ਰਮਾਣਿਤ ਕਰਨ ਵਾਲੇ ਘੱਟੋ-ਘੱਟ ਦੋ ਦਰਜਨ ਸੁਪਰੀਮ ਕੋਰਟ ਅਤੇ ਹਾਈ ਕੋਰਟ ਦੇ ਫੈਸਲੇ ਹਨ।

ਪ੍ਰਸਾਦ ਨੇ ਯਾਦ ਕੀਤਾ ਕਿ ਚੋਣ ਕਮਿਸ਼ਨ ਨੇ ਪਾਰਟੀਆਂ ਨੂੰ ਆਪਣੀ ਮੌਜੂਦਗੀ ਵਿੱਚ ਈ ਵੀ ਐੱਮ ਨੂੰ ਹੈਕ ਕਰਨ ਲਈ ਸੱਦਾ ਦਿੱਤਾ ਸੀ, ਪਰ ਕੋਈ ਵੀ ਪੇਸ਼ ਨਹੀਂ ਹੋਇਆ।



# ਤਕਨੀਕੀ ਆਫੀਸ਼ੀਅਲਾਂ ਦੀ ਸਰਟੀਫਿਕੇਸ਼ਨ ਤੇ ਗਰੇਡਿੰਗ ਲਈ ਕੌਮੀ ਗੱਤਕਾ ਰਿਫਰੈਸ਼ਰ ਕੋਰਸ 12 ਦਸੰਬਰ ਤੋਂ : ਗਰੇਵਾਲ

**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੱਤਕਾ ਖੇਡ ਦੇ ਤਕਨੀਕੀ ਬੁਨਿਆਦੀ ਢਾਂਚੇ ਨੂੰ ਹੋਰ ਬਿਹਤਰ ਢੰਗ ਨਾਲ ਮਜ਼ਬੂਤ ਕਰਨ ਦੇ ਉਦੇਸ਼ ਤਹਿਤ ਦੇਸ਼ ਵਿੱਚ ਗੱਤਕੇ ਦੀ ਸਿਖਰਲੀ ਸੰਸਥਾ ਅਤੇ ਵਿਸ਼ਵ ਗੱਤਕਾ ਫੈਡਰੇਸ਼ਨ ਤੋਂ ਮਾਨਤਾ ਪ੍ਰਾਪਤ 'ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ਼ ਇੰਡੀਆ' (ਐਨ.ਜੀ.ਏ.ਆਈ.) ਵੱਲੋਂ ਰੈਫਰੀਆਂ, ਜੱਜਾਂ, ਕੋਚਾਂ ਅਤੇ ਤਕਨੀਕੀ ਅਧਿਕਾਰੀਆਂ ਲਈ ਤੀਜਾ ਕੌਮੀ ਗੱਤਕਾ ਰਿਫਰੈਸ਼ਰ ਕੋਰਸ 12 ਦਸੰਬਰ ਤੋਂ 14 ਦਸੰਬਰ ਤੱਕ ਸੈਕਟਰ 53, ਚੰਡੀਗੜ੍ਹ ਵਿਖੇ ਕਰਵਾਇਆ ਜਾ ਰਿਹਾ ਹੈ। ਲਗਭਗ 20 ਘੰਟਿਆਂ ਦੇ ਇਸ ਤਿੰਨ ਰੋਜ਼ਾ ਪ੍ਰੋਗਰਾਮ ਦੌਰਾਨ ਗੱਤਕਾ ਖੇਡ ਨਾਲ ਜੁੜੇ ਮਾਹਿਰਾਂ ਵੱਲੋਂ ਵਿਸ਼ੇਸ਼ ਲੈਕਚਰ ਦਿੱਤੇ ਜਾਣਗੇ।




ਇਹ ਖੁਲਾਸਾ ਕਰਦਿਆਂ ਐਨ.ਜੀ.ਏ.ਆਈ. ਦੇ ਕੌਮੀ ਪ੍ਰਧਾਨ ਐਡਵੋਕੇਟ ਹਰਜੀਤ ਸਿੰਘ ਗਰੇਵਾਲ, ਸਟੇਟ ਐਵਾਰਡੀ, ਨੇ ਦੱਸਿਆ ਕਿ ਇਸ ਉਚੇਚੀ ਪਹਿਲਕਦਮੀ ਦਾ ਉਦੇਸ਼ ਦੇਸ਼ ਭਰ ਵਿੱਚ ਗੱਤਕਾ ਮੁਕਾਬਲਿਆਂ ਦੌਰਾਨ ਰੈਫਰੀਸ਼ਿਪ, ਜੱਜਮੈਂਟ ਤੇ ਸਕੋਰਿੰਗ (ਆਫੀਸ਼ੀਏਟਿੰਗ) ਨਾਲ ਜੁੜੇ ਮਿਆਰਾਂ ਨੂੰ ਉਚਾ ਚੁੱਕਣ, ਖੇਡ ਦੇ ਨਿਯਮਾਂ ਵਿੱਚ ਇਕਸਾਰਤਾ ਯਕੀਨੀ ਬਣਾਉਣ ਅਤੇ ਪ੍ਰਮਾਣਿਤ ਰੈਫਰੀਆਂ, ਜੱਜਾਂ ਅਤੇ ਤਕਨੀਕੀ ਅਧਿਕਾਰੀਆਂ (ਆਫੀਸ਼ੀਅਲਾਂ) ਦੀ ਮਜ਼ਬੂਤ ਟੀਮ ਬਣਾਉਣਾ ਹੈ ਤਾਂ ਜੋ ਹਰ ਪੱਧਰ ਦੇ ਟੂਰਨਾਮੈਂਟ ਤਕਨੀਕੀ ਪੱਖ ਤੋਂ ਪਾਰਦਰਸ਼ਤਾ, ਨਿਰਪੱਖਤਾ ਅਤੇ ਯੋਜਨਾਬੱਧ ਢੰਗ ਨਾਲ ਸਫਲਤਾ ਪੂਰਵਕ ਨੇਪਰੇ ਚਾੜੇ ਜਾ ਸਕਣ।

ਉਨਾਂ ਦੱਸਿਆ ਕਿ ਗੱਤਕਾ ਖੇਡ ਦੀ ਦੇਸ਼ ਵਿਆਪੀ ਪ੍ਰਫੁੱਲਤਾ ਜਾਰੀ ਰੱਖਣ ਵਿੱਚ ਅਜਿਹੇ ਕੋਰਸਾਂ ਦੀ ਭੂਮਿਕਾ ਮਹੱਤਵਪੂਰਨ ਹੈ। ਉਨਾਂ ਦੱਸਿਆ ਕਿ ਇਹ ਰਿਫਰੈਸ਼ਰ ਕੋਰਸ ਗੱਤਕਾ ਖੇਡ ਵਿੱਚ 'ਅੰਪਾਇਰਿੰਗ ਤੇ ਸਕੋਰਿੰਗ' ਨੂੰ ਪੇਸ਼ੇਵਰ ਬਣਾਉਣ ਸਬੰਧੀ ਤਿਆਰ ਕੀਤੇ ਮਿਸ਼ਨ ਤਹਿਤ ਲਾਗੂ ਕੀਤੇ ਜਾ ਰਹੇ ਰੋਡਮੈਪ ਦਾ ਇੱਕ ਅਹਿਮ ਹਿੱਸਾ ਹੈ। ਵਿਸ਼ਵ ਗੱਤਕਾ ਫੈਡਰੇਸ਼ਨ ਦੀ ਅਗਵਾਈ ਹੇਠ ਐਨ.ਜੀ.ਏ.ਆਈ. ਤਕਨੀਕੀ ਉੱਤਮਤਾ ਦੇ ਮਿਆਰੀਕਰਨ ਲਈ ਅੱਗੇ ਵਧ ਰਹੀ ਹੈ ਜਿਸਨੂੰ ਇਹ ਸਿੱਖਿਅਤ ਗੱਤਕਾ ਆਫੀਸ਼ੀਅਲ ਵਿਸ਼ਵ ਪੱਧਰ 'ਤੇ ਅੱਗੇ ਵਧਾਉਣਗੇ।

ਇਸ ਕੋਰਸ ਦੇ ਮੁੱਖ ਇੰਚਾਰਜ ਤੇ ਇੰਟਰਨੈਸ਼ਨਲ ਸਿੱਖ ਮਾਰਸ਼ਲ ਆਰਟ ਕੌਂਸਲ ਦੇ ਵਾਈਸ ਚੇਅਰਮੈਨ ਸੁਖਚੈਨ ਸਿੰਘ ਕਲਸਾਨੀ ਅਤੇ ਐਨ.ਜੀ.ਏ.ਆਈ. ਦੇ ਜਨਰਲ ਸਕੱਤਰ ਹਰਜਿੰਦਰ ਕੁਮਾਰ ਨੇ ਦੱਸਿਆ ਕਿ ਕੌਮਾਂਤਰੀ ਗੱਤਕਾ ਨਿਯਮਾਵਲੀ ਦੀ ਰੌਸ਼ਨੀ ਵਿੱਚ ਤਿਆਰ ਕੀਤੇ ਤਿੰਨ ਦਿਨਾਂ ਦੌਰਾਨ ਰੋਜ਼ਾਨਾ 6 ਤੋਂ 8 ਘੰਟਿਆਂ ਦੇ ਪ੍ਰੋਗਰਾਮਾਂ ਦੌਰਾਨ ਸਿਧਾਂਤਿਕ (ਥਿਊਰੀ) ਅਤੇ ਵਿਹਾਰਕ (ਪ੍ਰੈਕਟੀਕਲ) ਸੈਸ਼ਨ ਹੋਣਗੇ ਜੋ ਆਫੀਸ਼ੀਅਲਾਂ ਦੇ ਗਿਆਨ ਵਿੱਚ ਵਾਧਾ ਕਰਨ ਅਤੇ ਮੈਦਾਨ ਵਿੱਚ ਫੈਸਲੇ ਲੈਣ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਤਿਆਰ ਕੀਤੇ ਗਏ ਹਨ। ਇਸ ਦੌਰਾਨ ਆਫੀਸ਼ੀਅਲਾਂ ਦੀ ਅਧਿਕਾਰਤ ਗਰੇਡਿੰਗ ਕਰਨ ਅਤੇ ਪ੍ਰਮਾਣੀਕਰਣ (ਸਰਟੀਫਿਕੇਸ਼ਨ) ਲਈ ਲਿਖਤੀ ਪ੍ਰੀਖਿਆ ਵੀ ਲਈ ਜਾਵੇਗੀ ਜਿਸ ਵਿੱਚੋਂ ਸਫਲ ਹੋਣ ਵਾਲੇ ਤਕਨੀਕੀ ਆਫੀਸ਼ੀਅਲਾਂ ਨੂੰ ਸਮਾਪਤੀ ਸਮਾਰੋਹ ਮੌਕੇ ਪ੍ਰਮਾਣ ਪੱਤਰ ਵੰਡੇ ਜਾਣਗੇ ਅਤੇ ਸਮਾਰਟ ਪਛਾਣ ਪੱਤਰ ਜਾਰੀ ਕੀਤੇ ਜਾਣਗੇ। ਗੱਤਕਾ ਪ੍ਰਮੋਟਰ ਗਰੇਵਾਲ ਨੇ ਇਸ ਕੋਰਸ ਦੇ ਮੁੱਖ ਉਦੇਸ਼ਾਂ ਬਾਰੇ ਦੱਸਦਿਆਂ ਕਿਹਾ ਕਿ ਇਸ ਕੋਰਸ ਸਦਕਾ ਭਾਰਤ ਭਰ ਵਿੱਚ ਗੱਤਕਾ ਮੁਕਾਬਲਿਆਂ ਲਈ ਆਫੀਸ਼ੀਏਟਿੰਗ ਦੇ ਹੁਨਰ ਨੂੰ ਨਿਖਾਰਨ, ਖੇਡ ਨਿਯਮਾਂ ਵਿੱਚ ਇਕਸਾਰਤਾ ਲਿਆਉਣ ਅਤੇ ਅੰਪਾਇਰਿੰਗ ਦੇ ਮਿਆਰੀਕਰਨ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਗੱਤਕਾ ਆਫੀਸ਼ੀਅਲਾਂ ਲਈ ਇਹ ਪ੍ਰਮਾਣੀਕਰਣ ਪ੍ਰੋਗਰਾਮ ਭਵਿੱਖ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਗੱਤਕਾ ਚੈਂਪੀਅਨਸ਼ਿਪਾਂ ਵਿੱਚ ਅੰਪਾਇਰਿੰਗ ਤੇ ਜੱਜਮੈਂਟ ਕਰਨ ਲਈ ਇੱਕ ਲਾਇਸੈਂਸ ਹੈ ਜਦਕਿ ਕੋਚਿੰਗ ਅਤੇ ਖੇਡ ਸਿਖਲਾਈ ਵਿੱਚ ਭਵਿੱਖ ਬਣਾਉਣ ਵਾਲਿਆਂ ਲਈ ਇੱਕ ਮਹੱਤਵਪੂਰਨ ਸੰਪਤੀ ਹੈ।

# ਭਾਰਤ-ਅਮਰੀਕਾ ਵਪਾਰ ਵਾਰਤਾ ਅੱਗੇ ਵਧ ਰਹੀ : ਗੋਇਲ

**ਜੈਪੁਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਕਿਹਾ ਕਿ ਅਮਰੀਕਾ ਨਾਲ ਪ੍ਰਸਤਾਵਿਤ ਦੁਵੱਲੇ ਵਪਾਰ ਸਮਝੌਤੇ 'ਤੇ ਗੱਲਬਾਤ ਅੱਗੇ ਵਧ ਰਹੀ ਹੈ। ਉਨ੍ਹਾਂ ਦੱਸਿਆ ਕਿ ਅਮਰੀਕੀ ਵਫ਼ਦ ਗੱਲਬਾਤ ਲਈ ਨਵੀਂ ਦਿੱਲੀ ਵਿੱਚ ਮੌਜੂਦ ਹੈ। ਗੋਇਲ ਨੇ 'ਪ੍ਰਵਾਸੀ ਰਾਜਸਥਾਨੀ ਦਿਵਸ' ਮੌਕੇ 'ਤੇ ਗੱਲਬਾਤ ਕਰਦਿਆਂ ਕਿਹਾ, ਉਨ੍ਹਾਂ ਨਾਲ ਗੱਲਬਾਤ ਲਗਾਤਾਰ ਅੱਗੇ ਵਧ ਰਹੀ ਹੈ। ਅਸੀਂ ਦੁਵੱਲੇ ਵਪਾਰ ਸਮਝੌਤੇ ਦੀ ਦਿਸ਼ਾ ਵਿੱਚ ਅੱਗੇ ਵਧ ਰਹੇ ਹਾਂ।

ਮੰਤਰੀ ਨੇ ਨਾਲ ਹੀ ਅਮਰੀਕੀ ਅਧਿਕਾਰਤ ਵਫ਼ਦ ਨਾਲ ਮੁਲਾਕਾਤ ਕਰਨ ਦਾ ਸੰਕੇਤ ਦਿੱਤਾ। ਇਸ ਸਮਝੌਤੇ ਲਈ ਅਮਰੀਕਾ ਦੇ ਮੁੱਖ ਵਾਰਤਾਕਾਰ ਅਤੇ ਦੱਖਣੀ ਤੇ ਮੱਧ ਏਸ਼ੀਆ ਲਈ ਸਹਾਇਕ ਅਮਰੀਕੀ ਵਪਾਰ ਪ੍ਰਤੀਨਿਧੀ ਬ੍ਰੈਂਡਨ ਲਿੰਚ, ਭਾਰਤ ਦੇ ਮੁੱਖ ਵਾਰਤਾਕਾਰ ਅਤੇ ਵਣਜ ਵਿਭਾਗ ਦੇ ਸੰਯੁਕਤ ਸਕੱਤਰ ਦਰਪਣ ਜੈਨ ਨਾਲ ਚਰਚਾ ਕਰਨਗੇ। ਇਹ ਦੌਰਾ ਬਹੁਤ ਮਹੱਤਵਪੂਰਨ ਹੈ ਕਿਉਂਕਿ ਭਾਰਤ ਅਤੇ ਅਮਰੀਕਾ ਸਮਝੌਤੇ ਦੇ ਪਹਿਲੇ ਪੜਾਅ ਨੂੰ ਅੰਤਿਮ ਰੂਪ ਦੇਣ ਲਈ ਕੰਮ ਕਰ ਰਹੇ ਹਨ।

# ਗੋਆ ਨਾਈਟ ਕਲੱਬ ਮਾਮਲਾ: 'ਮੈਂ ਸਿਰ.ਫ ਇੱਕ ਪਾਰਟਨਰ ਹਾਂ': ਅਜੈ ਗੁਪਤਾ

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇਹ ਬਿਆਨ ਉਨ੍ਹਾਂ ਨੇ ਬੁੱਧਵਾਰ ਨੂੰ ਦਿੱਲੀ ਵਿੱਚ ਅਪਰਾਧ ਸ਼ਾਖਾ ਦੇ ਐਂਟੀ-ਐਕਸਟੋਰਸ਼ਨ ਐਂਡ ਕਿਡਨੈਪਿੰਗ ਸੈੱਲ ਵਿੱਚ ਦਾਖਲ ਹੁੰਦੇ ਸਮੇਂ ਦਿੱਤਾ। ਉਨ੍ਹਾਂ ਨੂੰ ਇੱਥੇ ਉਸ ਮਾਮਲੇ ਵਿੱਚ ਪੁੱਛਗਿੱਛ ਲਈ ਲਿਆਂਦਾ ਗਿਆ ਸੀ, ਜੋ ਕਿ ਉਸ ਅੱਗ ਦੀ ਘਟਨਾ ਨਾਲ ਸਬੰਧਤ ਹੈ ਜਿਸ ਵਿੱਚ 25 ਲੋਕਾਂ ਦੀ ਮੌਤ ਹੋ ਗਈ ਸੀ। ਸੂਤਰਾਂ ਨੇ ਦੱਸਿਆ ਕਿ ਗੋਆ ਪੁਲੀਸ ਨੇ ਉਸ ਨੂੰ ਗ੍ਰਿਫ਼ਤਾਰ ਕਰਨ ਅਤੇ ਟਰਾਂਜ਼ਿਟ ਰਿਮਾਂਡ ਲੈਣ ਦੀ ਰਸਮੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ।

ਸੂਤਰਾਂ ਅਨੁਸਾਰ, ਉੱਤਰੀ ਗੋਆ ਦੇ ਅਰਪੋਰਾ ਖੇਤਰ ਵਿੱਚ 6 ਦਸੰਬਰ ਨੂੰ ਲੱਗੀ ਅੱਗ ਤੋਂ ਬਾਅਦ ਗੁਪਤਾ ਜਾਂਚਕਰਤਾਵਾਂ ਤੋਂ ਬਚ ਰਿਹਾ ਸੀ। ਗੋਆ ਪੁਲੀਸ ਵੱਲੋਂ ਦਿੱਲੀ ਵਿੱਚ ਪਹਿਲੀ ਭਾਲ ਅਸਫ਼ਲ ਰਹਿਣ ਤੋਂ ਬਾਅਦ ਉਸਦੇ ਖਿਲਾਫ਼ ਇੱਕ ਲੁੱਕ ਆਊਟ ਸਰਕੂਲਰ (*®3) ਜਾਰੀ ਕੀਤਾ ਗਿਆ ਸੀ। ਬਾਅਦ ਵਿੱਚ ਉਸਨੂੰ ਲਾਜਪਤ ਨਗਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਲੱਭਿਆ ਗਿਆ, ਜਿੱਥੇ ਉਸਨੇ ਕਥਿਤ ਤੌਰ 'ਤੇ ਰੀੜ੍ਹ ਦੀ ਹੱਡੀ ਨਾਲ ਸਬੰਧਤ ਡਾਕਟਰੀ ਸਮੱਸਿਆਵਾਂ ਦਾ ਹਵਾਲਾ ਦੇ ਕੇ ਆਪਣੇ ਆਪ ਨੂੰ ਦਾਖਲ ਕਰਵਾਇਆ ਹੋਇਆ ਸੀ।

ਗੋਆ ਪੁਲੀਸ ਨੇ ਪਹਿਲਾਂ ਹੀ ਨਾਈਟ ਕਲੱਬ ਦੇ ਪੰਜ ਸਟਾਫ਼ ਮੈਂਬਰਾਂ-ਚੀਫ਼ ਜਨਰਲ ਮੈਨੇਜਰ ਰਾਜੀਵ ਮੋਦਕ, ਜਨਰਲ ਮੈਨੇਜਰ ਵਿਵੇਕ ਸਿੰਘ, ਬਾਰ ਮੈਨੇਜਰ ਰਾਜੀਵ ਸਿੰਘਾਨੀਆ, ਗੇਟ ਮੈਨੇਜਰ ਰਿਆਂਸ਼ੂ ਠਾਕੁਰ ਅਤੇ ਕਰਮਚਾਰੀ ਭਰਤ ਕੋਹਲੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ।

ਇਸ ਦੌਰਾਨ, ਕਲੱਬ ਦੇ ਦੋ ਮਾਲਕ, ਭਰਾ ਸੌਰਭ ਅਤੇ ਗੌਰਵ ਲੂਥਰਾ, ਘਟਨਾ ਤੋਂ ਤੁਰੰਤ ਬਾਅਦ ਭਾਰਤ ਛੱਡ ਗਏ ਸਨ ਅਤੇ ਉਨ੍ਹਾਂ ਵਿਰੁੱਧ ਇੰਟਰਪੋਲ ਬਲੂ ਕਾਰਨਰ ਨੋਟਿਸ ਜਾਰੀ ਕੀਤਾ ਗਿਆ ਹੈ। ਸੂਤਰਾਂ ਨੇ ਕਿਹਾ ਕਿ ਗੋਆ ਪਹੁੰਚਣ 'ਤੇ ਗੁਪਤਾ ਤੋਂ ਕਲੱਬ ਦੇ ਪ੍ਰਬੰਧਨ, ਸੰਚਾਲਨ ਜ਼ਿੰਮੇਵਾਰੀਆਂ ਅਤੇ ਅੱਗ ਸੁਰੱਖਿਆ ਨਿਯਮਾਂ ਦੀ ਪਾਲਣਾ ਬਾਰੇ ਵਿਸਥਾਰਤ ਪੁੱਛਗਿੱਛ ਕੀਤੀ ਜਾਵੇਗੀ।

# ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ੇਸ਼ ਕੀਰਤਨ ਸਮਾਗਮ 15 ਦਸੰਬਰ ਨੂੰ : ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਦੇ ਪਵਿੱਤਰ ਜਨਮ ਦਿਹਾੜੇ ਨੂੰ ਸਮਰਪਿਤ 15 ਦਸੰਬਰ ਨੂੰ ਇੱਕ ਵਿਸ਼ੇਸ਼ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਆਤਮਕ ਸਮਾਗਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਬਾਬਾ ਫਤਿਹ ਸਿੰਘ ਸਾਹਿਬ ਜੀ, ਗਲੀ ਨੰਬਰ 13, ਗੋਬਿੰਦਪੁਰੀ ਵਿੱਚ ਪ੍ਰਬੰਧਕਾਂ ਵੱਲੋਂ ਸ਼ਰਧਾ-ਭਾਵਨਾ ਨਾਲ ਕੀਤਾ ਜਾਵੇਗਾ।

ਕਾਲਕਾ ਨੇ ਕਿਹਾ ਕਿ ਸਾਹਿਬਜ਼ਾਦਿਆਂ ਦੀ ਬੇਮਿਸਾਲ ਸ਼ਹਾਦਤ ਅਤੇ ਅਟੱਲ ਹਿੰਮਤ ਸਾਡੇ ਧਰਮਕ ਇਤਿਹਾਸ ਦੀ ਸਭ ਤੋਂ ਸੁਨਹਿਰੀ ਅਤੇ ਮਹਾਨ ਵਿਰਾਸਤ ਹੈ। ਬਾਬਾ ਫਤਿਹ ਸਿੰਘ ਜੀ ਦੇ ਜਨਮ ਦਿਹਾੜੇ 'ਤੇ ਉਨ੍ਹਾਂ ਦੇ ਅਟੁੱਟ ਧਰਮ-ਨਿਸ਼ਠਾ ਅਤੇ ਕੁਰਬਾਨੀ ਨੂੰ ਯਾਦ ਕਰਨਾ ਸਾਡੇ ਲਈ ਰੂਹਾਨੀ ਫ਼ਰਜ਼ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਹ ਸਮਾਗਮ ਰਾਬਤਾ-ਏ-ਰੂਹਾਨੀਅਤ ਨਾਲ ਭਰਪੂਰ ਹੋਵੇਗਾ ਜਿਸ ਵਿੱਚ ਰਾਗੀ ਜਥੇ ਗੁਰਬਾਣੀ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕਰਨਗੇ ਅਤੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਭਰੀਆਂ ਗੱਥਾਵਾਂ ਨੂੰ ਵੀ ਉਜਾਗਰ ਕੀਤਾ ਜਾਵੇਗਾ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਸੱਚੇ ਅਰਥਾਂ ਵਿੱਚ ਪ੍ਰੇਰਿਤ ਕੀਤਾ ਜਾ ਸਕੇ।

ਉਨ੍ਹਾਂ ਸੰਗਤ ਨੂੰ ਬੇਨਤੀ ਹੈ ਕਿ ਵੱਡੀ ਗਿਣਤੀ ਵਿੱਚ ਹਾਜ਼ਰ ਹੋ ਕੇ ਇਸ ਰੂਹਾਨੀ ਸਮਾਗਮ ਦੇ ਅਸ਼ੀਰਵਾਦ ਪ੍ਰਾਪਤ ਕਰਨ ਅਤੇ ਸਾਹਿਬਜ਼ਾਦਿਆਂ ਦੀ ਅਮਰ ਸ਼ਹਾਦਤ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨ।

# ਆਪਰੇਸ਼ਨ ਸੀਲ-23: ਪੰਜਾਬ ਵਿੱਚ ਨਸ਼ਾ ਅਤੇ ਸ਼ਰਾਬ ਤਸਕਰਾਂ 'ਤੇ ਪੈਣੀ ਨਜ਼ਰ ਰੱਖਣ ਲਈ 65 ਐਂਟਰੀ/ਐਗਜ਼ਿਟ ਪੁਆਇੰਟ ਕੀਤੇ ਸੀਲ; 3 ਗ੍ਰਿਫ਼ਤਾਰ

**➤ ਪੁਲਿਸ ਟੀਮਾਂ ਨੇ ਆਪਰੇਸ਼ਨ ਸੀਲ ਦੇ ਹਿੱਸੇ ਵਜੋਂ ਸੂਬੇ ਵਿੱਚ ਆਉਣ-ਜਾਣ ਵਾਲੇ 1182 ਵਾਹਨਾਂ ਦੀ ਕੀਤੀ ਜਾਂਚ; 234 ਵਾਹਨਾਂ ਦੇ ਕੱਟੇ ਚਲਾਨ, 2 ਵਾਹਨ ਕੀਤੇ ਜ਼ਬਤ ➤ ਯੁੱਧ ਨਸ਼ਿਆਂ ਵਿਰੁੱਧ ਨੇ 283ਵੇਂ ਦਿਨ 1.5 ਕਿਲੋਗ੍ਰਾਮ ਹੈਰੋਇਨ, 2.9 ਲੱਖ ਰੁਪਏ ਦੀ ਡਰੱਗ ਮਨੀ ਸਮੇਤ 95 ਨਸ਼ਾ ਤਸਕਰ ਗ੍ਰਿਫ਼ਤਾਰ**

**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਦੌਰਾਨ, ਪੰਜਾਬ ਪੁਲਿਸ ਨੇ ਅੱਜ ਵਿਸ਼ੇਸ਼ ਆਪ੍ਰੇਸ਼ਨ 'ਓਪੀਐਸ ਸੀਲ-23' ਚਲਾਇਆ ਜਿਸਦਾ ਉਦੇਸ਼ ਸਰਹੱਦੀ ਸੂਬੇ ਪੰਜਾਬ ਵਿੱਚ ਆਉਣ-ਜਾਣ ਵਾਲੇ ਸਾਰੇ ਵਾਹਨਾਂ ਦੀ ਜਾਂਚ ਕਰਨਾ ਹੈ ਤਾਂ ਜੋ ਸਮਾਜ ਵਿਰੋਧੀ ਅਨਸਰਾਂ, ਨਸ਼ਾ ਅਤੇ ਸ਼ਰਾਬ ਤਸਕਰਾਂ 'ਤੇ ਕੜੀ ਨਜ਼ਰ ਰੱਖੀ ਜਾ ਸਕੇ।

ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਏ ਗਏ ਇਸ ਆਪ੍ਰੇਸ਼ਨ ਦੌਰਾਨ, ਸਰਹੱਦੀ ਜ਼ਿਲ੍ਹਿਆਂ ਦੇ ਸਾਰੇ ਐਸਐਸਪੀਜ਼ ਨੂੰ ਆਪਣੇ-ਆਪਣੇ ਜ਼ਿਲ੍ਹਿਆਂ ਵਿੱਚ ਰਣਨੀਤਕ ਥਾਵਾਂ 'ਤੇ ਸਾਂਝੇ ਨਾਕੇ ਲਗਾਉਣ ਅਤੇ ਗਜ਼ਟਿਡ ਅਧਿਕਾਰੀਆਂ/ਐਸਐਚਓਜ਼ ਦੀ ਨਿਗਰਾਨੀ ਹੇਠ ਸੀਲਿੰਗ ਪੁਆਇੰਟਾਂ 'ਤੇ ਮਜ਼ਬੂਤ 'ਨਾਕੇ' ਲਗਾਉਣ ਲਈ ਵੱਧ ਤੋਂ ਵੱਧ ਪੁਲਿਸ ਬਲ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ, ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ ਇੰਸਪੈਕਟਰਾਂ/ਡੀਐਸਪੀਜ਼ ਦੀ ਨਿਗਰਾਨੀ ਹੇਠ 600 ਤੋਂ ਵੱਧ ਪੁਲਿਸ ਕਰਮਚਾਰੀਆਂ ਦੇ ਆਪਸੀ ਤਾਲਮੇਲ ਨਾਲ 10 ਜ਼ਿਲ੍ਹਿਆਂ ਜਿਨ੍ਹਾਂ ਦੀ ਹੱਦ ਚਾਰ ਸਰਹੱਦੀ ਸੂਬਿਆਂ ਅਤੇ ਯੂਟੀ ਚੰਡੀਗੜ੍ਹ ਨਾਲ ਲੱਗਦੀ ਹੈ, ਦੇ ਘੱਟੋ-ਘੱਟ 65 ਐਂਟਰੀ/ਐਗਜ਼ਿਟ ਪੁਆਇੰਟਾਂ 'ਤੇ ਮਜ਼ਬੂਤ ਨਾਕੇ ਲਗਾਏ ਗਏ। ਇਨ੍ਹਾਂ 10 ਅੰਤਰ-ਰਾਜੀ ਸਰਹੱਦੀ ਜ਼ਿਲ੍ਹਿਆਂ ਵਿੱਚ ਪਠਾਨਕੋਟ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ, ਰੂਪਨਗਰ, ਐਸਏਐਸ ਨਗਰ, ਪਟਿਆਲਾ, ਸੰਗਰੂਰ, ਮਾਨਸਾ, ਹੁਸ਼ਿਆਰਪੁਰ ਅਤੇ ਬਠਿੰਡਾ ਸ਼ਾਮਲ ਹਨ।

ਉਨ੍ਹਾਂ ਦੱਸਿਆ ਕਿ ਇਸ ਆਪਰੇਸ਼ਨ ਦੌਰਾਨ ਸੂਬੇ ਵਿੱਚ ਆਉਣ-ਜਾਣ ਵਾਲੇ 1182 ਵਾਹਨਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ 234 ਵਾਹਨਾਂ ਦੇ ਚਲਾਨ ਕੀਤੇ ਗਏ ਅਤੇ 2 ਵਾਹਨਾਂ ਨੂੰ ਜ਼ਬਤ ਕੀਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 5 ਐਫਆਈਆਰਜ਼ ਵੀ ਦਰਜ ਕੀਤੀਆਂ ਅਤੇ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ।

ਇਸ ਤੋਂ ਇਲਾਵਾ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਘੇਰਾਬੰਦੀ ਅਤੇ ਤਲਾਸ਼ੀ ਮੁਹਿੰਮ ਨੂੰ 283ਵੇਂ ਦਿਨ ਵੀ ਜਾਰੀ ਰੱਖਦਿਆਂ ਅੱਜ 346 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 68 ਐਫਆਈਆਰਜ਼ ਦਰਜ ਕਰਕੇ 95 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਸ ਨਾਲ, 283 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 39,864 ਹੋ ਗਈ ਹੈ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਇਸ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 1.5 ਕਿਲੋ ਹੈਰੋਇਨ, 429 ਗ੍ਰਾਮ ਅਫੀਮ, 6 ਕਿਲੋ ਗਾਂਜਾ, 21 ਕਿਲੋ ਭੁੱਕੀ ਅਤੇ 2.95 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਉਨ੍ਹਾਂ ਦੱਸਿਆ ਕਿ 70 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1000 ਤੋਂ ਵੱਧ ਪੁਲਿਸ ਮੁਲਾਜ਼ਮਾਂ ਵਾਲੀਆਂ 120 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 340 ਸ਼ੱਕੀ ਵਿਅਕਤੀਆਂ ਦੀ ਜਾਂਚ ਕੀਤੀ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ 'ਡੀ-ਅਡਿਕਸ਼ਨ' ਹਿੱਸੇ ਵਜੋਂ ਅੱਜ 40 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# 1984 ਦੰਗਾ ਪੀੜਤ ਪਰਿਵਾਰਾਂ ਨੂੰ ਵੱਡੀ ਰਾਹਤ: ਕੌਸ਼ਲ ਰੁਜ਼ਗਾਰ ਨਿਗਮ ਰਾਹੀਂ ਮਿਲੇਗੀ ਕੰਟਰੈਕਟ ਦੀ ਨੌਕਰੀ

**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਸਰਕਾਰ ਨੇ 1984 ਦੇ ਸਿੱਖ ਦੰਗਿਆਂ ਵਿੱਚ ਮਾਰੇ ਗਏ ਹਰਿਆਣਵੀ ਪੀੜਤਾਂ ਦੇ ਪਰਿਵਾਰਾਂ ਲਈ ਇੱਕ ਮਹੱਤਵਪੂਰਨ ਫੈਸਲਾ ਲਿਆ ਹੈ। ਹੁਣ ਇਨ੍ਹਾਂ ਪਰਿਵਾਰਾਂ ਦੇ ਇੱਕ ਯੋਗ ਮੈਂਬਰ ਨੂੰ ਹਰਿਆਣਾ ਕੌਸ਼ਲ ਰੁਜ਼ਗਾਰ ਨਿਗਮ (ਐੱਚ.ਕੇ.ਆਰ.ਐੱਨ.) ਰਾਹੀਂ ਸਿੱਧੀ ਤਾਇਨਾਤੀ ਦਾ ਰਸਤਾ ਖੁੱਲ੍ਹ ਗਿਆ ਹੈ।

ਮਨੁੱਖੀ ਸਰੋਤ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਸਰਕਾਰ ਨੇ ਠੇਕੇ 'ਤੇ ਕਰਮਚਾਰੀਆਂ ਦੀ ਤਾਇਨਾਤੀ ਨੀਤੀ-2022 ਵਿੱਚ ਸੋਧ ਕਰਦਿਆਂ ਦੰਗਾ ਪੀੜਤ ਪਰਿਵਾਰਾਂ ਲਈ ਸੰਵੇਦਨਸ਼ੀਲ ਅਤੇ ਹਮਦਰਦੀ ਵਾਲਾ ਪ੍ਰਬੰਧ ਜੋੜਿਆ ਹੈ। ਬੁੱਧਵਾਰ ਨੂੰ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਤਹਿਤ ਦੰਗਾ ਪੀੜਤਾਂ ਦੇ ਪਰਿਵਾਰ ਦੇ ਇੱਕ ਮੈਂਬਰ ਨੂੰ ਮਨੁੱਖੀ ਆਧਾਰ 'ਤੇ ਤਾਇਨਾਤੀ ਦਾ ਅਧਿਕਾਰ ਦਿੱਤਾ ਗਿਆ ਹੈ।

ਇਸ ਦਾ ਮਤਲਬ ਹੈ ਕਿ ਜਿਹੜੇ ਪਰਿਵਾਰ 1984 ਦੀ ਹਿੰਸਾ ਵਿੱਚ ਆਪਣੇ ਮੈਂਬਰ ਗੁਆ ਚੁੱਕੇ ਹਨ - ਭਾਵੇਂ ਘਟਨਾ ਹਰਿਆਣਾ ਵਿੱਚ ਹੋਈ ਹੋਵੇ ਜਾਂ ਹਰਿਆਣਾ ਮੂਲ ਦੇ ਵਿਅਕਤੀ ਦੀ ਮੌਤ ਰਾਜ ਤੋਂ ਬਾਹਰ ਹੋਈ ਹੋਵੇ, ਉਨ੍ਹਾਂ ਲਈ ਹੁਣ ਸਰਕਾਰੀ ਵਿਭਾਗਾਂ ਵਿੱਚ ਠੇਕੇ ਦੇ ਆਧਾਰ 'ਤੇ ਰੁਜ਼ਗਾਰ ਦਾ ਨਵਾਂ ਰਸਤਾ ਖੁੱਲ੍ਹਦਾ ਹੈ। ਕੌਸ਼ਲ ਰੁਜ਼ਗਾਰ ਨਿਗਮ ਅਜਿਹੇ ਵਿਅਕਤੀਆਂ ਨੂੰ ਲੈਵਲ-1 ਤੋਂ ਲੈਵਲ-3 ਦੇ ਢੁਕਵੇਂ ਜੌਬ ਰੋਲ ਵਿੱਚ ਤਾਇਨਾਤ ਕਰੇਗਾ। ਯੋਗਤਾ ਅਤੇ ਵਿਦਿਅਕ ਯੋਗਤਾ ਉਹੀ ਹੋਵੇਗੀ, ਜੋ ਨਿਗਮ ਦੁਆਰਾ ਪਹਿਲਾਂ ਹੀ ਨਿਰਧਾਰਤ ਕੀਤੀ ਗਈ ਹੈ।

**ਸਾਰੇ ਵਿਭਾਗਾਂ ਵਿੱਚ ਮਿਲ ਸਕੇਗੀ ਨੌਕਰੀ**

ਨੋਟੀਫਿਕੇਸ਼ਨ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਸਿੱਖ ਦੰਗਾ ਪੀੜਤਾਂ ਦੇ ਪਰਿਵਾਰਾਂ ਲਈ ਸ਼ੁਰੂ ਕੀਤੀ ਗਈ ਇਸ ਸਹੂਲਤ ਦਾ ਲਾਭ ਸਾਰੇ ਵਿਭਾਗਾਂ ਵਿੱਚ ਮਿਲੇਗਾ। ਇਸ ਦੇ ਲਈ ਸਾਰੇ ਵਿਭਾਗਾਂ, ਮੰਡਲ ਕਮਿਸ਼ਨਰਾਂ, ਡੀ.ਸੀ., ਐੱਸ.ਡੀ.ਐੱਮ., ਜਨਤਕ ਅਦਾਰਿਆਂ, ਬੋਰਡਾਂ, ਯੂਨੀਵਰਸਿਟੀਆਂ ਅਤੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਰਜਿਸਟਰਾਰ ਨੂੰ ਇਸ ਆਦੇਸ਼ ਦੀ ਪਾਲਣਾ ਯਕੀਨੀ ਬਣਾਉਣ ਦੇ ਨਿਰਦੇਸ਼ ਭੇਜੇ ਗਏ ਹਨ। ਇਸ ਨਾਲ ਇਹ ਨੀਤੀ ਸਿਰਫ ਕੁਝ ਦਫ਼ਤਰਾਂ ਤੱਕ ਸੀਮਤ ਨਹੀਂ ਰਹੇਗੀ, ਸਗੋਂ ਪੂਰੇ ਰਾਜ ਪ੍ਰਸ਼ਾਸਨ 'ਤੇ ਬਰਾਬਰ ਲਾਗੂ ਹੋਵੇਗੀ। ਇਸ ਨਾਲ ਵਿਆਪਕ ਪੱਧਰ 'ਤੇ ਰੁਜ਼ਗਾਰ ਦੇ ਮੌਕੇ ਉਪਲਬਧ ਹੋ ਸਕਣਗੇ।

**ਖਾਲੀ ਅਹੁਦੇ ਨਾ ਹੋਣ 'ਤੇ ਹੋਣਗੇ ਇਹ ਪ੍ਰਬੰਧ**

ਨੋਟਿਫਿਕੇਸ਼ਨ ਵਿੱਚ ਇੱਕ ਹੋਰ ਨੁਕਤਾ ਇਹ ਵੀ ਜੋੜਿਆ ਗਿਆ ਹੈ। ਜੇ ਕਿਸੇ ਵਿਭਾਗ ਵਿੱਚ ਅਜਿਹੇ ਜੌਬ ਰੋਲ ਪਹਿਲਾਂ ਹੀ ਭਰੇ ਹੋਏ ਹਨ, ਤਾਂ ਅਜਿਹੇ ਉਮੀਦਵਾਰ ਨੂੰ ਦੂਜੇ ਵਿਭਾਗ ਵਿੱਚ ਐਡਜਸਟ ਕੀਤਾ ਜਾਵੇਗਾ। ਕੌਸ਼ਲ ਰੁਜ਼ਗਾਰ ਨਿਗਮ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਢੁਕਵਾਂ ਅਹੁਦਾ ਯਕੀਨੀ ਬਣਾਏਗਾ। ਜੇਕਰ ਕਿਤੇ ਵੀ ਇੰਡੈਂਟ (ਅਹੁਦੇ ਦੀ ਮੰਗ) ਉਪਲਬਧ ਨਾ ਹੋਵੇ, ਤਾਂ ਨਿਗਮ ਅਜਿਹੇ ਕਰਮਚਾਰੀ ਨੂੰ ਆਪਣੀ ਹੀ ਇਕਾਈ ਵਿੱਚ ਐਡਜਸਟ ਕਰੇਗਾ। ਇਹ ਪ੍ਰਬੰਧ ਇਸ ਨੀਤੀ ਨੂੰ ਵਿਵਹਾਰਕ ਅਤੇ ਪ੍ਰਭਾਵਸ਼ਾਲੀ ਬਣਾਉਂਦਾ ਹੈ।

**ਨੀਤੀ ਕਦੋਂ ਤੋਂ ਲਾਗੂ ਹੋਵੇਗੀ**

ਸਰਕਾਰ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਨੋਟੀਫਿਕੇਸ਼ਨ ਜਾਰੀ ਹੋਣ ਦੇ ਨਾਲ ਹੀ ਇਹ ਨੀਤੀ ਵੀ ਲਾਗੂ ਹੋ ਗਈ ਹੈ। ਭਾਵ, ਹੁਣ ਤੋਂ ਦੰਗਾ ਪੀੜਤ ਪਰਿਵਾਰਾਂ ਦੀਆਂ ਅਰਜ਼ੀਆਂ ਸਿੱਧੇ ਇਸ ਸੋਧੀ ਹੋਈ ਨੀਤੀ ਤਹਿਤ ਸਵੀਕਾਰ ਹੋਣਗੀਆਂ।

# ਯੂਨੈਸਕੋ ਦੀ ਤਿਉਹਾਰਾਂ ਦੀ ਸੂਚੀ ਵਿੱਚ ਸ਼ਾਮਲ ਹੋਈ ਦੀਵਾਲੀ; ਲਾਲ ਕਿਲ੍ਹੇ 'ਤੇ ਹੋਈ ਯੂਨੈਸਕੋ ਦੀ ਮੀਟਿੰਗ ਵਿੱਚ ਲਿਆ ਗਿਆ ਫੈਸਲਾ

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਪ੍ਰਮੁੱਖ ਤਿਉਹਾਰ ਦੀਵਾਲੀ ਨੂੰ ਬੁੱਧਵਾਰ ਨੂੰ ਯੂਨੈਸਕੋ (UNESCO) ਦੀ ਮਨੁੱਖਤਾ ਦੀ ਅਮੂਰਤ ਸੱਭਿਆਚਾਰਕ ਵਿਰਾਸਤ ਦੀ ਸੂਚੀ ਵਿੱਚ ਸ਼ਾਮਲ ਕਰ ਲਿਆ ਗਿਆ ਹੈ।

ਇਹ ਫੈਸਲਾ ਦਿੱਲੀ ਵਿੱਚ ਲਾਲ ਕਿਲੇ 'ਤੇ ਕਰਵਾਈ ਯੂਨੈਸਕੋ ਦੀ ਇੱਕ ਅਹਿਮ ਬੈਠਕ ਵਿੱਚ ਲਿਆ ਗਿਆ।

ਇਹ ਪਹਿਲੀ ਵਾਰ ਹੈ ਕਿ ਭਾਰਤ ਅਮੂਰਤ ਸੱਭਿਆਚਾਰਕ ਵਿਰਾਸਤ (938) ਦੀ ਸੰਭਾਲ ਲਈ ਅੰਤਰ-ਸਰਕਾਰੀ ਕਮੇਟੀ ਦੇ ਸੈਸ਼ਨ ਦੀ ਮੇਜ਼ਬਾਨੀ ਕਰ ਰਿਹਾ ਹੈ।

ਇਸ ਕਮੇਟੀ ਦਾ 20ਵਾਂ ਸੈਸ਼ਨ ਲਾਲ ਕਿਲੇ ਵਿੱਚ 8 ਤੋਂ 13 ਦਸੰਬਰ ਤੱਕ ਚੱਲ ਰਿਹਾ ਹੈ। ਯੂਨੈਸਕੋ ਵੱਲੋਂ ਦੀਵਾਲੀ ਦੇ ਤਿਉਹਾਰ ਨੂੰ ਇਸ ਵੱਕਾਰੀ ਸੂਚੀ ਵਿੱਚ ਸ਼ਾਮਲ ਕਰਨ ਦੇ ਐਲਾਨ ਤੋਂ ਬਾਅਦ 'ਵੰਦੇ ਮਾਤਰਮ' ਅਤੇ 'ਭਾਰਤ ਮਾਤਾ ਕੀ ਜੈ' ਦੇ ਨਾਅਰੇ ਗੂੰਜ ਉੱਠੇ।

ਯੂਨੈਸਕੋ ਦਾ ਦਰਜਾ ਮਿਲਣ ਨਾਲ ਦੀਵਾਲੀ ਦੀ ਵਿਸ਼ਵਵਿਆਪੀ ਪ੍ਰਸਿੱਧੀ ਵਧੇਗੀ: ਮੋਦੀ

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਬੁੱਧਵਾਰ ਨੂੰ ਦੀਵਾਲੀ ਨੂੰ ਯੂਨੈਸਕੋ ਦੀ ਅਮੂਰਤ ਸੱਭਿਆਚਾਰਕ ਵਿਰਾਸਤ ਸੂਚੀ ਵਿੱਚ ਸ਼ਾਮਲ ਕੀਤੇ ਜਾਣ ਦਾ ਸੁਆਗਤ ਕੀਤਾ ਅਤੇ ਕਿਹਾ ਕਿ ਇਸ ਨਾਲ ਤਿਉਹਾਰ ਦੀ ਵਿਸ਼ਵਵਿਆਪੀ ਪ੍ਰਸਿੱਧੀ ਵਿੱਚ ਹੋਰ ਵਾਧਾ ਹੋਵੇਗਾ।

ਮੋਦੀ ਨੇ ਯੂਨੈਸਕੋ ਵੱਲੋਂ ਦੀਪਾਵਲੀ ਨੂੰ ਆਪਣੀ ਅਮੂਰਤ ਸੱਭਿਆਚਾਰਕ ਵਿਰਾਸਤ ਸੂਚੀ ਵਿੱਚ ਸ਼ਾਮਲ ਕੀਤੇ ਜਾਣ ਦੇ ਐਲਾਨ 'ਤੇ ਪ੍ਰਤੀਕਿਰਿਆ ਦਿੰਦਿਆਂ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ, ਭਾਰਤ ਅਤੇ ਦੁਨੀਆ ਭਰ ਦੇ ਲੋਕ ਰੋਮਾਂਚਿਤ ਹਨ ਦੀਵਾਲੀ ਸਾਡੇ ਸੱਭਿਆਚਾਰ ਅਤੇ ਕਦਰਾਂ-ਕੀਮਤਾਂ ਨਾਲ ਡੂੰਘਾਈ ਨਾਲ ਜੁੜੀ ਹੋਈ ਹੈ। ਇਹ ਸਾਡੀ ਸੱਭਿਅਤਾ ਦਾ ਸਾਰ ਹੈ। ਇਹ ਗਿਆਨ ਅਤੇ ਧਰਮ ਦਾ ਪ੍ਰਤੀਕ ਹੈ। ਦੀਵਾਲੀ ਨੂੰ ਯੂਨੈਸਕੋ ਦੀ ਅਮੂਰਤ ਸੱਭਿਆਚਾਰਕ ਵਿਰਾਸਤ ਸੂਚੀ ਵਿੱਚ ਸ਼ਾਮਲ ਕੀਤੇ ਜਾਣ ਨਾਲ ਤਿਉਹਾਰ ਦੀ ਵਿਸ਼ਵਵਿਆਪੀ ਪ੍ਰਸਿੱਧੀ ਵਿੱਚ ਹੋਰ ਵੀ ਵਾਧਾ ਹੋਵੇਗਾ। ਸ਼੍ਰੀ ਰਾਮ ਦੇ ਆਦਰਸ਼ ਸਾਡਾ ਸਦੀਵੀ ਰੂਪ ਵਿੱਚ ਮਾਰਗਦਰਸ਼ਨ ਕਰਦੇ ਰਹਿਣ।

ਦੱਸ ਦਈਏ ਕਿ ਦੀਵਾਲੀ ਨੂੰ ਸ਼ਾਮਲ ਕਰਨ ਨਾਲ, ਭਾਰਤ ਦੀਆਂ 15 ਚੀਜ਼ਾਂ ਹੁਣ ਯੂਨੈਸਕੋ ਦੀ ਅਮੂਰਤ ਸੱਭਿਆਚਾਰਕ ਵਿਰਾਸਤ ਸੂਚੀ ਵਿੱਚ ਸ਼ਾਮਲ ਹਨ, ਜਿਨ੍ਹਾਂ ਵਿੱਚ ਕੁੰਭ ਮੇਲਾ, ਕੋਲਕਾਤਾ ਦੀ ਦੁਰਗਾ ਪੂਜਾ, ਗੁਜਰਾਤ ਦਾ ਗਰਬਾ ਡਾਂਸ, ਯੋਗ, ਵੈਦਿਕ ਮੰਤਰਾਂ ਦੇ ਉਚਾਰਨ ਦੀ ਪਰੰਪਰਾ ਅਤੇ ਰਾਮਲੀਲਾ ਮਹਾਂਕਾਵਿ 'ਰਾਮਾਇਣ' ਦਾ ਰਵਾਇਤੀ ਪ੍ਰਦਰਸ਼ਨ ਸ਼ਾਮਲ ਹਨ।

ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀ ਚੋਣਾਂ-2025 ;ਰਿਟਰਨਿੰਗ ਅਧਿਕਾਰੀਆਂ ਨੇ ਚੋਣ ਅਮਲੇ ਦੀ ਪਹਿਲੀ ਰਿਹਰਸਲ ਕਰਵਾਈ

# ਚੋਣ ਅਮਲਾ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਇੰਨ-ਬਿੰਨ ਯਕੀਨੀ ਬਣਾਵੇ: ਡਾ. ਪ੍ਰੀਤੀ ਯਾਦਵ

**ਪਟਿਆਲਾ, 11 ਦਸੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**



ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਪ੍ਰੀਤੀ ਯਾਦਵ ਨੇ ਪਟਿਆਲਾ ਜ਼ਿਲ੍ਹੇ ਅੰਦਰ ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀ ਦੀਆਂ ਆਮ ਚੋਣਾਂ ਲਈ 14 ਦਸੰਬਰ ਨੂੰ ਪੈਣ ਵਾਲੀਆਂ ਵੋਟਾਂ ਲਈ ਤਾਇਨਾਤ ਕੀਤੇ ਸਮੁੱਚੇ ਚੋਣ ਅਮਲੇ ਨੂੰ ਵੋਟਾਂ ਪੁਆਉਣ ਦਾ ਕਾਰਜ ਪੂਰੀ ਜ਼ਿੰਮੇਵਾਰੀ ਨਾਲ ਪਾਰਦਰਸ਼ੀ ਅਤੇ ਨਿਰਪੱਖ ਰਹਿ ਕੇ ਨਿਭਾਉਣ ਦੇ ਨਿਰਦੇਸ਼ ਦਿੱਤੇ ਹਨ। ਡਾ. ਪ੍ਰੀਤੀ ਯਾਦਵ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਦੀਆਂ ਚੋਣਾਂ ਦੀ ਸਮੁੱਚੀ ਚੋਣ ਪ੍ਰਕਿਰਿਆ ਪੂਰੀ ਤਰ੍ਹਾਂ ਸੁਤੰਤਰ, ਨਿਰਪੱਖ, ਸੁਚਾਰੂ, ਨਿਰਵਿਘਨ ਅਤੇ ਆਜ਼ਾਦਾਨਾ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਵੱਖ-ਵੱਖ ਰਿਟਰਨਿੰਗ ਅਧਿਕਾਰੀਆਂ ਦੀ ਨਿਗਰਾਨੀ ਹੇਠ ਮਾਸਟਰ ਟ੍ਰੇਨਰਾਂ ਨੇ ਚੋਣ ਅਮਲੇ ਦੀ ਪਹਿਲੀ ਰਿਹਰਸਲ ਕਰਵਾਈ ਅਤੇ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂ ਕਰਵਾਇਆ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਖਰੀ ਰਿਹਰਸਲ 13 ਦਸੰਬਰ ਨੂੰ ਹੋਵੇਗੀ ਅਤੇ ਸਾਰੀਆਂ ਪੋਲਿੰਗ ਪਾਰਟੀਆਂ 14 ਦਸੰਬਰ ਨੂੰ ਨਿਰਧਾਰਤ ਕੀਤੇ ਜਾਣ ਵਾਲੇ ਪੋਲਿੰਗ ਸਟੇਸ਼ਨਾਂ ਲਈ ਰਵਾਨਾ ਕੀਤੀ ਜਾਣਗੀਆਂ ਅਤੇ ਇਸੇ ਦਿਨ ਇਨ੍ਹਾਂ ਦੇ ਪੋਲਿੰਗ ਬੂਥ ਅਲਾਟ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪਰਿਸ਼ਦ ਚੋਣਾਂ ਲਈ ਬੈਲੇਟ ਪੇਪਰ ਦਾ ਪੀਲਾ ਰੰਗ ਅਤੇ ਬਲਾਕ ਸੰਮਤੀ ਚੋਣਾਂ ਲਈ ਚਿੱਟੇ ਰੰਗ ਦਾ ਬੈਲੇਟ ਪੇਪਰ ਹੋਵੇਗਾ ਅਤੇ ਮਤਦਾਨ ਕਰਕੇ ਵੋਟਰਾਂ ਵੱਲੋਂ ਇਹ ਵੋਟਾਂ ਅਲੱਗ-ਅਲੱਗ ਵੋਟ ਬਕਸਿਆਂ ਵਿਚ ਪਾਈਆਂ ਜਾਣਗੀਆਂ।

ਇਸੇ ਦੌਰਾਨ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਦਮਨਜੀਤ ਸਿੰਘ ਮਾਨ ਨੇ ਦੱਸਿਆ ਕਿ ਇਸ ਰਿਹਰਸਲ ਦੌਰਾਨ ਚੋਣ ਅਮਲੇ 'ਚ ਲੱਗੇ ਕਰਮਚਾਰੀਆਂ ਅਤੇ ਅਧਿਕਾਰੀਆਂ ਨੂੰ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਤੋਂ ਵਿਸਥਾਰ 'ਚ ਜਾਣੂ ਕਰਵਾਉਣ ਸਮੇਤ ਬੈਲੇਟ ਪੇਪਰਾਂ ਰਾਹੀਂ ਬੈਲੇਟ ਬਕਸਿਆਂ ਵਿੱਚ ਵੋਟਾਂ ਪੁਆਉਣ ਲਈ ਜ਼ਿਲ੍ਹਾ ਪਰਿਸ਼ਦ ਅਤੇ ਬਲਾਕ ਸੰਮਤੀ ਚੋਣਾਂ ਲਈ ਪੀਲੇ ਤੇ ਚਿੱਟੇ ਰੰਗਾਂ ਦੇ ਬੈਲੇਟ ਪੇਪਰਾਂ ਬਾਰੇ ਸਿਖਲਾਈ, ਮਤਦਾਨ ਲਈ ਜਰੂਰੀ ਹਦਾਇਤਾਂ, ਵੋਟਾਂ ਲਈ ਜਰੂਰੀ ਸਮਾਨ ਸਮੇਤ ਪ੍ਰੀਜਾਈਡਿੰਗ ਅਧਿਕਾਰੀ, ਸਹਾਇਕ ਪ੍ਰੀਜਾਈਡਿੰਗ ਅਧਿਕਾਰੀ, ਪੋਲਿੰਗ ਅਧਿਕਾਰੀ ਦੀਆਂ ਜਿੰਮੇਵਾਰੀਆਂ, ਪ੍ਰੀਜਾਈਡਿੰਗ ਅਫ਼ਸਰ ਦੀ ਡਾਇਰੀ, ਸਬੰਧਤ ਫਾਰਮ, ਮੋਹਰਾਂ, ਸੀਲਾਂ, ਟੈਗ, ਪੋਲਿੰਗ ਏਜੰਟਾਂ ਦੇ ਦਸਤਖ਼ਤ ਤੇ ਹੋਰ ਦਸਤਾਵੇਜਾਂ ਸਬੰਧੀ ਮੁਕੰਮਲ ਜਾਣਕਾਰੀ ਅਤੇ ਸਿਖਲਾਈ ਪ੍ਰਦਾਨ ਕੀਤੀ ਗਈ ਹੈ।

ਦਮਨਜੀਤ ਸਿੰਘ ਮਾਨ ਨੇ ਦੱਸਿਆ ਕਿ ਬਲਾਕ ਸੰਮਤੀ ਰਾਜਪੁਰਾ ਲਈ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ ਰਾਜਪੁਰਾ ਨਮਨ ਮਾਰਕੰਨ ਨੇ ਮਿਨੀ ਸਕੱਤਰੇਤ ਰਾਜਪੁਰਾ ਵਿਖੇ, ਭੁਨਰਹੇੜੀ ਬਲਾਕ ਸੰਮਤੀ ਲਈ ਰਿਟਰਨਿੰਗ ਅਫ਼ਸਰ ਏ.ਐਮ.ਡੀ. ਪੀ.ਆਰ.ਟੀ.ਸੀ. ਨਵਦੀਪ ਕੁਮਾਰ, ਬਲਾਕ ਸੰਮਤੀ ਸਨੌਰ ਲਈ ਰਿਟਰਨਿੰਗ ਅਫ਼ਸਰ-ਕਮ-ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ ਨੇ ਸਰਕਾਰੀ ਬਹੁਤਕਨੀਕੀ ਕਾਲਜ ਐਸ.ਐਸ.ਟੀ. ਨਗਰ ਪਟਿਆਲਾ ਵਿਖੇ, ਬਲਾਕ ਸੰਮਤੀ ਨਾਭਾ ਲਈ ਚੋਣ ਅਮਲੇ ਦੀ ਰਿਹਰਸਲ ਐਸ.ਡੀ.ਐਮ ਨਾਭਾ ਕੰਨੂ ਗਰਗ ਨੇ ਸਰਕਾਰੀ ਰਿਪੁਦਮਨ ਕਾਲਜ ਨਾਭਾ ਵਿਖੇ ਅਤੇ ਬਲਾਕ ਸੰਮਤੀ ਪਟਿਆਲਾ ਲਈ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ ਪਟਿਆਲਾ ਨਵਜੋਤ ਕੌਰ ਮਾਵੀ ਦੀ ਅਗਵਾਈ ਹੇਠ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਵਿਖੇ ਚੋਣ ਅਮਲੇ ਦੀ ਰਿਹਰਸਲ ਕਰਵਾਈ ਗਈ ਹੈ।

ਜਦੋਂਕਿ ਸਮਾਣਾ ਬਲਾਕ ਸੰਮਤੀ ਲਈ ਰਿਟਰਨਿੰਗ ਅਫ਼ਸਰ-ਕਮ-ਐਸ.ਡੀ.ਐਮ. ਰਿਚਾ ਗੋਇਲ ਨੇ ਪਬਲਿਕ ਕਾਲਜ ਸਮਾਣਾ ਵਿਖੇ, ਬਲਾਕ ਸੰਮਤੀ ਪਾਤੜਾਂ ਦੇ ਰਿਟਰਨਿੰਗ ਅਫ਼ਸਰ ਐਸ.ਡੀ.ਐਮ. ਪਾਤੜਾਂ ਅਸ਼ੋਕ ਕੁਮਾਰ ਨੇ ਕਿਰਤੀ ਕਾਲਜ ਨਿਆਲ, ਪਟਿਆਲਾ ਦਿਹਾਤੀ ਬਲਾਕ ਸੰਮਤੀ ਲਈ ਰਿਟਰਨਿੰਗ ਅਫ਼ਸਰ-ਕਮ-ਕਾਰਜਕਾਰੀ ਇੰਜੀਨੀਅਰ ਲੋਕ ਨਿਰਮਾਣ ਪਟਿਆਲਾ ਵਨੀਤ ਸਿੰਗਲਾ ਨੇ ਸਰਕਾਰੀ ਆਈ.ਟੀ.ਆਈ. ਨਾਭਾ ਰੋਡ ਵਿਖੇ, ਬਲਾਕ ਸੰਮਤੀ ਸ਼ੰਭੂ ਕਲਾਂ ਦੇ ਰਿਟਰਨਿੰਗ ਅਫ਼ਸਰ-ਕਮ-ਕਾਰਜਕਾਰੀ ਇੰਜੀਨੀਅਰ ਭਾਖੜਾ ਮੇਨ ਲਾਈਨ ਕੈਨਾਲ ਪਟਿਆਲਾ ਗੁਰਸ਼ਰਨ ਸਿੰਘ ਵਿਰਕ ਅਤੇ ਬਲਾਕ ਸੰਮਤੀ ਘਨੌਰ ਦੇ ਰਿਟਰਨਿੰਗ ਅਫ਼ਸਰ-ਕਮ-ਨਿਗਰਾਨ ਇੰਜੀਨੀਅਰ ਪੀ.ਐਸ.ਪੀ.ਸੀ.ਐਲ ਰਾਜਪੁਰਾ ਧਰਮਵੀਰ ਕਮਲ ਨੇ ਯੂਨੀਵਰਸਿਟੀ ਕਾਲਜ ਘਨੌਰ ਵਿਖੇ ਚੋਣ ਅਮਲੇ ਦੀ ਪਹਿਲੀ ਰਿਹਰਸਲ ਕਰਵਾਈ ਹੈ।

# ਮਿਸ਼ਨ ਲਾਲੀ ਤੇ ਹਰਿਆਲੀ ਦੀ ਟੀਮ ਸ੍ਰੀ ਫਤਿਹਗੜ੍ਹ ਸਾਹਿਬ ਹੋਈ ਨਤਮਸਤਕ

**ਪਟਿਆਲਾ, 11 ਦਸੰਬਰ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਮਨੁੱਖਤਾ ਦੇ ਭਲੇ ਲਈ ਮੋਹਰੀ ਗਰੁੱਪ ਮਿਸ਼ਨ ਲਾਲੀ ਤੇ ਹਰਿਆਲੀ ਦੀ ਟੀਮ ਨੇ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਨਤਮਸਕ ਹੋ ਕੇ ਗੁਰੂ ਘਰ ਦੇ ਦਰਸ਼ਨ ਕੀਤੇ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਟੀਮ ਵਿਚ ਮਿਸ਼ਨ ਦੇ ਮੋਢੀ ਅਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਠੇਕੇਦਾਰ ਗੁਰਬਚਨ ਸਿੰਘ, ਸ਼ੁਭਦੀਪ ਸਿੰਘ ਤੇ ਹਰਮਨਦੀਪ ਸਿੰਘ ਸਨੌਰ ਸ਼ਾਮਲ ਸਨ।



ਇਸ ਉਪਰੰਤ ਦਫਤਰ ਪਹੁੰਚ ਕੇ ਮੈਨੇਜਰ ਗੁਰਦੀਪ ਸਿੰਘ ਕੰਗ ਨੂੰ ਫੁੱਲਾਂ ਦੇ ਬੁੱਕੇ ਦੇ ਕੇ ਸਨਮਾਨਤ ਕੀਤਾ। ਜਿਕਰਯੋਗ ਹੈ ਕਿ ਸ੍ਰ. ਕੰਗ ਸ੍ਰੀ ਆਨੰਦਪੁਰ ਸਾਹਿਬ ਵਿਖੇ 350 ਸਾਲਾ ਸ਼ਹੀਦੀ ਸਮਾਗਮਾਂ ਮੌਕੇ ਸੰਗਤਾਂ ਲਈ ਕਾਬਲੇ ਤਾਰੀਫ ਕੀਤੇ ਪ੍ਰਬੰਧ ਸਨ। ਸ੍ਰ. ਕੰਗ ਨੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਕੀਤੀ ਜਾਂਦੀ ਖ਼ੂਨਦਾਨ ਕੈਂਪਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੇ ਬਲੱਡ ਬੈਂਕ ਵਿੱਚ ਲੋੜਵੰਦ ਮਰੀਜ਼ਾਂ ਦੀ ਜਾਨ ਬਚਾਉਣ ਲਈ ਪਿਛਲੇ 13 ਸਾਲਾਂ ਤੋਂ ਰੈਗੂਲਰ ਖ਼ੂਨਦਾਨ ਕੈਂਪ ਲਗਾਉਣਾ ਵੱਡਾ ਕਾਰਜ ਹੈ, ਜਿਸ ਲਈ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ।

# ਮਾਲੇਰਕੋਟਲਾ ਸੂਫ਼ੀ ਫੈਸਟੀਵਲ ਮੁਅੱਤਲ-ਜਲਦ ਹੀ ਨਵੀਆਂ ਮਿਤੀਆਂ ਦਾ ਕੀਤਾ ਜਾਵੇਗਾ ਐਲਾਨ: ਏ.ਡੀ.ਸੀ.

**ਮਲੇਰਕੋਟਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਲੇਰਕੋਟਲਾ ਵਿਖੇ 11 ਤੋਂ 13 ਦਸੰਬਰ ਤੱਕ ਆਯੋਜਿਤ ਕੀਤੇ ਜਾਣ ਵਾਲੇ ਮਾਲੇਰਕੋਟਲਾ ਸੂਫ਼ੀ ਫ਼ੈਸਟੀਵਲ , ਨੂੰ ਪ੍ਰਬੰਧਕੀ ਕਾਰਨਾਂ ਕਰਕੇ ਮੁਅੱਤਲ ਕਰ ਦਿੱਤਾ ਗਿਆ ਹੈ।

ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਸੈਰ-ਸਪਾਟਾ ਅਤੇ ਸਭਿਆਚਾਰਕ ਮਾਮਲੇ ਵਿਭਾਗ, ਪੰਜਾਬ ਦੇ ਸਹਿਯੋਗ ਨਾਲ ਕਰਵਾਏ ਜਾਣ ਵਾਲੇ ਇਸ ਮਹੱਤਵਪੂਰਨ ਸੂਫ਼ੀ ਫੈਸਟੀਵਲ ਦੀਆਂ ਨਵੀਆਂ ਮਿਤੀਆਂ ਜਲਦ ਹੀ ਨਿਰਧਾਰਤ ਕਰਕੇ ਆਵਾਮ ਨੂੰ ਸੂਚਿਤ ਕੀਤਾ ਜਾਵੇਗਾ।



ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੂਬੇ ਦੀ ਅਮੀਰ ਸੂਫ਼ੀ ਵਿਰਾਸਤ ਅਤੇ ਸੱਭਿਆਚਾਰ ਨੂੰ ਦੇਸ਼-ਦੁਨੀਆ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਆਯੋਜਿਤ ਇਹ ਫੈਸਟੀਵਲ ਹੋਰ ਸੁਚਾਰੂ ਪ੍ਰਬੰਧਾਂ ਨਾਲ ਜਲਦ ਹੀ ਇੱਕ ਨਵੀਂ ਮਿਤੀ 'ਤੇ ਕਰਵਾਇਆ ਜਾਵੇਗਾ।

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਆਵਾਮ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਨਵੀਆਂ ਅਪਡੇਟਾਂ ਲਈ ਅਧਿਕਾਰਕ ਜਾਣਕਾਰੀਆਂ 'ਤੇ ਧਿਆਨ ਬਣਾਈ ਰੱਖਣ।

# ਵਧੀਕ ਡਿਪਟੀ ਕਮਿਸ਼ਨਰ ਨੇ ਸਟਰਾਂਗ ਰੂਮ/ਕਾਊਟਿੰਗ ਸੈਂਟਰ ਦੀ ਸੁਰੱਖਿਆ ਪ੍ਰਬੰਧਾਂ ਦਾ ਲਿਆ ਜ਼ਾਇਜਾ

**ਮਲੇਰਕੋਟਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਡਿਪਟੀ ਕਮਿਸ਼ਨਰ ਨਵਰੀਤ ਕੌਰ ਸੇਖੋਂ ਵੱਲੋਂ ਸਰਕਾਰੀ ਕਾਲਜ ਮਾਲੇਰਕੋਟਲਾ ਦਾ ਦੌਰਾ ਕਰਕੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਲਈ ਤਿਆਰ ਕੀਤੇ ਗਏ ਸਟਰਾਂਗ ਰੂਮ ਅਤੇ ਕਾਊਟਿੰਗ ਸੈਂਟਰ ਦੀਆਂ ਸੁਰੱਖਿਆ ਵਿਵਸਥਾਵਾਂ ਦਾ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ 13 ਦਸੰਬਰ ਨੂੰ ਪੋਲਿੰਗ ਸਟਾਫ ਦੀ ਰਵਾਨਗੀ ਅਤੇ 17 ਦਸੰਬਰ ਨੂੰ ਹੋਣ ਵਾਲੀ ਵੋਟਾਂ ਦੀ ਗਿਣਤੀ ਲਈ ਕੀਤੀਆਂ ਤਿਆਰੀਆਂ ਦੀ ਵੀ ਸਮੀਖਿਆ ਕੀਤੀ।



ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਧਿਕਾਰੀ-ਕਮ-ਰਿਟਰਨਿੰਗ ਅਫਸਰ, ਪੰਚਾਇਤ ਸੰਮਤੀ ਮਾਲੇਰਕੋਟਲਾ ਮੁਕਲ ਬਾਵਾ, ਐਸ.ਡੀ.ਓ. ਇੰਜੀਨੀਅਰ ਅਮਨਦੀਪ ਕੁਮਾਰ, ਜੇ.ਈ. ਇੰਜੀਨੀਅਰ ਮਨਪ੍ਰੀਤ ਸਿੰਘ, ਚੋਣ ਸ਼ਾਖਾ ਤੋਂ ਮਨਪ੍ਰੀਤ ਸਿੰਘ, ਮਨਦੀਪ ਸਿੰਘ ਅਤੇ ਹੋਰ ਅਧਿਕਾਰੀ ਮੌਜੂਦ ਸਨ।

ਵਧੀਕ ਡਿਪਟੀ ਕਮਿਸ਼ਨਰ ਨੇ ਸਟਰਾਂਗ ਰੂਮ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਨੇ ਸੁਰੱਖਿਆ ਪ੍ਰਬੰਧਾਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਹਦਾਇਤਾਂ ਜਾਰੀ ਕਰਦਿਆਂ ਕਿਹਾ ਕਿ ਸਟਰਾਂਗ ਰੂਮ ਵਿੱਚ 24 ਘੰਟੇ ਕੜੀ ਸੁਰੱਖਿਆ ਪ੍ਰਬੰਧ, ਉਚਿਤ ਰੋਸ਼ਨੀ ਦਾ ਪ੍ਰਬੰਧ, ਸੀ.ਸੀ.ਟੀ.ਵੀ ਕੈਮਰੇ ਲੱਗੇ ਹੋਣ ਅਤੇ ਨਿਰੰਤਰ ਨਿਗਰਾਨੀ ਰਹੇ, ਸੁਰੱਖਿਆ ਕਰਮਚਾਰੀਆਂ ਦੀ ਡਿਊਟੀ ਰੋਸਟਰ ਸਹੀ ਢੰਗ ਨਾਲ ਤਿਆਰ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਚੋਣਾਂ ਸਬੰਧੀ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸਤ ਨਹੀਂ ਕੀਤੀ ਜਾਵੇਗੀ ਅਤੇ ਸਾਰੇ ਪ੍ਰਬੰਧ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਹੀ ਕੀਤੇ ਜਾਣ । ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ ਦਾ ਕੰਮ ਅਮਨ- ਸ਼ਾਂਤੀ ਅਤੇ ਪਾਰਦਰਸ਼ੀ ਢੰਗ ਨਾਲ ਕੀਤਾ ਜਾਵੇ।

# ਇੰਸਟਾਮਾਰਟ ਨਾਲ ਸਾਂਝੇਦਾਰੀ ਕਰਕੇ 10 ਮਿੰਟਾਂ ਵਿੱਚ ਸਾਰੇ ਮਹਾਂਨਗਰਾਂ ਵਿੱਚ ਗਲੈਕਸੀ ਡਿਵਾਈਸਾਂ ਦੀ ਤੁਰੰਤ ਡਿਲੀਵਰੀ ਦੀ ਪੇਸ਼ਕਸ਼ ਕੀਤੀ

**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਸਭ ਤੋਂ ਵੱਡੇ ਖਪਤਕਾਰ ਇਲੈਕਟ੍ਰੋਨਿਕਸ ਬ੍ਰਾਂਡ, ਸੈਮਸੰਗ ਨੇ ਅੱਜ ਭਾਰਤ ਦੇ ਮੋਹਰੀ ਤੇਜ਼ ਵਣਜ ਪਲੇਟਫਾਰਮ, ਇੰਸਟਾਮਾਰਟ ਨਾਲ ਸਾਂਝੇਦਾਰੀ ਦਾ ਐਲਾਨ ਕੀਤਾ , ਤਾਂ ਜੋ ਮੁੱਖ ਸ਼ਹਿਰਾਂ ਵਿੱਚ ਗਲੈਕਸੀ ਰੇਂਜ ਦੇ ਉਤਪਾਦਾਂ ਨੂੰ ਤੁਰੰਤ ਉਪਲਬਧ ਕਰਵਾਇਆ ਜਾ ਸਕੇ। ਇਸ ਸਹਿਯੋਗ ਰਾਹੀਂ, ਸੈਮਸੰਗ ਗਲੈਕਸੀ ਸਮਾਰਟਫੋਨ, ਟੈਬਲੇਟ, ਪਹਿਨਣਯੋਗ ਚੀਜ਼ਾਂ ਅਤੇ ਸਹਾਇਕ ਉਪਕਰਣਾਂ ਦੇ ਵਿਸ਼ਾਲ ਪੋਰਟਫੋਲੀਓ ਤੱਕ ਤੇਜ਼ ਅਤੇ ਸੁਵਿਧਾਜਨਕ ਪਹੁੰਚ ਦੀ ਪੇਸ਼ਕਸ਼ ਕਰੇਗਾ। ਗਾਹਕ ਇੰਸਟਾਮਾਰਟ ' ਤੇ ਚੋਣਵੇਂ ਗਲੈਕਸੀ ਡਿਵਾਈਸਾਂ ਦਾ ਆਰਡਰ ਦੇ ਸਕਦੇ ਹਨ ਅਤੇ ਉਨ੍ਹਾਂ ਨੂੰ ਮਿੰਟਾਂ ਦੇ ਅੰਦਰ ਉਨ੍ਹਾਂ ਦੇ ਦਰਵਾਜ਼ੇ 'ਤੇ ਪਹੁੰਚਾ ਸਕਦੇ ਹਨ। ਸੈਮਸੰਗ ਵਿਖੇ, ਅਸੀਂ ਅਰਥਪੂਰਨ ਨਵੀਨਤਾਵਾਂ ਦੁਆਰਾ ਪ੍ਰੇਰਿਤ ਹਾਂ ਜੋ ਹਰ ਕਿਸੇ ਲਈ ਪਹੁੰਚਯੋਗ ਹਨ। ਇੰਸਟਾਮਾਰਟ ਨਾਲ ਸਾਡੀ ਭਾਈਵਾਲੀ ਸਾਡੀ ਓਮਨੀਚੈਨਲ ਰਣਨੀਤੀ ਨੂੰ ਮਜ਼ਬੂਤ ਕਰਨ ਅਤੇ ਕੁਝ ਮਿੰਟਾਂ ਵਿੱਚ ਉਪਭੋਗਤਾਵਾਂ ਲਈ ਗਲੈਕਸੀ ਅਨੁਭਵ ਉਪਲਬਧ ਕਰਾਉਣ ਵੱਲ ਇੱਕ ਹੋਰ ਕਦਮ ਹੈ। ਅਸੀਂ ਆਪਣੇ ਸਭ ਤੋਂ ਪਿਆਰੇ ਡਿਵਾਈਸਾਂ ਨੂੰ ਉਪਭੋਗਤਾਵਾਂ ਦੇ ਨੇੜੇ ਲਿਆ ਰਹੇ ਹਾਂ,÷ ਰਾਹੁਲ ਪਾਹਵਾ, ਡਾਇਰੈਕਟਰ, ਐਮਐਕਸ ਬਿਜ਼ਨਸ, ਸੈਮਸੰਗ ਇੰਡੀਆ ਨੇ ਕਿਹਾ।

ਇੰਸਟਾਮਾਰਟ ਵਿਖੇ , ਸਾਡਾ ਟੀਚਾ ਹਮੇਸ਼ਾ ਸਾਡੇ ਖਪਤਕਾਰਾਂ ਦੀ ਬਦਲਦੀ ਜੀਵਨ ਸ਼ੈਲੀ ਦਾ ਅੰਦਾਜ਼ਾ ਲਗਾਉਣਾ ਅਤੇ ਉਹਨਾਂ ਦੇ ਅਨੁਕੂਲ ਹੋਣਾ ਰਿਹਾ ਹੈ। ਸੈਮਸੰਗ ਨਾਲ ਸਿੱਧੇ ਤੌਰ 'ਤੇ ਸਾਂਝੇਦਾਰੀ ਕਰਕੇ, ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਉੱਚ-ਗੁਣਵੱਤਾ ਵਾਲੇ ਡਿਵਾਈਸ ਹੁਣ ਸਿਰਫ਼ ਕੁਝ ਕੁ ਟੈਪਾਂ ਅਤੇ 10 ਮਿੰਟ ਦੀ ਦੂਰੀ 'ਤੇ ਹਨ, ਜੋ ਕਿ ਤਕਨੀਕ ਵਿੱਚ ਸਹੂਲਤ ਦਾ ਅਸਲ ਅਰਥ ਕੀ ਹੈ, ਨੂੰ ਮੁੜ ਪਰਿਭਾਸ਼ਿਤ ਕਰ ਰਹੇ ਹਨ,÷ ਇੰਸਟਾਮਾਰਟ ਦੇ ਏਵੀਪੀ, ਮਨੇਂਦਰ ਕੌਸ਼ਿਕ ਨੇ ਕਿਹਾ । ਇਹ ਭਾਈਵਾਲੀ ਸੈਮਸੰਗ ਦੀ ਆਪਣੀ ਓਮਨੀਚੈਨਲ ਮੌਜੂਦਗੀ ਨੂੰ ਵਧਾਉਣ ਅਤੇ ਗਤੀ ਅਤੇ ਪਹੁੰਚਯੋਗਤਾ ਨੂੰ ਮਹੱਤਵ ਦੇਣ ਵਾਲੇ ਖਪਤਕਾਰਾਂ ਦੀਆਂ ਵਿਕਸਤ ਹੋ ਰਹੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੀ ਵਚਨਬੱਧਤਾ ਨਾਲ ਮੇਲ ਖਾਂਦੀ ਹੈ। ਸੈਮਸੰਗ ਇੰਸਟਾਮਾਰਟ ਨਾਲ ਭਾਈਵਾਲੀ ਕਰਕੇ ਆਪਣੇ ਪ੍ਰਚੂਨ ਵਾਤਾਵਰਣ ਨੂੰ ਮਜ਼ਬੂਤ ਕਰਦਾ ਹੈ ਅਤੇ ਇਹ ਯਕੀਨੀ ਬਣਾਉਂਦਾ ਹੈ ਕਿ ਕੀਮਤ ਹਿੱਸਿਆਂ ਦੇ ਖਪਤਕਾਰ ਸੁਵਿਧਾ ਨਾਲ ਗਲੈਕਸੀ ਤਕਨਾਲੋਜੀ ਦਾ ਅਨੁਭਵ ਕਰ ਸਕਣ।

# ਟਰੈਕਟਰਾਂ/ਮੋਟਰਸਾਈਕਲ ਤੇ ਹੋਰ ਸੰਦਾਂ 'ਤੇ ਖਤਰਨਾਕ ਸਟੰਟ ਆਯੋਜਿਤ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ

**ਪਟਿਆਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਧੀਕ ਜ਼ਿਲ੍ਹਾ ਮੈਜਿਸਟਰੇਟ ਸ਼੍ਰੀਮਤੀ ਸਿਮਰਪ੍ਰੀਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਪਟਿਆਲਾ ਜ਼ਿਲ੍ਹੇ ਦੀ ਹਦੂਦ ਅੰਦਰ ਟਰੈਕਟਰਾਂ/ਮੋਟਰਸਾਈਕਲ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ ਸਟੰਟ ਆਯੋਜਿਤ ਕਰਨ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਹ ਹੁਕਮ 3 ਫਰਵਰੀ 2026 ਤੱਕ ਲਾਗੂ ਰਹਿਣਗੇ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ ਤੋਂ ਪ੍ਰਾਪਤ ਹੋਏ ਪੱਤਰ ਤਹਿਤ ਰਾਜ ਵਿੱਚ ਬੀਤੇ ਦਿਨੀਂ ਕੁਝ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਵਿੱਚ ਟਰੈਕਟਰਾਂ ਅਤੇ ਸਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ ਆਦਿ।

# ਸਰਕਾਰੀ ਐਲੀਮੈਂਟਰੀ ਸਕੂਲ ਬੋਲੜ ਕਲਾ ਬਲਾਕ ਭੁਨਰਹੇੜੀ 2 ਵਿਖੇ ਮਹੀਨਾਵਾਰ ਇਵੈਂਟ ਫੋਟੋ ਫਰੇਮ ਕਰਵਾਇਆ



**ਸਨੌਰ,11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਪ੍ਰਾਇਮਰੀ ਸਕੂਲ ਬੋਲੜ ਕਲਾਂ ਬਲਾਕ ਭੁਨਰਹੇੜੀ 2 ਵਿਖੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦਵਿੰਦਰ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਤੇ ਸੀਐਚਟੀ ਰਾਜਿੰਦਰ ਸਿੰਘ ਜੀ ਦੀ ਅਗਵਾਈ ਹੇਠ ਕਰਵਾਇਆ ਗਿਆ ਪ੍ਰਥਮ ਤੋਂ ਮੈਡਮ ਪਰਮਜੀਤ ਕੌਰ ਭੱਟੀ (ਪ੍ਰਥਮ ਜਿਲਾ ਕੋਆਰਡੀਨੇਟਰ) ਅਤੇ ਪ੍ਰੀ ਪ੍ਰਾਇਮਰੀ ਅਧਿਆਪਕਾਂ ਮੀਨਾਕਸ਼ੀ ਵਾਲੀਆ ਦੇ ਯਤਨਾਂ ਸਦਕਾ ਪ੍ਰੀ-ਪ੍ਰਾਇਮਰੀ ਜਮਾਤ ਦੇ ਬੱਚਿਆਂ ਲਈ ਮਹੀਨਾਵਾਰ ਈਵੈਂਟ ਕਰਵਾਇਆ -

ਇਸ ਤੋਂ ਇਲਾਵਾ ਬੱਚਿਆਂ ਨੂੰ ਕਰਵਾਈਆਂ ਜਾ ਸਕਣ ਵਾਲੀਆਂ ਗਤੀਵਿਧੀਆਂ ਵਾਰੇ ਵਿਸਥਾਰ - ਪੂਰਵਕ ਜਾਣਕਾਰੀ ਦਿੱਤੀ ਗਈ ਤੇ ਹੱਥੀ ਸਮਾਨ ਵੀ ਤਿਆਰ ਕਰਨਾ ਸਿਖਾਇਆ ਗਿਆ। ਇਸ ਸਮੇ ਮੀਨਾਕਸ਼ੀ ਮੈਡਮ ਤੇ ਪਰਮਜੀਤ ਕੌਰ ਭੱਟੀ ਨੇ ਇਵੈਂਟ ਦੇ ਉਦੇਸ਼ ਬਾਰੇ ਮਾਵਾਂ ਨੂੰ ਦੱਸਿਆ ਕਿ ਬੱਚਿਆਂ ਦੀ ਸਿਰਜਨਾਤਮਿਕ ਸ਼ਕਤੀ ਦਾ ਵਿਕਾਸ ਕਰਨਾ ਅਤੇ ਉਹਨਾਂ ਨੂੰ ਆਪਣੇ ਪਰਿਵਾਰ ਨਾਲ਼ ਜੁੜੀਆਂ ਭਾਵਨਾਵਾਂ ਨੂੰ ਕਲਾ ਰਾਹੀਂ ਪ੍ਰਗਟ ਕਰਨ ਦਾ ਮੌਕਾ ਦੇਣਾ ਹੈ।

ਬੱਚਿਆਂ ਦੀਆਂ ਛੋਟੀਆਂ ਮਾਸਪੇਸ਼ੀਆਂ ਦਾ ਵਿਕਾਸ ਕਰਨਾ ਅਤੇ ਉਹਨਾਂ ਦੇ ਕਲਾਤਮਕ ਹੁਨਰ ਨੂੰ ਉਭਾਰਿਆ ਜਾਂਦਾ ਹੈ ਇਸ ਤੋਂ ਇਲਾਵਾ ਫੋਟੋ ਫਰੇਮ ਦੀ ਵਰਤੋਂ ਬੱਚੇ ਆਪਣੀ ਫੋਟੋ ਲਗਾ ਸਕਦੇ ਹਨ ਇਸ ਇਵੈਂਟ ਵਿਚ ਬੱਚਿਆਂ ਦੀਆਂ ਮਾਵਾਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਤੋਂ ਇਲਾਵਾ ਹਰਪ੍ਰੀਤ ਕੌਰ ਫੋਟੋ ਫਰੇਮ ਬਣਾਉਣ ਵਿੱਚ ਮਦਦ ਕੀਤੀ ਇਸ ਮੌਕੇ ਬੱਚਿਆਂ ਦੇ ਮਾਵਾਂ ਵੀ ਹਾਜ਼ਰ ਸਨ।

# ਸੌਲਵ ਫਾਰ ਟੂਮਾਰੋ 2025: ਯੰਗ ਇੰਡੀਆ ਕਿਵੇਂ ਏਆਈ ਦੀ ਵਰਤੋਂ ਇੱਕ ਸੁਰੱਖਿਅਤ, ਚੁਸਤ ਅਤੇ ਸਮਾਵੇਸ਼ੀ ਭਾਰਤ ਲਈ ਕਰ ਰਿਹੈ

**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਹੁਣ ਭਾਰਤ ਦੇ ਡਿਜੀਟਲ ਪਰਿਵਰਤਨ - ਡਰਾਈਵਿੰਗ ਸੁਰੱਖਿਆ, ਪਹੁੰਚਯੋਗਤਾ ਅਤੇ ਰੋਜ਼ਾਨਾ ਸਸ਼ਕਤੀਕਰਨ ਦਾ ਇੱਕ ਮੁੱਖ ਹਿੱਸਾ ਬਣ ਗਿਆ ਹੈ। ਇਸ ਪਰਿਵਰਤਨ ਦੇ ਮੱਦੇਨਜ਼ਰ, ਸੈਮਸੰਗ ਸੋਲਵ ਫਾਰ ਟੂਮਾਰੋ 2025 ਨੇ ਆਈਆਈਟੀ ਦਿੱਲੀ ਦੇ ਸਹਿਯੋਗ ਨਾਲ, ਦੇਸ਼ ਭਰ ਦੇ ਹਜ਼ਾਰਾਂ ਵਿਦਿਆਰਥੀਆਂ ਨੂੰ ÷ਏਆਈ ਫਾਰ ਏ ਸੇਫਰ, ਚੁਸਤ ਅਤੇ ਸਮਾਵੇਸ਼ੀ ਭਾਰਤ÷ ਥੀਮ ਦੇ ਤਹਿਤ ਅਸਲ-ਸੰਸਾਰ ਦੀਆਂ ਏਆਈ ਸਮੱਸਿਆਵਾਂ ਦੇ ਹੱਲ ਡਿਜ਼ਾਈਨ ਕਰਨ ਲਈ ਇਕੱਠਾ ਕੀਤਾ। ਇਸ ਸਾਲ ਦੇ ਥੀਮ, ÷ਏਆਈ ਫਾਰ ਏ ਸੇਫਰ, ਚੁਸਤ ਅਤੇ ਸਮਾਵੇਸ਼ੀ ਭਾਰਤ÷ ਦੇ ਮੁੱਖ ਅੰਸ਼ ਇੱਥੇ ਹਨ। ਏਆਈ ਥੀਮ ਨੇ ਵਿਦਿਆਰਥੀਆਂ ਨੂੰ ਅਜਿਹੀਆਂ ਤਕਨਾਲੋਜੀਆਂ ਡਿਜ਼ਾਈਨ ਕਰਨ ਲਈ ਪ੍ਰੇਰਿਤ ਕੀਤਾ ਜੋ ਜਨਤਕ ਥਾਵਾਂ 'ਤੇ ਸੁਰੱਖਿਆ ਨੂੰ ਵਧਾਉਂਦੀਆਂ ਹਨ, ਨੇਤਰਹੀਣਾਂ ਲਈ ਪਹੁੰਚਯੋਗਤਾ ਵਿੱਚ ਸੁਧਾਰ ਕਰਦੀਆਂ ਹਨ, ਅਤੇ ਅਸਲ-ਸਮੇਂ ਦੇ ਐਮਰਜੈਂਸੀ ਪ੍ਰਤੀਕਿਰਿਆ ਦਾ ਸਮਰਥਨ ਕਰਦੀਆਂ ਹਨ। ਚੱਕਰਵਿਊਹ, ਗਲਤੀ 404, ਪੈਸ਼ਨੇਟ ਪ੍ਰੋਬਲਮ ਸੋਲਵਰਸ, ਪਰਸੇਵੀਆ ਅਤੇ ਸਿਕਾਰੀਓ ਵਰਗੀਆਂ ਟੀਮਾਂ ਨੇ ਔਰਤਾਂ ਦੀ ਸੁਰੱਖਿਆ ਐਪਸ ਤੋਂ ਲੈ ਕੇ ਏਆਈ-ਸੰਚਾਲਿਤ ਨਿਗਰਾਨੀ ਨੈੱਟਵਰਕ, ਸਮਾਰਟ ਊਰਜਾ ਮੀਟਰ ਅਤੇ ਨੇਤਰਹੀਣਾਂ ਲਈ ਪਹਿਨਣਯੋਗ ਨੈਵੀਗੇਸ਼ਨ ਡਿਵਾਈਸਾਂ ਤੱਕ ਦੇ ਹੱਲ ਪੇਸ਼ ਕੀਤੇ। ਇਹਨਾਂ ਵਿੱਚ ਇੱਕ ਡਰੋਨ-ਸਮਰਥਿਤ 19 ਨਿਗਰਾਨੀ ਪ੍ਰਣਾਲੀ ਸ਼ਾਮਲ ਹੈ ਜੋ ਸਰਹੱਦੀ ਘੁਸਪੈਠ ਗਤੀਵਿਧੀਆਂ 'ਤੇ ਅਲਰਟ ਭੇਜਦੀ ਹੈ, ਔਰਤਾਂ ਲਈ ਰੀਅਲ-ਟਾਈਮ ਡਿੱਗਣ ਦਾ ਪਤਾ ਲਗਾਉਣ ਅਤੇ ਐਮਰਜੈਂਸੀ ਪ੍ਰਤੀਕਿਰਿਆ ਦੇ ਨਾਲ ਇੱਕ 19-ਸੰਚਾਲਿਤ ਸੁਰੱਖਿਆ ਐਪ, 19-ਅਧਾਰਿਤ ਐਨਕ੍ਰਿਪਸ਼ਨ ਅਤੇ ਭਵਿੱਖਬਾਣੀ ਚੇਤਾਵਨੀਆਂ ਵਾਲਾ ਇੱਕ ਵਿਕੇਂਦਰੀਕ੍ਰਿਤ ਸਮਾਰਟ ਊਰਜਾ ਮੀਟਰ ਸਿਸਟਮ, ਅਤੇ ਰੀਅਲ-ਟਾਈਮ ਚਿਹਰੇ ਦੀ ਪਛਾਣ ਅਤੇ ਔਫਲਾਈਨ ਨੈਵੀਗੇਸ਼ਨ ਸਹਾਇਤਾ ਨਾਲ ਨੇਤਰਹੀਣਾਂ ਲਈ 19 ਗਲਾਸ ਸ਼ਾਮਲ ਹਨ। ਥੀਮ ਦੇ ਚੋਟੀ ਦੇ ਜੇਤੂ - ਟੀਮ ਪਰਸੇਵੀਆ, ਜਿਸਦੀ ਅਗਵਾਈ ਬੰਗਲੁਰੂ ਦੇ ਵਿਦਿਆਰਥੀ ਤੁਸ਼ਾਰ ਸ਼ਾਅ ਨੇ ਕੀਤੀ - ਨੇ 19-ਸੰਚਾਲਿਤ ਗਲਾਸ ਬਣਾਏ ਜੋ ਵਸਤੂ ਪਛਾਣ ਅਤੇ ਸਥਾਨ-ਅਧਾਰਿਤ ਮਾਰਗਦਰਸ਼ਨ ਪ੍ਰਦਾਨ ਕਰਦੇ ਹਨ, ਨੇਤਰਹੀਣ ਵਿਅਕਤੀਆਂ ਲਈ ਸੁਰੱਖਿਅਤ ਅਤੇ ਸੁਤੰਤਰ ਗਤੀਸ਼ੀਲਤਾ ਨੂੰ ਸਮਰੱਥ ਬਣਾਉਂਦੇ ਹਨ।

# ਨਸ਼ਾ ਕਰਨ ਵਾਲਿਆਂ ਨਾਲ ਨਫ਼ਰਤ ਨਾ ਕਰੀਏ ਸਗੋਂ ਸਾਨੂੰ ਉਹਨਾਂ ਨੂੰ ਨਸ਼ਾ ਛੱਡਣ ਲਈ ਜਾਗਰੂਕ ਕਰਨਾ ਚਾਹੀਦਾ ਹੈ: ਬੰਨੀ ਚੈਹਿਲ



**ਪਟਿਆਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ , ਗਿਆਨ ਜੋਤੀ ਐਜੂਕੇਸ਼ਨ ਸੁਸਾਇਟੀ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਸਹਿਯੋਗ ਅਤੇ ਡਾਇਰੈਕਟਰ ਜਨਰਲ ਆਫ਼ ਪੁਲਿਸ ਗੋਰਵ ਯਾਦਵ,ਮਾਨਯੋਗ ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਿਸ ਕਾਮਿਊਨਟੀ ਅਫੇਅਰ ਗੁਰਪ੍ਰੀਤ ਕੌਰ ਦਿਓ, ਡੀ ਆਈ ਜੀ ਪਟਿਆਲਾ ਰੇਂਜ ਕੁਲਦੀਪ ਸਿੰਘ ਚਾਹਲ , ਐਸ ਐਸ ਪੀ ਪਟਿਆਲਾ ਵਰੁਣ ਸ਼ਰਮਾ, ਐਸ ਪੀ ਹੈਡਕੁਆਰਟਰ -ਕਮ- ਕਮਾਊਨਟੀ ਅਫਸਰ ਵੈਭਵ ਚੋਧਰੀ ਦੀ ਸਰਪ੍ਰਸਤੀ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਉਘੇ ਸਮਾਜ ਸੇਵੀ ਸੰਜੇਇੰਦਰ ਸਿੰਘ ਬੰਨੀ ਚੈਹਿਲ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੋਸਲਿੰਗ ਸੈਲ ਨੇ ਕੀਤੀ।ਪ੍ਰੋਗਰਾਮ ਦਾ ਉਦਘਾਟਨ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ।

ਵਿਸ਼ੇਸ਼ ਤੌਰ ਤੇ ਸੁਖਜਿੰਦਰ ਸਿੰਘ ਬਾਜਵਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ, ਭਾਰਤ ਵਿਕਾਸ ਪ੍ਰੀਸ਼ਦ ਤੋਂ ਹਰਿੰਦਰ ਗੁਪਤਾ, ਮੁਕੇਸ਼ ਸਿੰਗਲਾ, ਸ਼ਮੀਰ ਅਰੋੜਾ, ਆਦੇਸ਼ ਗੁਪਤਾ, ਆਰ ਐਸ ਬਾਂਸਲ, ਰਵਿੰਦਰ ਸਿੰਘ ਤੋ ਇਲਾਵਾ ਸਟੇਟ ਐਵਾਰਡੀ ਰੁਪਿੰਦਰ ਕੌਰ,ਉਪਕਾਰ ਸਿੰਘ, ਰੁਦਰਪ੍ਰਤਾਪ ਸਿੰਘ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਵੀ ਹਾਜ਼ਰ ਸਨ ।

# ਅਗਰਵਾਲ ਚੇਤਨਾ ਸਭਾ ਦੀ ਮੀਟਿੰਗ ਸ੍ਰੀ ਦੇਵੀ ਦਿਆਲ ਗੋਇਲ ਦੀ ਪ੍ਰਧਾਨਗੀ ਹੇਠ ਆਯੋਜਿਤ



**ਪਟਿਆਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਗਰਵਾਲ ਚੇਤਨਾ ਸਭਾ ਦੀ ਮੀਟਿੰਗ ਸ੍ਰੀ ਦੇਵੀ ਦਿਆਲ ਗੋਇਲ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਅਗਰਵਾਲ ਸਮਾਜ ਦੀ ਬੇਹਤਰੀ ਲਈ ਕੰਮ ਕਰਨ ਅਤੇ ਲੋਕਾਂ ਤੱਕ ਪਹੁੰਚਾਉਣ ਦਾ ਫੈਸਲਾ ਕੀਤਾ ਗਿਆ ਅਤੇ ਉਸ ਵਿੱਚ ਫੈਲੀਆ ਬੁਰਾਈਆਂ ਨੂੰ ਦੂਰ ਕਰਨ ਲਈ ਉਪਰਾਲਾ ਕਰਣ ਦਾ ਵੀ ਕਿਹਾ ਗਿਆ। ਲੜਕੀਆਂ ਦੇ ਵਿਵਾਹ ਸਮੇਂ ਫਜੂਲ ਖਰਚਾ ਰੋਕਣ ਲਈ, ਭੋਗ ਸਮੇਂ ਦੀ ਫਜੂਲ ਖਰਚਾ ਰੋਕਣ ਦੇ ਉਪਰਾਲੇ ਕਰਨ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਉਪਰਾਲੇ ਕੀਤੇ ਜਾਣਗੇ।

ਅਗਰਵਾਲ ਵਿਦਿਆਰਥੀਆਂ ਨੂੰ ਪੜ੍ਹਾਈ ਵਿੱਚ ਅਵਲ ਆਉਣ ਤੇ ਸਨਮਾਨਿਤ ਵੀ ਕੀਤਾ ਜਾਵੇਗਾ ਅਤੇ ਗਰੀਬ ਵਿਦਿਆਰਥੀਆਂ ਨੂੰ ਡਰੈਸਾਂ ਵਗੈਰਾ ਦੀ ਵੀ ਜਰੂਰਤ ਪੂਰੀ ਕੀਤੀ ਜਾਵੇਗੀ। ਜਲਦ ਹੀ ਮੈਡੀਕਲ ਕੈਂਪ ਵੀ ਲਗਾਇਆ ਜਾਵੇਗਾ। ਇਸ ਮੀਟਿੰਗ ਵਿੱਚ ਵਿਜੇ ਕੁਮਾਰ ਗੋਇਲ ਪੈਟਰਨ, ਹਰਬੰਸ ਬਾਂਸਲ, ਰਾਕੇਸ਼ ਸਿੰਗਲਾ, ਨਰੇਸ਼ ਮਿੱਤਲ, ਸੰਜੀਵ ਕੁਮਾਰ, ਸੁਰੇਸ਼ ਗੋਇਲ ਡਕਾਲਾ, ਸੁਰਿੰਦਰ ਗੁਪਤਾ, ਅਨਿਲ ਕੁਮਾਰ ਗਰਗ, ਡਾ. ਵਿਕਾਸ ਗੋਇਲ ਸੀਨੀਅਰ ਮੈਡੀਕਲ ਅਫਸਰ ਹਾਜਰ ਸਨ।

# 69ਵੇਂ ਮਹਾਪ੍ਰੀਨਿਵਾਰਨ ਦਿਵਸ ਮੌਕੇ ਪੰਜਾਬ ਪ੍ਰਧਾਨ ਹਿਊਮਨ ਸਰਵਿਸ ਸੋਸਾਇਟੀ ਦੀ ਟੀਮ ਨੇ ਆਸ਼ਿਰਵਾਦ ਲਿਆ



**ਪਟਿਆਲਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਪੁਰਾ ਵਿਖੇ ਭੀਮ ਰਾਓ ਅੰਬੇਡਕਰ ਸਾਹਿਬ ਜੀ ਦੇ 69ਵੇਂ ਮਹਾਂ ਪ੍ਰੀਨਿਵਾਰਨ ਦਿਵਸ ਮੌਕੇ ਚੇਅਰਮੈਨ ਹਿਊਮਨ ਸਰਵਿਸ ਸੋਸਾਇਟੀ ਐਸ.ਸੀ. ਵਿੰਗ ਸ਼ਿਵ ਕੁਮਾਰ ਮੋਨੀ, ਚੇਅਰਮੈਨ ਸੁਸ਼ੀਲ ਘਾਰੂ, ਸੰਜੇ ਘਾਰੂ ਤੇ ਵਾਲਮੀਕਿ ਸਮਾਜ ਦੇ ਆਗੂਆਂ ਵੱਲੋਂ ਬਾਬਾ ਸਾਹਿਬ ਦੀ ਯਾਦ ਵਿੱਚ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਵੱਖ—ਵੱਖ ਜਥੇਬੰਦੀਆਂ ਤੇ ਪੰਜਾਬ ਪ੍ਰਧਾਨ ਜਤਿੰਦਰ ਸ਼ਰਮਾ ਨੇ ਬੋਲਦੇ ਕਿਹਾ ਕਿ ਬਾਬਾ ਸਾਹਿਬ ਜੀ ਦੀ ਸੋਚ ਤੇ ਸਾਨੂੰ ਚਲਣਾ ਚਾਹੀਦਾ ਹੈ। ਉਹਨਾਂ ਨੇ ਸਵਿਧਾਨ ਲਿਖ ਕੇ ਸਭ ਧਰਮਾਂ ਨੂੰ ਬਰਾਬਰਤਾ ਦਾ ਅਧਿਕਾਰ ਦਿੱਤਾ ਹੈ।

ਉਹਨਾਂ ਦੀ ਸੋਚ ਤੇ ਸਾਨੂੰ ਬੱਚਿਆਂ ਨੂੰ ਵੱਧ ਤੋਂ ਵੱਧ ਪੜਨਾ ਲਿਖਣਾ ਚਾਹੀਦਾ ਹੈ ਤਾਂ ਜ਼ੋ ਸਾਰਾ ਸਮਾਜ ਅੱਗੇ ਵੱਧ ਕੇ ਦੇਸ਼ ਦੀ ਤਰੱਕੀ ਵਿੱਚ ਸਾਥ ਦੇਣ। ਹਰ ਧਰਮ ਦਾ ਸਨਮਾਨ ਕਰਨਾ ਚਾਹੀਦਾ ਹੈ। ਉਨ੍ਹਾਂ ਦਿੱਤੇ ਸੰਵਿਧਾਨ ਕਾਰਣ ਹੀ ਅੱਜ ਸਾਡਾ ਦੇਸ਼ ਚਲ ਰਿਹਾ ਹੈ। ਅਸੀਂ ਉਨ੍ਹਾਂ ਨੂੰ ਸਚੇ ਦਿਲ ਤੋਂ ਸ਼ਰਧਾਂਜਲੀ ਦਿੰਦੇ ਹਾਂ। ਇਸ ਤਰ੍ਹਾਂ ਦੇ ਪ੍ਰੋਗਰਾਮ ਸਾਰੇ ਦੇਸ਼ ਨੂੰ ਮਿਲ ਕੇ ਮਨਾਉਣੇ ਚਾਹੀਦੇ ਹਨ। ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਸਟੇਟ ਪ੍ਰਧਾਨ ਜਤਿੰਦਰ ਸ਼ਰਮਾ, ਰਿਟਾਇਰਡ ਐਸ.ਐਸ.ਪੀ. ਸੁਸ਼ੀਲ ਕੁਮਾਰ, ਰਿਟਾਇਰ ਐਸ.ਐਸ.ਪੀ. ਪਵਨ ਕੁਮਾਰ, ਚੇਅਰਮੈਨ ਸ਼ਿਵ ਕੁਮਾਰ ਮੋਨੀ, ਚੇਅਰਮੈਨ ਸੁਸ਼ੀਲ ਕੁਮਾਰ ਘਾਰੂ, ਸੰਜੇ ਕੁਮਾਰ ਘਾਰੂ, ਪ੍ਰਧਾਨ ਰਤਨ ਮੱਟੂ, ਚੇਅਰਮਪ੍ਰਸਨ ਵਰਸਾ ਗੋਇਲ, ਚੇਅਰਮੈਨ ਕਰਮਜੀਤ ਲਚਕਾਣੀ ਤੇ ਭਾਰੀ ਗਿਣਤੀ ਵਿੱਚ ਟੀਮ ਮੈਂਬਰਾਂ ਨੂੰ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਦਿੱਤੀ।

# ਬਲਾਕ ਸੰਮਤੀ ਉਮੀਦਵਾਰ ਅਤੇ ਜਿਲਾ ਪਰਿਸ਼ਦ ਉਮੀਦਵਾਰਾਂ ਦੇ ਹੱਕ ਵਿੱਚ ਵੱਡੇ ਚੋਣ ਇਕੱਠਾਂ ਨੂੰ ਕੀਤਾ ਸੰਬੋਧਨ

**ਮਾਛੀਵਾੜਾ ਸਾਹਿਬ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਿਲ ਪਰਿਸ਼ਦ ਜੋਨ ਨੀਲੋਂ ਕਲਾਂ ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਹਰਜੋਤ ਸਿੰਘ ਮਾਂਗਟ ਅਤੇ ਪੰਜ ਗਰਾਈਆਂ ਜੋਨ ਤੋਂ ਬਲਾਕ ਸੰਮਤੀ ਉਮੀਦਵਾਰ ਕੁਲਵਿੰਦਰ ਸਿੰਘ ਸ਼ਨੀ ਲੱਖੋਵਾਲ ,ਜਾਤੀਵਾਲ ਜੋਨ ਤੋਂ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ ਦੇ ਵੱਡੇ ਚੋਣ ਇਕੱਠਾ ਨੂੰ ਅੱਜ ਅਕਾਲੀ ਪਾਰਟੀ ਦੇ ਆਗੂਆਂ ਵੱਲੋਂ ਸੰਬੋਧਨ ਕਰ ਅਕਾਲੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਉਣ ਲਈ ਅਪੀਲ ਕੀਤੀ ਗਈ। ਬਲਾਕ ਸੰਮਤੀ ਉਮੀਦਵਾਰ ਕੁਲਵਿੰਦਰ ਸਿੰਘ ਸਨੀ ਵੱਲੋਂ ਪਿੰਡ ਟਾਂਡਾ ਕੁਸਲ ਸਿੰਘ ਅਤੇ ਜਥੇਦਾਰ ਕੁਲਦੀਪ ਸਿੰਘ ਜਾਤੀਵਾਲ ਵੱਲੋਂ ਆਪਣੇ ਗ੍ਰਹਿ ਜਾਤੀਵਾਲ ਵਿਖੇ ਰੱਖੀਆਂ ਚੋਣ ਮੀਟਿੰਗਾਂ ਵੱਡੇ ਇਕੱਠ ਦਾ ਰੂਪ ਧਾਰਨ ਕਰ ਗਈਆਂ, ਜਿਨ੍ਹਾਂ ਨੂੰ ਹਲਕਾ ਮੁੱਖ ਸੇਵਾਦਾਰ ਪਰਮਜੀਤ ਸਿੰਘ ਢਿੱਲੋ ਨੇ ਸੰਬੋਧਨ ਕੀਤਾ। ਉਹਨਾਂ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸਰਕਾਰਾਂ ਸਮੇਂ ਕੀਤੇ ਵਿਕਾਸ ਕਾਰਜਾਂ ਨੂੰ ਲੋਕਾਂ ਦੇ ਸਨਮੁਖ ਕੀਤਾ ਅਤੇ ਮੌਜੂਦਾ ਸਰਕਾਰ ਦੁਆਰਾ ਲੋਕਾਂ ਨਾਲ ਕੀਤੇ ਗਏ ਝੂਠੇ ਵਾਦਿਆਂ ਨੂੰ ਵੀ ਚਿਤਾਰਿਆ। ਉਹਨਾਂ ਅਪੀਲ ਕਰਦੇ ਆ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਸਾਫ ਸੁਥਰੇ ਕਿਰਦਾਰ ਵਾਲੇ ਉਮੀਦਵਾਰਾਂ ਨੂੰ ਚੋਣ ਮੈਦਾਨ ਵਿੱਚ ਉਤਾਰਿਆ ਗਿਆ ਹੈ, ਜਿਨ੍ਹਾਂ ਦੀ ਜਿੱਤ ਨਾਲ ਹਲਕੇ ਦੇ ਪਿੰਡਾਂ ਦਾ ਵਿਕਾਸ ਕਾਰਜ ਹੋਣਾ ਸੰਭਵ ਹੈ। ਉਹਨਾਂ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਅਕਾਲੀ ਦਲ ਦੇ ਉਮੀਦਵਾਰਾਂ ਦੇ ਕਾਗਜ਼ ਰੱਦ ਕਰਨ ਦੀ ਨਿਖੇਦੀ ਕਰਦਿਆਂ ਕਿਹਾ ਕਿ ਇਹਨਾਂ ਦੇ ਆਪਣੇ ਉਮੀਦਵਾਰ ਜੋ ਭ੍ਰਿਸ਼ਟਾਚਾਰ ਵਿੱਚ ਲਿਪਤ ਹਨ, ਉਨਾਂ ਦੇ ਕਿਰਦਾਰਾਂ ਨੂੰ ਚੰਗਾ ਦਰਸਾਉਣ ਦੇ ਲਈ ਸ਼੍ਰੋਮਣੀ ਅਕਾਲੀ ਦਲ ਦੇ ਸਾਫ ਸੁਥਰੇ ਕਿਰਦਾਰ ਵਾਲੇ ਉਮੀਦਵਾਰਾਂ ਦੇ ਕਾਗਜ਼ ਰੱਦ ਕਰਦੀਆਂ ਹੋਛੀਆਂ ਹਰਕਤਾਂ ਵੀ ਕੀਤੀਆਂ ਗਈਆਂ ,ਪਰ ਪਰਮਾਤਮਾ ਦੀ ਕਿਰਪਾ ਨਾਲ ਪ੍ਰਸ਼ਾਸਨ ਦੁਆਰਾ ਇਸ ਨਜਾਇਜ਼ ਕੰਮ ਨੂੰ ਕਰਨ ਤੋਂ ਨਾਂਹ ਕਰਨ ਨਾਲ ਅੱਜ ਸਾਰੇ ਮੈਂਬਰ ਚੋਣ ਮੈਦਾਨ ਵਿੱਚ ਹਨ। ਉਹਨਾਂ ਕਿਹਾ ਕਿ ਬਲਾਕ ਜ਼ਿਲ੍ਹਾ ਪਰਿਸ਼ਦ ਜੋਨ ਨੀਲੋ ਕਲਾਂ ਤੋਂ ਅਕਾਲੀ ਦਲ ਦੇ ਉਮੀਦਵਾਰ ਹਰਜੋਤ ਸਿੰਘ ਮਾਂਗਟ ਜੋ ਸਾਫ ਸੁਥਰੇ ਅਤੇ ਸੱਚੇ ਸੁੱਚੇ ਕਿਰਦਾਰ ਵਾਲੇ ਉੱਗੇ ਖੇਡ ਪ੍ਰਮੋਟਰ ਵੀ ਹਨ ਉਹਨਾਂ ਦੇ ਕਾਗਜ਼ ਰੱਦ ਕਰਨ ਦੀ ਵੀ ਡੂੰਘੀ ਸਾਜ਼ਿਸ਼ ਰਚੀ ਗਈ, ਪਰ ਵਿਰੋਧੀਆਂ ਨੂੰ ਮੂੰਹ ਦੀ ਖਾਣੀ ਪਈ ਅਤੇ ਹਰਜੋਤ ਸਿੰਘ ਮਾਂਗਟ ਦੂਣੇ ਹੌਸਲੇ ਨਾਲ ਅੱਜ ਚੋਣ ਮੈਦਾਨ ਵਿੱਚ ਡਟਿਆ ਹੋਇਆ ਤੇ ਵਿਰੋਧੀਆਂ ਨੂੰ ਭਾਜੜਾ ਪਾ ਰਿਹਾ ਹੈ।



ਇਸ ਮੌਕੇ ਸਾਬਕਾ ਸਰਪੰਚ ਅਮਰੀਕ ਸਿੰਘ ਟਾਂਡਾ , ਜਥੇਦਾਰ ਚਰਨਜੀਤ ਸਿੰਘ ,ਪ੍ਰਕਾਸ਼ ਸਿੰਘ ਜਥੇਦਾਰ ਮਹਿੰਦਰ ਸਿੰਘ, ਸਾਬਕਾ ਸਰਪੰਚ ਦਲਜੀਤ ਸਿੰਘ ਬੁੱਲੇਵਾਲ, ਸਾਬਕਾ ਸਰਪੰਚ ਬਲਵੰਤ ਸਿੰਘ ਉਧੋਵਾਲ, ਸਾਬਕਾ ਚੇਅਰਮੈਨ ਦੇਸ ਰਾਜ ਰਹੀਮਾਬਾਦ, ਹਰਜਿੰਦਰ ਸਿੰਘ ਮਾਣਕ, ਜਰਨੈਲ ਸਿੰਘ ਪ੍ਰਧਾਨ, ਹਰਮੇਸ਼ ਸਿੰਘ, ਡਾਕਟਰ ਜਤਿੰਦਰ ਸਿੰਘ, ਚਰਨ ਸਿੰਘ ,ਬਾਬੂ ਸਿੰਘ ਮਾਨ, ਸੁੱਖਾ ਟਾਂਡਾ, ਮਲਕੀਤ ਸਿੰਘ, ਸੁਰਜੀਤ ਸਿੰਘ ,ਕੁਲਜੀਤ ਸਿੰਘ, ਗੁਰਦੇਵ ਸਿੰਘ, ਗੁਰਮੇਲ ਸਿੰਘ, ਦਲਵਾਰਾ ਸਿੰਘ ,ਸੁਰਜੀਤ ਸਿੰਘ, ਭਜਨ ਸਿੰਘ, ਅਵਤਾਰ ਸਿੰਘ, ਪ੍ਰੇਮ ਸਿੰਘ ,ਗੁਰਦੇਵ ਸਿੰਘ, ਗੁਰਮੇਲ ਸਿੰਘ, ਸਾਬਕਾ ਸਰਪੰਚ ਗਿਆਨ ਸਿੰਘ, ਪੰਜ ਰਜਿੰਦਰ ਸਿੰਘ, ਪੰਚ ਪਰਮਜੀਤ ਸਿੰਘ, ਲੰਬੜਦਾਰ ਰਣਜੀਤ ਸਿੰਘ, ਓਂਕਾਰ ਸਿੰਘ ,ਸੁੱਚਾ ਸਿੰਘ ਸਾਬਕਾ ਸਰਪੰਚ , ਜਸਵੀਰ ਸਿੰਘ ਸੈਂਸੋਵਾਲ , ਮੁਖਤਿਆਰ ਸਿੰਘ, ਇਕਬਾਲ ਸਿੰਘ ਹੈਪੀ, ਫੌਜੀ ਅਵਤਾਰ ਸਿੰਘ, ਸਾਬਕਾ ਸਰਪੰਚ ਸੱਤੀ ਸੈਂਸੋਵਾਲ, ਅਮਰੀਕ ਸਿੰਘ ਰਾਣਾ, ਚਰਨਜੀਤ ਸਿੰਘ, ਲਾਲ ਸਿੰਘ ਜੱਸੋਵਾਲ, ਬੱਬੂ ਮਿਲਕੋਵਾਲ ,ਸੁਰਜੀਤ ਮਿਲਕੋਵਾਲ, ਕਰਤਾਰ ਸਿੰਘ ਪੰਚ, ਕੁਲਵਿੰਦਰ ਸਿੰਘ ,ਹਰਜਿੰਦਰ ਸਿੰਘ ਵੀ ਮੌਜੂਦ ਸਨ।

# ਆਪਣੇ ਦੇਸ਼ ਲਈ ਬ੍ਰਾਂਡ ਅੰਬੈਸਡਰ ਬਣੋ ਅਤੇ ਕੋਰੀਅਨ ਕੰਪਨੀਆਂ ਨੂੰ ਪੰਜਾਬ ਵਿੱਚ ਨਿਵੇਸ਼ ਲਈ ਪ੍ਰੇਰਿਤ ਕਰੋ: ਸਿਓਲ ਦੇ ਪੰਜਾਬੀਆਂ ਨੂੰ ਮੁੱਖ ਮੰਤਰੀ ਦੀ ਅਪੀਲ

**➢ ਜਾਪਾਨ ਦੀ ਯਾਤਰਾ ਸਫ਼ਲਤਾਪੂਰਵਕ ਪੂਰੀ ਕਰਨ ਤੋਂ ਬਾਅਦ ਭਗਵੰਤ ਮਾਨ ਨੇ ਆਪਣੀ ਦੱਖਣੀ ਕੋਰੀਆ ਦੀ ਫੇਰੀ ਦੀ ਕੀਤੀ ਸ਼ੁਰੂਆਤ**

**➢ ਪੰਜਾਬ ਨੂੰ ਦੁਨੀਆ ਦੇ ਸਭ ਤੋਂ ਪਸੰਦੀਦਾ ਸਥਾਨ ਵਜੋਂ ਦਰਸਾਇਆ ➢ ਪਰਵਾਸੀ ਪੰਜਾਬੀਆਂ ਨੇ ਮੁੱਖ ਮੰਤਰੀ ਦਾ ਕੀਤਾ ਨਿੱਘਾ ਸਵਾਗਤ**

**ਚੰਡੀਗੜ੍ਹ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸਿਓਲ ਵਿੱਚ ਵਸਦੇ ਪਰਵਾਸੀ ਪੰਜਾਬੀਆਂ ਨੂੰ ਸੂਬੇ ਦੇ ਸਫ਼ੀਰ ਵਜੋਂ ਕੰਮ ਕਰਨ ਦਾ ਸੱਦਾ ਦਿੱਤਾ ਤਾਂ ਜੋ ਕੋਰੀਅਨ ਕੰਪਨੀਆਂ ਨੂੰ ਪੰਜਾਬ, ਜੋ ਹੁਣ ਦੁਨੀਆ ਭਰ ਵਿੱਚ ਸਭ ਤੋਂ ਪਸੰਦੀਦਾ ਨਿਵੇਸ਼ ਸਥਾਨ ਵਜੋਂ ਉੱਭਰਿਆ ਹੈ, ਵਿੱਚ ਨਿਵੇਸ਼ ਲਈ ਪ੍ਰੇਰਿਤ ਕੀਤਾ ਜਾ ਸਕੇ। ਦੱਖਣੀ ਕੋਰੀਆ ਦੀ ਆਪਣੀ ਫੇਰੀ ਦੌਰਾਨ ਸਿਓਲ ਵਿੱਚ ਪੰਜਾਬੀ ਭਾਈਚਾਰੇ ਨਾਲ ਵਿਚਾਰ-ਵਟਾਂਦਰਾ ਪ੍ਰੋਗਰਾਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਦੀਆਂ ਉਦਯੋਗ-ਪੱਖੀ ਨੀਤੀਆਂ ਕਾਰਨ ਨਿਵੇਸ਼ਕ ਪਹਿਲਾਂ ਹੀ ਪੰਜਾਬ ਵਿੱਚ ਨਿਵੇਸ਼ ਲਈ ਅੱਗੇ ਆ ਰਹੇ ਹਨ ਅਤੇ ਸਿਓਲ ਵਿੱਚ ਪੰਜਾਬੀਆਂ ਨੂੰ ਸੂਬੇ ਦੇ ਬ੍ਰਾਂਡ ਅੰਬੈਸਡਰ ਬਣ ਕੇ ਨਿਵੇਸ਼ ਆਕਰਸ਼ਿਤ ਕਰਨ ਵਿੱਚ ਹੋਰ ਮਦਦ ਕਰਨੀ ਚਾਹੀਦੀ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀ ਜਨਮ ਤੋਂ ਹੀ ਉੱਦਮੀ ਹਨ ਅਤੇ ਸਾਡੇ ਵਿੱਚੋਂ ਹਰੇਕ ਨੂੰ ਸੂਬੇ ਨੂੰ ਉਦਯੋਗਿਕ ਵਿਕਾਸ ਦੇ ਪੈਂਡੇ 'ਤੇ ਪਾਉਣ ਲਈ ਯਤਨ ਕਰਨੇ ਚਾਹੀਦੇ ਹਨ। ਪੰਜਾਬੀਆਂ ਨਾਲ ਭਾਵਨਾਤਮਕ ਸਾਂਝ ਦਰਸਾਉਂਦਿਆਂ ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਹਿਲਾਂ ਹੀ ਸੂਬੇ ਵਿੱਚ ਉਦਯੋਗਾਂ ਲਈ ਅਨੁਕੂਲ ਮਾਹੌਲ ਮੁਹੱਈਆ ਕਰ ਰਹੀ ਹੈ ਅਤੇ ਹੁਣ ਆਪਣੀ ਜਨਮ ਭੂਮੀ ਦੀ ਸੇਵਾ ਕਰਨ ਦੀ ਪਰਵਾਸੀ ਪੰਜਾਬੀਆਂ ਦੀ ਵਾਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਨਾਲ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਸਤੇ ਖੁੱਲ੍ਹਣਗੇ ਅਤੇ ਨਾਲ ਹੀ ਸੂਬੇ ਦੇ ਉਦਯੋਗਿਕ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ, ਜਿਸ ਨਾਲ ਰੰਗਲਾ ਪੰਜਾਬ ਬਣੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬੀ ਆਲਮੀ ਨਾਗਰਿਕ ਹਨ, ਜਿਨ੍ਹਾਂ ਨੇ




ਦੁਨੀਆ ਦੇ ਹਰ ਕੋਨੇ ਵਿੱਚ ਆਪਣੇ ਲਈ ਵੱਖਰਾ ਮੁਕਾਮ ਬਣਾਇਆ ਹੈ ਅਤੇ ਸਖ਼ਤ ਮਿਹਨਤ ਦਾ ਜਜ਼ਬਾ ਪੰਜਾਬੀਆਂ ਦੇ ਖ਼ੂਨ ਵਿੱਚ ਰਚੇ ਹੋਏ ਹਨ।

ਮੁੱਖ ਮੰਤਰੀ ਨੇ ਪੰਜਾਬੀ ਭਾਈਚਾਰੇ ਦੀ ਉੱਦਮੀ ਭਾਵਨਾ, ਸੱਭਿਆਚਾਰਕ ਵਚਨਬੱਧਤਾ ਅਤੇ ਲੋਕਾਂ-ਤੋਂ-ਲੋਕਾਂ ਅਤੇ ਕਾਰੋਬਾਰ-ਤੋਂ-ਕਾਰੋਬਾਰ ਵਿਚਾਲੇ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਯੋਗਦਾਨ ਲਈ ਪ੍ਰਸੰਸਾ ਕੀਤੀ। ਉਨ੍ਹਾਂ ਪੰਜਾਬ ਨੂੰ ਤਰਜੀਹੀ ਨਿਵੇਸ਼ ਸਥਾਨ ਵਜੋਂ ਪੇਸ਼ ਕਰਨ ਲਈ ਕੋਰੀਅਨ ਕੰਪਨੀਆਂ ਦਾ ਮਾਰਗਦਰਸ਼ਨ ਕਰਨ ਵਿੱਚ ਸਰਗਰਮ ਭੂਮਿਕਾ ਨਿਭਾਉਣ ਦੀ ਵੀ ਅਪੀਲ ਕੀਤੀ। ਭਗਵੰਤ ਸਿੰਘ ਮਾਨ ਨੇ ਸੂਬੇ ਵਿੱਚ ਰੋਜ਼ਗਾਰ, ਨਵੀਨਤਾ ਅਤੇ ਤਕਨਾਲੋਜੀ ਸਹਿਯੋਗ ਲਈ ਵਧੇਰੇ ਮੌਕੇ ਪੈਦਾ ਕਰਨ ਵਿੱਚ ਮਦਦ ਕਰਨ ਲਈ ਉਨ੍ਹਾਂ ਤੋਂ ਸਮਰਥਨ ਅਤੇ ਸਹਿਯੋਗ ਮੰਗਿਆ।

ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦਾ ਦ੍ਰਿਸ਼ਟੀਕੋਣ ਸਪੱਸ਼ਟ ਹੈ ਕਿ ਪੰਜਾਬ ਨੂੰ ਨੀਤੀ ਵਿੱਚ ਸਥਿਰਤਾ, ਫੈਸਲੇ ਲੈਣ ਵਿੱਚ ਤੇਜ਼ੀ ਅਤੇ ਨਿਵੇਸ਼ਕਾਂ ਦੇ ਸਮੇਂ ਤੇ ਭਰੋਸੇ ਦਾ ਸਤਿਕਾਰ ਕਰਨ ਵਾਲੀ ਸ਼ਾਸਨ ਪ੍ਰਣਾਲੀ ਦੀ ਪੇਸ਼ਕਸ਼ ਕਰ ਕੇ ਵਿਸ਼ਵ-ਵਿਆਪੀ ਉਦਯੋਗ ਲਈ ਪਸੰਦੀਦਾ ਸਥਾਨ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਦਾ ਦ੍ਰਿਸ਼ਟੀਕੋਣ ਸਾਂਝੇਦਾਰੀ ਅਤੇ ਉਦਯੋਗਾਂ ਨਾਲ ਮਿਲ ਕੇ ਕੰਮ ਕਰਨ, ਉਨ੍ਹਾਂ ਦੀਆਂ ਜ਼ਰੂਰਤਾਂ ਨੂੰ ਸਮਝ ਕੇ ਇਹ ਯਕੀਨੀ ਬਣਾਉਣ 'ਤੇ ਅਧਾਰਤ ਹੈ ਕਿ ਸਰਕਾਰ ਵਿਕਾਸ ਦੀ ਸਹਿਯੋਗੀ ਬਣੇ। ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ ਕਿ ਪੰਜਾਬ ਨੇ ਆਪਣੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ, ਆਪਣੀ ਉਦਯੋਗਿਕ ਸਮਰੱਥਾ ਦਾ ਵਿਸਥਾਰ ਕੀਤਾ ਹੈ ਅਤੇ ਨਿਵੇਸ਼ ਲਈ ਨਵੇਂ ਰਸਤੇ ਖੋਲ੍ਹੇ ਹਨ।

ਮੁੱਖ ਮੰਤਰੀ ਨੇ ਸੂਬੇ ਦੇ ਸ਼ਾਸਨ ਅਤੇ ਰੈਗੂਲੇਟਰੀ ਸੁਧਾਰਾਂ ਨੂੰ ਵੀ ਦਰਸਾਇਆ, ਜਿਸ ਵਿੱਚ ਫਾਸਟ੍ਰੈਕ ਪੰਜਾਬ ਸਿੰਗਲ-ਵਿੰਡੋ ਸਿਸਟਮ ਸ਼ਾਮਲ ਹੈ, ਜੋ 173 ਸੇਵਾਵਾਂ, ਆਟੋ-ਡੀਮਡ ਪ੍ਰਵਾਨਗੀਆਂ, ਕਾਰੋਬਾਰੀਆਂ ਦੀ ਪੈਨ-ਆਧਾਰਤ ਪਛਾਣ ਅਤੇ ਪੰਜਾਬ ਕਾਰੋਬਾਰ ਅਧਿਕਾਰ ਐਕਟ ਵਿੱਚ ਸੋਧਾਂ ਸ਼ਾਮਲ ਹਨ, ਜੋ ਸਮਾਂਬੱਧ ਸਿਧਾਂਤਕ ਪ੍ਰਵਾਨਗੀਆਂ ਨੂੰ ਸਮਰੱਥ ਬਣਾਉਂਦੀਆਂ ਹਨ। ਉਨ੍ਹਾਂ ਨੇ ਪੰਜਾਬ ਦੇ ਉਦਯੋਗਿਕ ਬੁਨਿਆਦੀ ਢਾਂਚੇ 'ਤੇ ਵੀ ਚਾਨਣਾ ਪਾਇਆ ਅਤੇ ਕਿਹਾ ਕਿ 1.4 ਲੱਖ ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਪਹਿਲਾਂ ਹੀ ਇਨਵੈਸਟ ਪੰਜਾਬ ਰਾਹੀਂ ਯਕੀਨੀ ਬਣਾਇਆ ਜਾ ਚੁੱਕਾ ਹੈ। ਇਸ ਦੌਰਾਨ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦਾ ਦ੍ਰਿਸ਼ਟੀਕੋਣ ਸਰਲ ਅਤੇ ਸਪੱਸ਼ਟ ਹੈ ਕਿ ਨੀਤੀ ਵਿੱਚ ਸਥਿਰਤਾ, ਫੈਸਲੇ ਲੈਣ ਵਿੱਚ ਗਤੀ ਅਤੇ ਨਿਵੇਸ਼ਕਾਂ ਦੇ ਸਮੇਂ ਅਤੇ ਵਿਸ਼ਵਾਸ ਦਾ ਸਤਿਕਾਰ ਕਰਨ ਵਾਲੀ ਸ਼ਾਸਨ ਪ੍ਰਣਾਲੀ ਦੀ ਪੇਸ਼ਕਸ਼ ਕਰ ਕੇ ਪੰਜਾਬ ਨੂੰ ਵਿਸ਼ਵ ਉਦਯੋਗ ਲਈ ਪਸੰਦੀਦਾ ਸਥਾਨ ਬਣਾਇਆ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਸੋਚ ਭਾਈਵਾਲੀ ਅਤੇ ਉਦਯੋਗਾਂ ਨਾਲ ਮਿਲ ਕੇ ਕੰਮ ਕਰਨ ਤੇ ਅਧਾਰਤ ਹੈ ਤਾਂ ਜੋ ਉਦਯੋਗਾਂ ਦੀਆਂ ਜ਼ਰੂਰਤਾਂ ਨੂੰ ਸਮਝਦਿਆਂ ਵਿਕਾਸ ਦੀ ਦਿਸ਼ਾ ਵਿੱਚ ਸਰਕਾਰ ਪ੍ਰੇਰਕ ਵਜੋਂ ਸਾਕਾਰਾਤਮਕ ਕੰਮ ਕਰ ਸਕੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਨੇ ਆਪਣੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ, ਆਪਣੀ ਉਦਯੋਗਿਕ ਸਮਰੱਥਾ ਦਾ ਵਿਸਥਾਰ ਕੀਤਾ ਹੈ ਅਤੇ ਨਿਵੇਸ਼ ਲਈ ਨਵੇਂ ਰਾਹ ਖੋਲ੍ਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਉਦਯੋਗ ਜਗਤ ਵਿਚਕਾਰ ਭਾਈਵਾਲੀ ਸਫ਼ਲਤਾ ਦੀ ਕੁੰਜੀ ਹੈ ਅਤੇ ਸੂਬਾ ਸਰਕਾਰ ਦਾ ਦ੍ਰਿੜ੍ਹ ਭਰੋਸਾ ਹੈ ਕਿ ਉਦਯੋਗਿਕ ਵਿਕਾਸ ਉਦੋਂ ਹੀ ਸੰਭਵ ਹੋ ਸਕਦਾ ਹੈ, ਜਦੋਂ ਅਸੀਂ ਬਰਾਬਰ ਭਾਈਵਾਲਾਂ ਵਜੋਂ ਕੰਮ ਕਰੀਏ।

ਇਸ ਦੌਰਾਨ ਪਰਵਾਸੀ ਭਾਈਚਾਰੇ ਨੇ ਵਫ਼ਦ ਦਾ ਨਿੱਘਾ ਸਵਾਗਤ ਕੀਤਾ। ਉਨ੍ਹਾਂ ਪੰਜਾਬ ਦੀ ਆਲਮੀ ਪਹੁੰਚ ਅਤੇ ਤਿਉਹਾਰਾਂ, ਭਾਸ਼ਾ, ਪਕਵਾਨਾਂ ਤੇ ਰਹੁ-ਰੀਤਾਂ ਦੇ ਜਸ਼ਨਾਂ ਰਾਹੀਂ ਕੋਰੀਅਨ ਲੋਕਾਂ ਵਿੱਚ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੀ ਸ਼ਲਾਘਾ ਕੀਤੀ।

ਪਰਵਾਸੀ ਭਾਈਚਾਰੇ ਨੇ ਆਸ ਪ੍ਰਗਟਾਈ ਕਿ ਇਹ ਦੌਰਾ ਪੰਜਾਬ-ਦੱਖਣੀ ਕੋਰੀਆ ਸਬੰਧਾਂ ਵਿੱਚ ਨਵੇਂ ਅਧਿਆਇ ਦਾ ਆਗਾਜ਼ ਕਰੇਗਾ, ਜਿਸ ਨਾਲ ਉਦਯੋਗ, ਤਕਨਾਲੋਜੀ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਵਿੱਚ ਸਥਾਈ ਭਾਈਵਾਲੀ ਅਤੇ ਉਸਾਰੂ ਨਤੀਜਿਆਂ ਲਈ ਰਾਹ ਪੱਧਰਾ ਹੋਵੇਗਾ।

ਅਰਾਨ ਇੰਟਰਨੈਸ਼ਨਲ ਦੇ ਮੈਨੇਜਿੰਗ ਡਾਇਰੈਕਟਰ ਸੀ. ਆਕਾਸ਼ ਨੇ ਪੰਜਾਬ ਦੇ ਫੂਡ ਪ੍ਰੋਸੈਸਿੰਗ ਸੈਕਟਰ ਵਿੱਚ ਨਿਵੇਸ਼ਾਂ ਦੀ ਪੜਚੋਲ ਕਰਨ ਵਿੱਚ ਡੂੰਘੀ ਦਿਲਚਸਪੀ ਦਿਖਾਈ। ਉੱਘੇ ਵਿਦਵਾਨ, ਡਾ. (ਪ੍ਰੋ.) ਲਖਵਿੰਦਰ ਸਿੰਘ ਨੇ ਵੀ ਮੁੱਖ ਮੰਤਰੀ ਵੱਲੋਂ ਵਿਸ਼ੇਸ਼ ਕਰਕੇ ਰੱਖਿਆ ਅਤੇ ਏਰੋਸਪੇਸ ਖੇਤਰਾਂ ਵਿੱਚ ਨਿਵੇਸ਼ ਆਕਰਸ਼ਿਤ ਕਰਨ ਲਈ ਦੱਖਣੀ ਕੋਰੀਆ ਵਿੱਚ ਨਿਵੇਸ਼ ਰੋਡ ਸ਼ੋਅ ਕਰਨ ਵਾਲੀ ਪਹਿਲਕਦਮੀ ਦਾ ਸਵਾਗਤ ਕੀਤਾ। ਦੱਖਣੀ ਕੋਰੀਆ ਵਿੱਚ ਪੰਜਾਬੀ ਐਸੋਸੀਏਸ਼ਨ ਦੀ ਚੇਅਰਪਰਸਨ, ਮੀਨਾਕਸ਼ੀ ਪਵਾਰ ਨੇ ਦੱਸਿਆ ਕਿ ਲੰਬੇ ਸਮੇਂ ਬਾਅਦ ਪੰਜਾਬ ਸਰਕਾਰ ਦੇ ਕਿਸੇ ਉੱਚ-ਪੱਧਰੀ ਵਫ਼ਦ ਵੱਲੋਂ ਦੱਖਣੀ ਕੋਰੀਆ ਦਾ ਦੌਰਾ ਕੀਤਾ ਗਿਆ ਹੈ ਅਤੇ ਜ਼ੋਰ ਦਿੱਤਾ ਕਿ ਇਹ ਨਵੀਂ ਸ਼ਮੂਲੀਅਤ ਲੰਮੇ ਸਮੇਂ ਦੇ ਸਹਿਯੋਗ ਲਈ ਨਵੀਆਂ ਸੰਭਾਵਨਾਵਾਂ ਖੋਲ੍ਹੇਗੀ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਨੇ ਬਹੁਤ ਹੀ ਲਾਭਕਾਰੀ ਜਾਪਾਨ ਦੌਰੇ ਤੋਂ ਬਾਅਦ, ਦੱਖਣੀ ਕੋਰੀਅਨ ਅੰਤਰਰਾਸ਼ਟਰੀ ਨਿਵੇਸ਼ ਆਊਟਰੀਚ ਦੇ ਇਸ ਪੜਾਅ ਦੀ ਸ਼ੁਰੂਆਤ ਕੀਤੀ ਹੈ। ਭਗਵੰਤ ਸਿੰਘ ਮਾਨ ਨੇ ਕੋਰੀਆ ਵਿੱਚ ਭਾਰਤ ਦੇ ਸਫ਼ੀਰ ਗੌਰੰਗਲਾਲ ਦਾਸ ਨਾਲ ਵਿਸਤ੍ਰਿਤ ਵਿਚਾਰ-ਵਟਾਂਦਰਾ ਸੈਸ਼ਨ ਵੀ ਕੀਤਾ। ਮੀਟਿੰਗ ਦੌਰਾਨ ਉਨ੍ਹਾਂ ਨੇ ਫੂਡ ਪ੍ਰੋਸੈਸਿੰਗ, ਖੇਤੀਬਾੜੀ-ਤਕਨੀਕੀ, ਨਵਿਆਉਣਯੋਗ ਊਰਜਾ, ਨਿਰਮਾਣ, ਰੱਖਿਆ, ਏਰੋਸਪੇਸ ਅਤੇ ਸ਼ਹਿਰੀ ਬੁਨਿਆਦੀ ਢਾਂਚੇ ਵਰਗੇ ਉੱਚ ਸੰਭਾਵਨਾ ਵਾਲੇ ਖੇਤਰਾਂ ਵਿੱਚ ਡੂੰਘੇ ਆਰਥਿਕ ਅਤੇ ਤਕਨੀਕੀ ਸਹਿਯੋਗ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਦੇ ਟੀਚਿਆਂ ਦੀ ਰੂਪਰੇਖਾ ਦਿੱਤੀ। ਭਗਵੰਤ ਸਿੰਘ ਮਾਨ ਨੇ ਸੂਬੇ ਨੂੰ ਉੱਤਰੀ ਭਾਰਤ ਲਈ ਰਣਨੀਤਕ ਪ੍ਰਵੇਸ਼ ਦੁਆਰ ਵਜੋਂ ਸਥਾਪਿਤ ਕਰਨ ਵਾਲੇ ਪੰਜਾਬ ਦੇ ਵਿਕਸਤ ਹੋ ਰਹੇ ਉਦਯੋਗਿਕ ਵਾਤਾਵਰਨ, ਪ੍ਰਗਤੀਸ਼ੀਲ ਨੀਤੀਆਂ ਅਤੇ ਅਹਿਮ ਲਾਹੇਵੰਦੀਆਂ 'ਤੇ ਵੀ ਚਾਨਣਾ ਪਾਇਆ।

ਸੋਮਵਾਰ ਨੂੰ ਪੰਜਾਬ ਦਾ ਵਫ਼ਦ ਵੱਖ-ਵੱਖ ਉੱਚ-ਪੱਧਰੀ ਮੀਟਿੰਗਾਂ ਵਿੱਚ ਸ਼ਾਮਲ ਹੋਵੇਗਾ, ਜਿਸ ਦੀ ਸ਼ੁਰੂਆਤ ਮੁੱਖ ਕੋਰੀਅਨ ਕੰਪਨੀਆਂ ਡੇਵੂ ਈ ਐਂਡ ਸੀ, ਜੀਐਸ ਈ ਐਂਡ ਸੀ ਅਤੇ ਨੌਂਗਸ਼ਿਮ ਨਾਲ ਮੀਟਿੰਗਾਂ ਨਾਲ ਹੋਵੇਗੀ, ਜਿਸ ਦੌਰਾਨ ਨਿਰਮਾਣ ਇੰਜਨੀਅਰਿੰਗ, ਬੁਨਿਆਦੀ ਢਾਂਚਾ ਵਿਕਾਸ ਅਤੇ ਉੱਨਤ ਫੂਡ ਪ੍ਰੋਸੈਸਿੰਗ ਦੇ ਖੇਤਰ ਵਿੱਚ ਮੌਕਿਆਂ ਦੀ ਪੜਚੋਲ ਕੀਤੀ ਜਾਵੇਗੀ। ਇਸ ਤੋਂ ਬਾਅਦ ਮੁੱਖ ਮੰਤਰੀ, ਪੰਜਾਬ ਸੂਬੇ ਵਿੱਚ ਕਾਰੋਬਾਰ ਕਰਨ ਦੀ ਸੌਖ ਵਿਸ਼ੇ 'ਤੇ ਗੋਲਮੇਜ਼ ਮੀਟਿੰਗ ਵਿੱਚ ਹਿੱਸਾ ਲੈਣਗੇ, ਜਿਸ ਵਿੱਚ ਪ੍ਰਮੁੱਖ ਕਾਨੂੰਨੀ ਫਰਮਾਂ, ਵਿੱਤੀ ਨਿਵੇਸ਼ਕ, ਸਲਾਹਕਾਰ ਸਮੂਹ ਅਤੇ ਵਪਾਰਕ ਸੰਗਠਨ ਸ਼ਾਮਲ ਹੋਣਗੇ, ਜਿਸ ਦਾ ਉਦੇਸ਼ ਕੋਰੀਅਨ ਹਿੱਸੇਦਾਰਾਂ ਨੂੰ ਪੰਜਾਬ ਦੇ ਸ਼ਾਸਨ ਸੁਧਾਰਾਂ, ਪਾਰਦਰਸ਼ੀ ਵਿਧੀਆਂ ਅਤੇ ਨਿਵੇਸ਼ਕਾਂ ਲਈ ਸਹੂਲਤ ਢਾਂਚੇ ਦੀ ਸਪੱਸ਼ਟ ਸਮਝ ਪ੍ਰਦਾਨ ਕਰਨਾ ਹੈ।

ਇਸ ਤੋਂ ਬਾਅਦ ਦੱਖਣੀ ਕੋਰੀਆ ਦੇ ਪ੍ਰਮੁੱਖ ਇਨੋਵੇਸ਼ਨ ਅਤੇ ਤਕਨਾਲੋਜੀ ਕਲੱਸਟਰ, ਪੈਂਗਯੋ ਟੈਕਨੋ ਵੈਲੀ ਦਾ ਦੌਰਾ ਕੀਤਾ ਜਾਵੇਗਾ, ਜਿੱਥੇ ਵਫ਼ਦ ਖੋਜ ਅਤੇ ਵਿਕਾਸ, ਸਟਾਰਟ-ਅੱਪ ਈਕੋਸਿਸਟਮ ਅਤੇ ਉੱਚ-ਤਕਨੀਕੀ ਉਦਯੋਗਿਕ ਵਿਕਾਸ ਵਿੱਚ ਬਿਹਤਰ ਅਭਿਆਸਾਂ ਦਾ ਅਧਿਐਨ ਕਰੇਗਾ। ਇਸ ਰੁਝੇਵਿਆਂ ਭਰੇ ਦਿਨ ਦਾ ਅੰਤ ਕੋਰੀਆ ਰੱਖਿਆ ਉਦਯੋਗ ਐਸੋਸੀਏਸ਼ਨ (ਕੇ.ਡੀ.ਆਈ.ਏ.) ਨਾਲ ਕੇਂਦ੍ਰਿਤ ਗੱਲਬਾਤ ਨਾਲ ਹੋਵੇਗਾ, ਜਿਸ ਦੌਰਾਨ ਰੱਖਿਆ ਨਿਰਮਾਣ, ਏਰੋਸਪੇਸ ਤਕਨਾਲੋਜੀਆਂ ਅਤੇ ਭਵਿੱਖ ਵਿੱਚ ਪੰਜਾਬ ਦੇ ਅਨੁਕੂਲ ਢੁਕਵੀਆਂ ਉਦਯੋਗਿਕ ਸਮਰੱਥਾਵਾਂ ਦੇ ਖੇਤਰ ਵਿੱਚ ਸਹਿਯੋਗ ਦੀ ਪੜਚੋਲ ਕੀਤੀ ਜਾਵੇਗੀ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ ਜਾਗਰੂਕਤਾ ਰੈਲੀ ਦਾ ਕੀਤਾ ਗਿਆ ਆਯੋਜਨ

**ਫਾਜ਼ਿਲਕਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਦੇ ਮੁੱਖ ਨਿਆਂਧੀਸ਼ ਮਾਣਯੋਗ ਜਸਟਿਸ ਸੂਰਿਆ ਕਾਂਤ ਜੀ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ TYouth Against Drugs – Anti Drug Awareness Drive (ਨਸ਼ਾ ਮੁਕਤ ਪੰਜਾਬ)"ਦੇ ਅਧੀਨ ਮਾਣਯੋਗ ਜਸਟਿਸ ਸ੍ਰੀ ਅਸ਼ਵਨੀ ਕੁਮਾਰ ਮਿਸ਼ਰਾ, ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਜੀ ਅਤੇ ਸ੍ਰੀਮਤੀ ਨਵਜੋਤ ਕੌਰ, ਮਾਣਯੋਗ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਸ੍ਰੀ ਧਰਮਿੰਦਰ ਪਾਲ ਸਿੰਗਲਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਅਤੇ ਮੈਡਮ ਰੁਚੀ ਸਵਪਨ ਸ਼ਰਮਾ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਜੀ ਦੁਆਰਾ ਜ਼ਿਲ੍ਹਾ ਫਾਜ਼ਿਲਕਾ ਵਿੱਚ ਅੱਜ ਮਿਤੀ 07.12.2025 ਨੂੰ ਜਾਗਰੂਕਤਾ ਰੈਲੀ ਰਾਹੀਂ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ।

ਇਸ ਰੈਲੀ ਨੂੰ ਸ੍ਰੀ ਧਰਮਿੰਦਰ ਪਾਲ ਸਿੰਗਲਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ ਅਤੇ ਇਸ ਤਰ੍ਹਾਂ ਜ਼ਿਲ੍ਹਾ ਪੱਧਰ 'ਤੇ ਮੁਹਿੰਮ ਦੀ ਸ਼ੁਰੂਆਤ ਹੋਈ।

ਰੈਲੀ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸਦੇ ਨਾਲ ਹੀ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੇ ਸਾਰੇ ਸਟਾਫ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੇ ਪੈਰਾ ਲੀਗਲ ਵਲੰਟੀਅਰਜ਼ ਨੇ ਵੀ ਸਰਗਰਮ ਭੂਮਿਕਾ ਨਿਭਾਈ ਅਤੇ ਨਸ਼ੇ ਦੇ ਦੁਰਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ।

ਰੈਲੀ ਦੌਰਾਨ ਸਟਾਫ, ਵਿਦਿਆਰਥੀਆਂ ਤੇ ਪੀ.ਐਲ.ਵੀ. ਵੱਲੋਂ ਨਸ਼ਿਆਂ ਵਿਰੁੱਧ ਨਾਅਰੇ ਲਗਾਏ ਗਏ ਅਤੇ ਲੋਕਾਂ ਨੂੰ ਨਸ਼ਾ ਛੱਡ ਕੇ ਸਿਹਤਮੰਦ ਜੀਵਨ ਜੀਊਣ ਦਾ ਸੰਦੇਸ਼ ਦਿੱਤਾ ਗਿਆ। ਰੈਲੀ ਨੂੰ ਸ਼ਹਿਰ ਦੇ ਮੁੱਖ ਇਲਾਕਿਆਂ ਵਿੱਚੋਂ ਲੰਘਾਇਆ ਗਿਆ ਤਾਂ ਜੋ ਵੱਧ ਤੋਂ ਵੱਧ ਲੋਕਾਂ ਤੱਕ ਜਾਗਰੂਕਤਾ ਦਾ ਸੰਦੇਸ਼ ਪਹੁੰਚ ਸਕੇ।

ਮੈਡਮ ਰੁਚੀ ਸਵਪਨ ਸ਼ਰਮਾ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ, ਨੇ ਕਿਹਾ ਕਿ ਇਹ ਮੁਹਿੰਮ ਇੱਕ ਮਹੀਨਾ ਮਿਤੀ 07.12.2025 ਤੋਂ 06.01.2026 ਤੱਕ ਲਗਾਤਾਰ ਚੱਲੇਗੀ ਅਤੇ ਇਸ ਦੌਰਾਨ ਸਕੂਲਾਂ, ਕਾਲਜਾਂ, ਪਿੰਡਾਂ ਅਤੇ ਵੱਖ-ਵੱਖ ਸੰਸਥਾਵਾਂ ਵਿੱਚ ਜਾਗਰੂਕਤਾ ਗਤੀਵਿਧੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਨਸ਼ਿਆਂ ਵਿਰੁੱਧ ਯੁੱਧ ਤਦੋਂ ਹੀ ਕਾਰਗਰ ਹੋਵੇਗਾ ਜਦੋਂ ਸਮਾਜ, ਸਰਕਾਰੀ ਵਿਭਾਗ ਅਤੇ ਨੌਜਵਾਨ ਮਿਲਕੇ ਸਾਂਝੀ ਜ਼ਿੰਮੇਵਾਰੀ ਨਿਭਾਉਣਗੇ।

ਜੇ ਕੋਈ ਵਿਅਕਤੀ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨਾ ਚਾਹੁੰਦਾ ਹੈ, ਤਾਂ ਉਹ ਟੋਲ-ਫ ?ਰੀ ਨੰਬਰ 15100 ਜਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੇ ਨੰਬਰ 01638-261500 'ਤੇ ਸੰਪਰਕ ਕਰ ਸਕਦਾ ਹੈ।

# ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਲਈ ਜ਼ਿਲ੍ਹਾ ਹੁਸ਼ਿਆਰਪੁਰ 'ਚ 662 ਉਮੀਦਵਾਰ ਚੋਣ ਮੈਦਾਨ 'ਚ

**ਹੁਸ਼ਿਆਰਪੁਰ,11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ 14 ਦਸੰਬਰ ਨੂੰ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੜਤਾਲ ਅਤੇ ਨਾਮਜ਼ਦਗੀ ਪੱਤਰ ਵਾਪਸ ਲੈਣ ਉਪਰੰਤ ਕੁੱਲ 662 ਉਮੀਦਵਾਰ ਚੋਣ ਲੜਨਗੇ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ ਅਤੇ ਨਾਮਜ਼ਦਗੀਆਂ ਵਾਪਸ ਲੈਣ ਉਪਰੰਤ ਜ਼ਿਲ੍ਹਾ ਪ੍ਰੀਸ਼ਦ ਲਈ ਕੁੱਲ 80 ਅਤੇ ਪੰਚਾਇਤ ਸੰਮਤੀਆਂ ਲਈ ਕੁੱਲ 582 ਉਮੀਦਵਾਰ ਚੋਣਾਂ ਲੜਨਗੇ। ਉਨ੍ਹਾਂ ਦੱਸਿਆ ਕਿ ਪੰਚਾਇਤ ਸੰਮਤੀਆਂ ਲਈ 17 ਮੈਂਬਰ ਬਿਨਾਂ ਮੁਕਾਬਲਾ/ ਸਰਵਸੰਮਤੀ ਨਾਲ ਚੁਣੇ ਗਏ ਹਨ।

ਉਨ੍ਹਾਂ ਦੱਸਿਆ ਕਿ ਵੋਟਾਂ 14 ਦਸੰਬਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਬੈਲਟ ਪੇਪਰਾਂ ਰਾਹੀਂ ਪੈਣਗੀਆਂ, ਜਿਸ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਪੋਲ ਹੋਈਆਂ ਵੋਟਾਂ ਦੀ ਗਿਣਤੀ 17 ਦਸੰਬਰ ਨੂੰ ਸਵੇਰੇ 8 ਵਜੇ ਤੋਂ ਹੋਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਚੋਣਾਂ ਨੂੰ ਅਮਨ-ਅਮਾਨ, ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਚਨਬੱਧ ਹੈ।

# ਪਾਕਿ ਦੇ ਮਦਰੱਸੇ .ਗਰੀਬਾਂ ਲਈ ਜੀਵਨ ਰੇਖਾ ਅਤੇ ਕੱਟੜਪੰਥੀ ਲਈ ਸੰਭਾਵਿਤ ਜ਼ਰੀਆ



**ਕਰਾਚੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪਾਕਿਸਤਾਨ 'ਚ ਮਦਰੱਸਾ ਪ੍ਰਣਾਲੀ ਇੱਕ ਵਿਰੋਧਾਭਾਸ਼ੀ ਸਥਿਤੀ 'ਚ ਹੈ, ਅਤੇ ਇਹ ਗ਼ਰੀਬਾਂ ਲਈ ਇੱਕ ਜੀਵਨ ਰੇਖਾ ਅਤੇ ਕੱਟੜਪੰਥੀ ਲਈ ਇੱਕ ਸੰਭਾਵਿਤ ਜ਼ਰੀਆ ਹੈ। ਇਸ ਨੇ ਮਦਰੱਸਿਆਂ ਨੂੰ ਸਿੱਖਿਆ, ਕੱਟੜਪੰਥੀ ਅਤੇ ਵਿਸ਼ਵ ਸੁਰੱਖਿਆ 'ਤੇ ਬਹਿਸ ਦੇ ਕੇਂਦਰ 'ਚ ਰੱਖਿਆ ਹੈ।

11 ਸਤੰਬਰ ਦੇ ਹਮਲਿਆਂ ਤੋਂ ਬਾਅਦ ਦੇ ਸਾਲਾਂ 'ਚ ਪਾਕਿਸਤਾਨ ਦੇ ਮਦਰੱਸੇ ਜਾਂ ਇਸਲਾਮਿਕ ਧਾਰਮਿਕ ਸਕੂਲ, ਘਰੇਲੂ ਅਤੇ ਅੰਤਰਰਾਸ਼ਟਰੀ ਨਿਰੀਖਕਾਂ ਦੋਵਾਂ ਵਲੋਂ ਨੇੜਿਓਂ ਜਾਂਚ ਦੇ ਘੇਰੇ 'ਚ ਆਏ ਹਨ। ਜਦੋਂ ਕਿ ਬਹੁਤ ਸਾਰੇ ਪਾਕਿਸਤਾਨੀ ਬੁੱਧੀਜੀਵੀ ਇਸ ਧਿਆਨ ਦੀ ਆਲੋਚਨਾ ਕਰਦੇ ਹਨ ਕਿ ਉਹ ਅਣਉਚਿੱਤ ਅਤੇ ਬਾਹਰੀ ਤੌਰ 'ਤੇ ਥੋਪਿਆ ਗਿਆ ਹੈ ਅਤੇ ਦਲੀਲ ਦਿੰਦੇ ਹਨ ਕਿ ਮਦਰੱਸਿਆਂ ਨੂੰ ਗ਼ਲਤ ਢੰਗ ਨਾਲ ਜੇਹਾਦ ਦੀਆਂ ਫ਼ੈਕਟਰੀਆਂ ਵਜੋਂ ਦਰਸਾਇਆ ਗਿਆ ਹੈ, ਅਸਲੀਅਤ ਇਸ ਤੋਂ ਕਿਤੇ ਜ਼ਿਆਦਾ ਗੁੰਝਲਦਾਰ ਹੈ।

9/11 ਤੋਂ ਬਾਅਦ ਦੇ ਦੌਰ ਨਾਲ ਵੱਖ-ਵੱਖ ਪ੍ਰਸ਼ਾਸਨਾਂ ਨੇ ਨਿਗਰਾਨੀ ਵਿਧੀਆਂ ਨੂੰ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਹੈ ਕਿਉਂਕਿ ਉਨ੍ਹਾਂ ਨੂੰ ਇਸ ਗੱਲ ਦੀ ਚਿੰਤਾ ਹੈ ਕਿ ਕੁਝ ਮਦਰੱਸੇ ਕੱਟੜਪੰਥ ਨੂੰ ਉਤਸ਼ਾਹਿਤ ਕਰਦੇ ਹਨ ਜਾਂ ਕੱਟੜਪੰਥ ਲਈ ਇੱਕ ਲੌਂਚਿੰਗ ਪੈਡ ਵਜੋਂ ਕੰਮ ਕਰਦੇ ਹਨ।

ਹਾਲਾਂਕਿ ਸਾਰੇ ਮਦਰੱਸੇ ਇਸ ਸ਼੍ਰੇਣੀ 'ਚ ਨਹੀਂ ਆਉਂਦੇ, ਪਰ ਸੰਸਥਾਵਾਂ ਦੀ ਗਿਣਤੀ ਇਹ ਯਕੀਨੀ ਬਣਾਉਣਾ ਜ਼ਰੂਰੀ ਬਣਾਉਂਦੀ ਹੈ ਕਿ ਉਹ ਫ਼ਿਰਕੂਵਾਦ ਜਾਂ ਅਸਹਿਣਸ਼ੀਲਤਾ ਨੂੰ ਉਤਸ਼ਾਹਿਤ ਨਾ ਕਰਨ।

# ਦੁਨੀਆਂ 'ਚ ਹਰ 10 ਮਿੰਟ 'ਚ ਨਜ਼ਦੀਕੀ ਹੀ ਕਰ ਦਿੰਦੇ ਨੇ ਇੱਕ ਔਰਤ ਜਾਂ ਲੜਕੀ ਦਾ ਕਤਲ

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਦੁਨੀਆਂ 'ਚ ਹਰ 10 ਮਿੰਟ 'ਚ ਇੱਕ ਔਰਤ ਜਾਂ ਲੜਕੀ ਦਾ ਉਸ ਦੇ ਸਾਥੀ ਜਾਂ ਪਰਿਵਾਰਕ ਮੈਂਬਰਾਂ ਵਲੋਂ ਹੀ ਕਤਲ ਕਰ ਦਿੱਤਾ ਜਾਂਦਾ ਹੈ, ਭਾਵ ਕਿ ਔਸਤਨ ਰੋਜ਼ਾਨਾ 137 ਔਰਤਾਂ ਜਾਂ ਲੜਕੀਆਂ ਦਾ ਕਤਲ ਕੀਤਾ ਜਾਂਦਾ ਹੈ। ਇਹ ਜਾਣਕਾਰੀ ਸੰਯੁਕਤ ਰਾਸ਼ਟਰ ਵਲੋਂ ਜਾਰੀ ਇੱਕ ਨਵੇਂ ਅੰਕੜਿਆਂ 'ਚ ਸਾਹਮਣੇ ਆਈ ਹੈ। ਰਿਪੋਰਟ 'ਚ ਕਿਹਾ ਗਿਆ ਹੈ ਕਿ ਲਿੰਗ ਆਧਾਰ 'ਤੇ ਦੁਨੀਆਂ ਭਰ 'ਚ ਹਜ਼ਾਰਾਂ ਔਰਤਾਂ ਅਤੇ ਲੜਕੀਆਂ ਦੀਆਂ ਜਾਨਾਂ ਜਾ ਰਹੀਆਂ ਹਨ, ਅਤੇ ਇਸ 'ਚ ਕੋਈ ਵਾਸਤਵਿਕ ਪ੍ਰਗਤੀ ਨਹੀਂ ਹੋ ਰਹੀ। ਰਿਪੋਰਟ 'ਚ ਕਿਹਾ ਗਿਆ ਹੈ ਕਿ ਪਿਛਲੇ ਸਾਲ 83 ਹਜ਼ਾਰ ਔਰਤਾਂ ਅਤੇ ਲੜਕੀਆਂ ਦੀ ਜਾਣਬੁੱਝ ਕੇ ਹੱਤਿਆ ਕੀਤੀ ਗਈ। ਇਨ੍ਹਾਂ 'ਚੋਂ 60 ਫ਼ੀਸਦੀ ਭਾਵ 50 ਹਜ਼ਾਰ ਔਰਤਾਂ ਅਤੇ ਲੜਕੀਆਂ ਦੀ ਹੱਤਿਆ ਉਨ੍ਹਾਂ ਦੇ ਨਜ਼ਦੀਕੀ ਸਾਥੀਆਂ ਜਾਂ ਪਰਿਵਾਰਕ ਮੈਂਬਰਾਂ ਦੇ ਹੱਥੋਂ ਹੋਈ।



**ਲੜਕੀਆਂ ਲਈ ਘਰ ਹੀ ਖ਼ਤਰਨਾਕ ਸਥਾਨ:** UNODC ਦੇ ਕਾਰਜਕਾਰੀ ਨਿਰਦੇਸ਼ਕ ਜੌਹਨ ਬ੍ਰੈਂਡੋਲੀਨੋ ਨੇ ਕਿਹਾ ਕਿ ਦੁਨੀਆਂ ਭਰ 'ਚ ਬਹੁਤ ਸਾਰੀਆਂ ਔਰਤਾਂ ਅਤੇ ਲੜਕੀਆਂ ਲਈ ਘਰ ਖ਼ਤਰਨਾਕ ਅਤੇ ਕਈ ਵਾਰ ਜਾਨਲੇਵਾ ਸਥਾਨ ਬਣਿਆ ਹੋਇਆ ਹੈ। ਬ੍ਰੈਂਡੋਲੀਨੋ ਨੇ ਮਹਿਲਾ ਹੱਤਿਆ ਲਈ ਬਿਹਤਰ ਰੋਕਥਾਮ ਰਣਨੀਤੀਆਂ ਅਤੇ ਅਪਰਾਧਿਕ ਨਿਆਂ ਪ੍ਰਤੀਕਿਰਿਆਵਾਂ ਦੀ ਲੋੜ 'ਤੇ ਜ਼ੋਰ ਦਿੱਤਾ ਜੋ ਉਨ੍ਹਾਂ ਸਥਿਤੀਆਂ ਧਿਆਨ 'ਚ ਰੱਖਣ ਜੋ ਹਿੰਸਾ ਨੂੰ ਉਤਸ਼ਾਹਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਡਿਜੀਟਲ ਹਿੰਸਾ ਅਕਸਰ ਸਿਰਫ਼ ਔਨਲਾਈਨ ਤਕ ਹੀ ਸੀਮਿਤ ਨਹੀਂ ਰਹਿੰਦੀ ਅਤੇ ਇਹ ਔਫ਼ਲਾਈਨ ਵੱਧ ਸਕਦੀ ਹੈ ਅਤੇ ਗੰਭੀਰ ਮਾਮਲਿਆਂ 'ਚ ਇਸ ਨਾਲ ਜਾਨਲੇਵਾ ਨੁਕਸਾਨ, ਜਿਸ 'ਚ ਔਰਤਾਂ ਦਾ ਕਤਲ ਵੀ ਸ਼ਾਮਿਲ ਹੈ, ਹੋਣ ਦਾ ਖ਼ਤਰਾ ਹੁੰਦਾ ਹੈ।

**ਅਫ਼ਰੀਕਾ 'ਚ ਹਤਿਆਵਾਂ ਦੀ ਦਰ ਸਭ ਤੋਂ ਜ਼ਿਆਦਾ:** ਔਰਤਾਂ ਅਤੇ ਲੜਕੀਆਂ ਨੂੰ ਦੁਨੀਆ ਦੇ ਹਰ ਖੇਤਰ 'ਚ ਹਿੰਸਾ ਦਾ ਸਾਹਮਣਾ ਕਰਨਾ ਪੈਂਦਾ ਹੈ। ਅਨੁਮਾਨ ਹੈ ਕਿ ਕਿਸੇ ਨਜ਼ਦੀਕੀ ਸਾਥੀ ਜਾਂ ਪਰਿਵਾਰਕ ਮੈਂਬਰ ਦੇ ਹੱਥੋਂ ਸਭ ਤੋਂ ਜ਼ਿਆਦਾ ਨਾਰੀ ਹੱਤਿਆ (ਫ਼ੈਮੀਸਾਈਡ) ਦਰ ਅਫ਼ਰੀਕਾ 'ਚ ਪ੍ਰਤੀ ਇੱਕ ਲੱਖ ਮਹਿਲਾ ਆਬਾਦੀ 'ਚ ਤਿੰਨ ਰਹੀ ਹੈ, ਉਸ ਤੋਂ ਬਾਅਦ ਅਮਰੀਕਾ (1.5), ਓਸ਼ੀਨੀਆ (1.4), ਏਸ਼ੀਆ (0.7) ਅਤੇ ਯੌਰਪ (0.5) ਦਾ ਸਥਾਨ ਹੈ।

# ਮੈਡਮ ਖੁਸ਼ਬੂ ਨੇ ਪਿੰਡ .ਫਤਿਹਗੜ੍ਹ ਦੀ ਹੋਣਹਾਰ ਵਿਦਿਆਰਥਣ ਜਸ਼ਨ ਦੇ ਸੁਪਨੇ ਨੂੰ ਪੂਰਾ ਕਰਨ ਵਿਚ ਕੀਤੀ ਮਦਦ



**ਫਾਜ਼ਿਲਕਾ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੁਸ਼ੀ ਫਾਊਂਡੇਸ਼ਨ ਦੇ ਚੇਅਰਪਰਸਨ ਮੈਡਮ ਖੁਸ਼ਬੂ ਸਵਨਾ ਵੱਲੋਂ ਪਿੰਡ ਫਤਿਹਗੜ੍ਹ ਵਿਖੇ ਪਹੁੰਚ ਕੇ ਇੱਕ ਹੋਣਹਾਰ ਵਿਦਿਆਰਥਣ ਜਸ਼ਨ ਨੂੰ ਯੂਪੀਐਸਸੀ ਦੀ ਤਿਆਰੀ ਲਈ ਕਿਤਾਬਾਂ ਮੁਹਈਆ ਕਰਵਾ ਕੇ ਮਦਦ ਕੀਤੀ।

ਉਨਾਂ ਕਿਹਾ ਕਿ ਜਸ਼ਨ ਇੱਕ ਹੋਣਹਾਰ ਤੇ ਮਿਹਨਤੀ ਵਿਦਿਆਰਥਣ ਹੈ, ਉਹ ਆਈ.ਏ.ਐਸ ਅਫਸਰ ਬਣ ਕੇ ਲੋਕਾਂ ਦੀ ਸੇਵਾ ਕਰਨਾ ਚਾਹੁੰਦੀ ਹੈ ਜਿਸ ਕਰਕੇ ਸੰਸਥਾ ਵੱਲੋਂ ਉਸ ਨੂੰ ਕਿਤਾਬਾਂ ਮੁਹਈਆ ਕਰਵਾਈਆਂ ਗਈਆਂ ਹਨ ਤਾਂ ਜੋ ਉਹ ਪੜ ਲਿਖ ਕੇ ਉੱਚ ਅਹੁਦੇ ਦੀ ਅਫਸਰ ਬਣ ਸਕੇ ਤੇ ਆਪਣੇ ਸੁਪਨੇ ਪੂਰੇ ਕਰ ਸਕੇ। ਉਨਾਂ ਕਿਹਾ ਕਿ ਉਨਾਂ ਦੀ ਸੰਸਥਾ ਹਮੇਸ਼ਾ ਹੀ ਲੜਕੀਆਂ ਦੀ ਭਲਾਈ ਲਈ ਕੰਮ ਕਰਦੀ ਹੈ ਤੇ ਅਜਿਹੇ ਨੇਕ ਕਾਰਜ ਲਈ ਉਹ ਸਦਾ ਹੀ ਮਦਦ ਕਰਨ ਲਈ ਤਤਪਰ ਹਨ।

ਉਨਾਂ ਜਸ਼ਨ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਕਿ ਉਹ ਆਪਣੀ ਤਿਆਰੀ ਨੂੰ ਇਸੇ ਤਰ੍ਹਾਂ ਜਾਰੀ ਰੱਖੇ ਸਖਤ ਮਿਹਨਤ ਕਰਕੇ ਆਈ.ਏ.ਐਸ ਅਫਸਰ ਬਣੇ ਤੇ ਆਪਣੇ ਇਸ ਇਲਾਕੇ ਦਾ ਨਾਮ ਰੋਸ਼ਨ ਕਰੇ।

ਵਿਦਿਆਰਥਣ ਜਸ਼ਨ ਆਖਦੀ ਹੈ ਕਿ ਉਹ ਮੈਡਮ ਖੁਸ਼ਬੂ ਸਵਨਾ ਤੇ ਉਨਾਂ ਦੀ ਫਾਉਂਡੇਸ਼ਨ ਦਾ ਧੰਨਵਾਦ ਕਰਦੀ ਹੈ ਜਿਨਾਂ ਵੱਲੋਂ ਉਸਦੇ ਸੁਪਨੇ ਨੂੰ ਪੂਰਾ ਕਰਨ ਵਿਚ ਸਹਿਯੋਗ ਕੀਤਾ ਗਿਆ ਹੈ, ਕਿਤਾਬਾਂ ਦੀ ਪ੍ਰਾਪਤੀ ਹੋਣ ਨਾਲ ਉਹ ਹੁਣ ਹੋਰ ਸਖਤ ਮਿਹਨਤ ਤੇ ਲਗਨ ਨਾਲ ਤਿਆਰੀ ਕਰ ਸਕੇਗੀ ਤੇ ਆਪਣੇ ਆਈਏਐਸ ਅਫਸਰ ਬਣਨ ਦੇ ਸੁਪਨੇ ਨੂੰ ਸਾਕਾਰ ਕਰ ਸਕੇਗੀ।

# ਫਾਊਂਡੇਸ਼ਨ ਵੱਲੋਂ ਵਿਦਿਆਰਥਣ ਨੂੰ ਯੂਪੀਐਸਸੀ ਦੀ ਤਿਆਰੀ ਲਈ ਕਿਤਾਬਾਂ ਕਰਵਾਈਆਂ ਮੁਹਈਆਂ

# ਸੁਰਜੀਤ ਹਾਕੀ ਸਟੇਡੀਅਮ ਵਿਚ ਟੂਰਨਾਮੈਂਟ ਸ਼ੁਰੂ; ਸੰਤ ਸੀਚੇਵਾਲ ਨੇ ਭਾਰਤੀ ਹਾਕੀ ਦੇ ਸੁਨਿਹਰੀ ਯੁੱਗ ਨੂੰ ਕੀਤਾ ਯਾਦ



**ਜਲੰਧਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਬਰਲਟਨ ਪਾਰਕ ਵਿੱਚ ਬਣੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ 19ਵੇਂ ਬਲਵੰਤ ਸਿੰਘ ਕਪੂਰ ਯਾਦਗਾਰੀ ਹਾਕੀ ਟੂਰਨਾਮੈਂਟ ਦਾ ਉਦਘਾਟਨ ਕੀਤਾ। ਸਟੇਡੀਅਮ ਵਿੱਚ ਦੋਵਾਂ ਟੀਮਾਂ ਵਿਚਕਾਰ ਮੁਕਾਬਲੇ ਦੀ ਸ਼ੁਰੂਆਤ ਸੰਤ ਸੀਚੇਵਾਲ ਨੇ ਬਾਲ ਨੂੰ ਹਿੱਟ ਮਾਰ ਕੇ ਕੀਤੀ। ਉਨ੍ਹਾਂ ਬਤੌਰ ਮੁੱਖ ਮਹਿਮਾਨ ਆਪਣੇ ਵਿਚਾਰਾਂ ਦੀ ਸਾਂਝ ਹਾਕੀ ਪ੍ਰੇਮੀਆਂ ਨਾਲ ਪਾਉਂਦਿਆਂ ਕਿਹਾ ਕਿ ਉਹ ਖੁਦ ਹਾਕੀ ਦੇ ਸਭ ਤੋਂ ਵੱਡੇ ਪ੍ਰਸ਼ੰਸਕ ਹਨ ਅਤੇ ਉਹ ਆਪ ਵੀ ਹਾਕੀ ਖੇਡਦੇ ਰਹੇ ਹਨ। ਕਪੂਰ ਪਰਿਵਾਰ ਵੱਲੋਂ ਹਰ ਸਾਲ ਕੌਮੀ ਪੱਧਰ ਦੇ ਕਰਵਾਏ ਜਾਂਦੇ ਇਸ ਹਾਕੀ ਟੂਰਨਾਮੈਂਟ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਕਿਹਾ ਕਿ 19 ਸਾਲਾਂ ਤੋਂ ਲਗਾਤਾਰ ਪੂਰੀ ਨਿਸ਼ਚੈ ਨਾਲ ਇਸ ਟੂਰਨਾਮੈਂਟ ਦੀ ਲਗਾਤਾਰਤਾ ਬਣਾਈ ਰੱਖਣੀ ਵੀ ਕਿਸੇ ਕਾਮਯਾਬੀ ਤੋਂ ਘੱਟ ਨਹੀਂ ਹੈ।

ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਹਾਕੀ ਦੇ ਸੁਨਿਹਰੀ ਯੁੱਗ ਨੂੰ ਯਾਦ ਕਰਦਿਆਂ ਕਿਹਾ ਕਿ ਜਦੋਂ ਸਿਰਫ਼ ਘਾਹ ਦੇ ਮੈਦਾਨ 'ਤੇ ਹਾਕੀ ਦੇ ਮੁਕਾਬਲੇ ਹੁੰਦੇ ਸਨ ਉਦੋਂ ਭਾਰਤੀ ਹਾਕੀ ਟੀਮ ਓਲੰਪਿਕ ਵਿੱਚ ਸੋਨੇ ਦੇ ਤਮਗੇ ਲਾਗਤਾਰ ਜਿੱਤ ਰਹੀ ਸੀ।

ਅਜਿਹਾ ਦੌਰ ਵੀ ਰਿਹਾ ਜਦੋਂ ਹਾਕੀ ਟੀਮ ਵਿੱਚ ਅੱਠ ਖਿਡਾਰੀ ਪੰਜਾਬ ਦੇ ਪੇਂਡੂ ਇਲਾਕਿਆਂ ਦੇ ਹੀ ਹੁੰਦੇ ਸਨ। ਸੰਤ ਸੀਚੇਵਾਲ ਨੇ ਕਿਹਾ ਕਿ ਅੱਜ ਵੀ ਪੇਂਡੂ ਇਲਾਕਿਆਂ ਵੱਲ ਤਰਜੀਹ ਦੇਣ ਦੀ ਲੋੜ ਹੈ ਕਿਉਂਕਿ ਇਨ੍ਹਾਂ ਖਿੱਤਿਆਂ ਵਿੱਚੋਂ ਬਿਹਤਰੀਨ ਖਿਡਾਰੀ ਨਿਕਲ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਸੀਚੇਵਾਲ ਵਿੱਚ ਅਸਟ੍ਰੋ-ਟਰਫ਼ ਲੱਗੀ ਹੋਈ ਹੈ ਜਿਸ ਸਦਕਾ ਖਿਡਾਰੀਆਂ ਦਾ ਮਨੋਬਲ ਮਜ਼ਬੂਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਵੀ ਹਾਕੀ ਦੇ ਅਸਟ੍ਰੋ-ਟਰਫ਼ ਵਾਲੇ ਖੇਡ ਮੈਦਾਨ ਹੋਣੇ ਚਾਹੀਦੇ ਹਨ। ਪੰਜਾਬ ਦੇ ਵਾਤਾਵਰਣ ਬਾਰੇ ਚਿੰਤਾ ਪ੍ਰਗਟਾਉਂਦਿਆਂ ਉਨ੍ਹਾਂ ਕਿਹਾ ਕਿ ਹਵਾ ਪ੍ਰਦੂਸ਼ਿਤ ਹੋ ਰਹੀ ਹੈ, ਜਿਸ ਦਾ ਮਨੁੱਖੀ ਸਿਹਤ 'ਤੇ ਅਸਰ ਪੈਂਦਾ ਹੈ। ਇਸ ਪ੍ਰਦੂਸ਼ਣ ਕਾਰਨ ਖਿਡਾਰੀਆਂ ਦੀ ਖੇਡ ਵੀ ਪ੍ਰਭਾਵਿਤ ਹੁੰਦੀ ਹੈ। ਪੰਜਾਬ ਦੇ ਪਾਣੀਆਂ ਦਾ ਜ਼ਿਕਰ ਕਰਦਿਆਂ ਸੰਤ ਸੀਚੇਵਾਲ ਨੇ ਕਿਹਾ ਕਿ ਅਜਿਹਾ ਸਮਾਂ ਵੀ ਰਿਹਾ ਹੈ ਜਦੋਂ ਪੰਜਾਬ ਦੇ ਪਾਣੀ ਦੁੱਧ ਤੋਂ ਵੀ ਵੱਧ ਤਾਕਤ ਵਾਲੇ ਹੁੰਦੇ ਸਨ। ਹੁਣ ਦੂਸ਼ਿਤ ਹੋ ਰਹੇ ਪਾਣੀ ਕੈਂਸਰ ਤੇ ਹੋਰ ਭਿਆਨ ਬੀਮਾਰੀਆਂ ਦਾ ਕਾਰਨ ਬਣਦੇ ਜਾ ਰਹੇ ਹਨ।

ਸੰਤ ਸੀਚੇਵਾਲ ਨੇ ਇਸ ਹਾਕੀ ਟੂਰਨਾਮੈਂਟ ਦਾ ਝੰਡਾ ਲਹਿਰਾ ਕੇ ਇਸ ਦੀ ਰਸਮੀ ਸ਼ੁਰੂਆਤ ਕੀਤੀ। ਉਨ੍ਹਾਂ ਦੋਵਾਂ ਟੀਮਾਂ ਦੇ ਖਿਡਾਰੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਖੇਡ ਦੀ ਭਾਵਨਾ ਨੂੰ ਮਜ਼ਬੂਤ ਕਰਨ ਦੇ ਇਰਾਦੇ ਨਾਲ ਹੀ ਖੇਡ ਮੈਦਾਨ ਵਿੱਚ ਉਤਰਨ ਲਈ ਪ੍ਰੇਰਿਆ।

# ਅਮਰੀਕਾ ਦੇ ਡਾ. ਦਲਵੀਰ ਪੰਨੂ ਨੇ ਐਡਵੋਕੇਟ ਧਾਮੀ ਨੂੰ ਭੇਟ ਕੀਤੀ 'ਗੁਰਮੁਖੀ ਅਦਬ ਦਾ ਖ਼ਜ਼ਾਨਾ' ਪੁਸਤਕ



**ਅੰਮ੍ਰਿਤਸਰ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕਾ ਨਿਵਾਸੀ ਡਾ. ਦਲਵੀਰ ਸਿੰਘ ਪੰਨੂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਆਪਣੀ ਪੁਸਤਕ 'ਗੁਰਮੁਖੀ ਅਦਬ ਦਾ ਖ਼ਜ਼ਾਨਾ' ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਭੇਟ ਕੀਤੀ। ਇਸ ਪੁਸਤਕ ਵਿਚ ਡਾ. ਦਲਵੀਰ ਸਿੰਘ ਪੰਨੂ ਵਲੋਂ ਪਾਕਿਸਤਾਨ ਸਥਿਤ ਪੰਜਾਬ ਪਬਲਿਕ ਲਾਇਬ੍ਰੇਰੀ ਲਾਹੌਰ ਵਿਖੇ ਸਿੱਖ ਇਤਿਹਾਸ ਨਾਲ ਸਬੰਧਤ ਕੀਮਤੀ ਖ਼ਜ਼ਾਨੇ ਬਾਰੇ ਭਰਪੂਰ ਜਾਣਕਾਰੀ ਦਰਜ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਡਾ. ਦਲਵੀਰ ਸਿੰਘ ਪੰਨੂ ਵਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕਾਰਜ ਸਿੱਖ ਇਤਿਹਾਸ ਦੇ ਖੋਜਾਰਥੀਆਂ ਲਈ ਲਾਹੇਵੰਦ ਸਾਬਤ ਹੋਵੇਗਾ।

ਉਨ੍ਹਾਂ ਡਾ. ਪੰਨੂ ਨੇ ਪਬਲਿਕ ਲਾਇਬ੍ਰੇਰੀ ਲਾਹੌਰ ਵਿਖੇ ਪੰਜਾਬ ਸਾਹਿਤ ਲਈ ਇਕ ਵੱਖਰਾ ਹਾਲ ਤਿਆਰ ਕਰਵਾ ਕੇ ਸਿੱਖ ਇਤਿਹਾਸ ਦੇ ਕੀਮਤੀ ਖ਼ਜ਼ਾਨੇ ਨੂੰ ਸੰਭਾਲਣ ਦਾ ਉਪਰਾਲਾ ਕਰਨ ਦੇ ਨਾਲ-ਨਾਲ ਇਸ ਦਾ ਡਾਟਾਬੇਸ ਤਿਆਰ ਕ ਰਕੇ ਇਸ ਖ਼ਜ਼ਾਨੇ ਦੀ ਜਾਣਕਾਰੀ ਸੰਗਤਾਂ ਤਕ ਪਹੁੰਚਾਉਣ ਦੇ ਯਤਨ ਦੀ ਸ਼ਲਾਘਾ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਇਨ੍ਹਾਂ ਦੀ ਖੋਜ ਅਨੁਸਾਰ ਪੰਜਾਬ ਪਬਲਿਕ ਲਾਇਬ੍ਰੇਰੀ ਲਾਹੌਰ ਵਿਖੇ ਸਿੱਖ ਸਾਕਿਆਂ ਦੀ ਜਾਣਕਾਰੀ ਬਿਆਨ ਕਰਦੀਆਂ ਉਹ ਅਖ਼ਬਾਰਾਂ ਵੀ ਸ਼ਾਮਲ ਹਨ, ਜਿਨ੍ਹਾਂ ਵਿਚ ਜ਼ਿਕਰ ਹੈ ਕਿ ਸਾਡੇ ਪੁਰਖਿਆਂ ਨੇ ਮਹੰਤਾਂ ਤੋਂ ਗੁਰਦੁਆਰਾ ਸਾਹਿਬਾਨ ਦਾ ਪ੍ਰਬੰਧ ਪੰਥਕ ਹੱਥਾਂ ਵਿਚ ਲੈਣ ਲਈ ਆਪਣੀਆਂ ਜਾਇਦਾਦਾਂ ਤਕ ਵੇਚ ਦਿੱਤੀਆਂ ਸਨ, ਜੋ ਸਿੱਖਾਂ ਦਾ ਗੁਰੂ ਅਤੇ ਗੁਰੂ ਘਰਾਂ ਪ੍ਰਤੀ ਸਮਰਪਣ ਸੀ। ਡਾ. ਪੰਨੂ ਦੇ ਯਤਨ ਨਵੇਂ ਸਿੱਖ ਸਕਾਲਰਾਂ ਲਈ ਪ੍ਰੇਰਨਾ ਹਨ।

ਇਸ ਮੌਕੇ ਡਾ. ਚੇਤਨ ਸਿੰਘ, ਓ. ਐੱਸ. ਡੀ. ਸਤਬੀਰ ਸਿੰਘ, ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਹਰਭਜਨ ਸਿੰਘ ਵਕਤਾ, ਜਨਰਲ ਮੈਨੇਜਰ ਭਗਵੰਤ ਸਿੰਘ ਧੰਗੇੜਾ, ਭਾਈ ਸਤਪਾਲ ਸਿੰਘ ਕੋਹਲੀ ਯੂਐਸਏ, ਸਾਬਕਾ ਸਕੱਤਰ ਵਰਿਆਮ ਸਿੰਘ ਤੇ ਜਗਜੀਤ ਸਿੰਘ ਜੱਗੀ, ਮੈਨੇਜਰ ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਗੁਰਵਿੰਦਰ ਸਿੰਘ ਦੇਵੀਦਾਸਪੁਰ, ਸੂਚਨਾ ਅਧਿਕਾਰੀ ਅੰਮ੍ਰਿਤਪਾਲ ਸਿੰਘ ਤੋਂ ਇਲਾਵਾ ਹੋਰ ਵੀ ਪਤਵੰਤੇ ਹਾਜ਼ਰ ਸਨ।

# ਅਨਮੋਲ ਬਿਸ਼ਨੋਈ ਨੂੰ ਮਾਰੇ ਜਾਣ ਦਾ ਡਰ

**ਨਵੀਂ ਦਿੱਲੀ, 11 ਦਸੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੈਂਗਸਟਰ ਲੌਰੈਂਸ ਬਿਸ਼ਨੋਈ ਦੇ ਭਰਾ ਅਨਮੋਲ ਬਿਸ਼ਨੋਈ ਨੇ ਅਦਾਲਤ 'ਚ ਇੱਕ ਸੁਰੱਖਿਆ ਅਰਜ਼ੀ ਦਾਇਰ ਕੀਤੀ ਹੈ ਜਿਸ 'ਚ ਉਸ ਨੇ ਹਾਲ ਹੀ 'ਚ ਸੋਸ਼ਲ ਮੀਡੀਆ 'ਤ ਕੀਤੀਆਂ ਪੋਸਟਾਂ ਕਾਰਨ ਪਾਕਿਸਤਾਨੀ ਗੈਂਗਸਟਰ ਸ਼ਹਿਜ਼ਾਦ ਭੱਟੀ ਵਲੋਂ ਨਿਸ਼ਾਨਾ ਬਣਾਏ ਜਾਣ ਅਤੇ ਮਾਰੇ ਜਾਣ ਦੇ ਡਰ ਦਾ ਹਵਾਲਾ ਦਿੱਤਾ ਹੈ।

ਅਨਮੋਲ ਨੂੰ ਅਮਰੀਕਾ ਤੋਂ ਦੇਸ਼ ਨਿਕਾਲਾ ਦੇ ਕੇ ਭੇਜੇ ਜਾਣ ਤੋਂ ਬਾਅਦ ਕੌਮੀ ਜਾਂਚ ਏਜੰਸੀ (NIA) ਨੇ ਗ੍ਰਿਫ਼ਤਾਰ ਕੀਤਾ ਸੀ, ਅਤੇ ਉਹ ਇਸ ਸਮੇਂ NIA ਦੀ ਹਿਰਾਸਤ 'ਚ ਹੈ।

ਅਰਜ਼ੀ 'ਚ ਕਿਹਾ ਗਿਆ ਹੈ, "ਲਗਾਤਾਰ ਧਮਕੀਆਂ ਕਾਰਨ ਅਰਜ਼ੀਕਰਤਾ (ਅਨਮੋਲ) ਅਤੇ ਉਸ ਦੇ ਪਰਿਵਾਰਕ ਮੈਂਬਰ ਲਗਾਤਾਰ ਡਰ, ਮਾਨਸਿਕ ਤਨਾਅ ਅਤੇ ਤੁਰੰਤ ਖ਼ਤਰੇ ਦੀ ਸੰਭਾਵਨਾ ਹੇਠ ਜੀਅ ਰਹੇ ਹਨ। ਅਜਿਹੀਆਂ ਧਮਕੀਆਂ ਨੂੰ ਹਲਕੇ 'ਚ ਨਹੀਂ ਲਿਆ ਜਾ ਸਕਦਾ ਕਿਉਂਕਿ ਹਾਲੀਆ ਘਟਨਾਵਾਂ ਸਪੱਸ਼ਟ ਤੌਰ 'ਤੇ ਦਰਸਾਉਂਦੀਆਂ ਹਨ ਕਿ ਔਨਲਾਈਨ ਧਮਕੀਆਂ ਅਸਲ-ਸੰਸਾਰ ਦੇ ਹਿੰਸਕ ਹਮਲਿਆਂ 'ਚ ਬਦਲ ਗਈਆਂ ਹਨ।"ਅਰਜ਼ੀ 'ਚ ਅਨਮੋਲ ਨੇ ਅਦਾਲਤ ਨੂੰ ਜਾਂਚ ਏਜੰਸੀ ਨੂੰ ਨਿਰਦੇਸ਼ ਜਾਰੀ ਕਰਨ ਦੀ ਮੰਗ ਕੀਤੀ ਹੈ ਕਿ ਉਸ ਨੂੰ NIA ਦੇ ਹੈੱਡਕੁਆਰਟਰ ਤੋਂ ਅਦਾਲਤ ਤਕ ਲਿਜਾਣ ਵੇਲੇ ਢੁੱਕਵੀਂ ਹਥਿਆਰਬੰਦ ਪੁਲੀਸ ਸੁਰੱਖਿਆ ਪ੍ਰਦਾਨ ਕੀਤੀ ਜਾਵੇ।

27 ਨਵੰਬਰ ਨੂੰ ਦਾਇਰ ਕੀਤੀ ਗਈ ਅਰਜ਼ੀ 'ਚ ਲਿਖਿਆ ਹੈ ਕਿ NIA ਨੂੰ ਨਿਰਦੇਸ਼ ਦਿੱਤੇ ਜਾਣ ਕਿ ਦੋਸ਼ੀ ਨੂੰ ਪੇਸ਼ੀ ਦੌਰਾਨ ਬੁਲੇਟ ਪਰੂਫ਼ ਵਾਹਨ ਅਤੇ ਬੁਲੇਟ ਪਰੂਫ਼ ਜੈਕੇਟ 'ਚ ਲਿਆਂਦਾ ਜਾਵੇ ਅਤੇ ਸਬੰਧਤ ਅਥੌਰਿਟੀਜ਼ ਨੂੰ ਜਲਦੀ ਤੋਂ ਜਲਦੀ ਖ਼ਤਰੇ ਦੀ ਧਾਰਣਾ ਅਤੇ ਸੁਰੱਖਿਆ ਮੁਲਾਂਕਣ ਕਰਨ ਲਈ ਨਿਰਦੇਸ਼ ਜਾਰੀ ਕੀਤੇ ਜਾਣ।

# ਸਰਬ ਸਾਂਝੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ





ਭਾਈ ਗੋਬਿੰਦ ਸਿੰਘ ਲੌਂਗੋਵਾਲ

ਸ੍ਰੀ ਗੁਰੂ ਨਾਨਕ ਦੇਵ ਜੀ ਮਨੁੱਖਤਾ ਦੇ ਸਰਬ-ਸਾਂਝੇ ਗੁਰੂ ਹਨ। ਆਪ ਦੀ ਵਿਚਾਰਧਾਰਾ ਤੇ ਉਪਦੇਸ਼ਾਂ ਦਾ ਆਧਾਰ ਅਧਿਆਤਮਿਕ, ਸਮਾਜਿਕ ਤੇ ਭਾਵਨਾਤਮਕ ਏਕਤਾ ਹੈ। ਆਪ ਨੇ ਆਪਣੀ ਪਾਵਨ ਗੁਰਬਾਣੀ ਅੰਦਰ ਜੀਵਨ ਦੇ ਹਰ ਪੱਖ ਨਾਲ ਸਬੰਧਤ ਭਾਰਤੀ ਦਰਸ਼ਨ 'ਚ ਪ੍ਰਚਲਿਤ ਕਦਰਾਂ-ਕੀਮਤਾਂ ਦੀ ਪੜਚੋਲ ਕਰਨ ਤੋਂ ਬਾਅਦ ਇਨ੍ਹਾਂ ਨੂੰ ਨਵੇਂ ਸਿਰਿਉਂ ਸੰਗਠਿਤ ਕੀਤਾ। ਇਸੇ ਲਈ ਭਾਰਤੀ ਦਰਸ਼ਨ ਦੇ ਇਤਿਹਾਸ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਨਿਵੇਕਲਾ ਤੇ ਪ੍ਰਥਮ ਸਥਾਨ ਹੈ।

ਸ੍ਰੀ ਗੁਰੂ ਨਾਨਕ ਦੇਵ ਜੀ ਨੇ ਧਰਮ ਨੂੰ ਕਰਮਕਾਂਡ ਤੋਂ ਵੱਖ ਕਰ ਕੇ ਸਮਾਜ ਵਿਚ ਧਰਮ ਦਾ ਸਹੀ ਸਥਾਨ ਨਿਸ਼ਚਿਤ ਕੀਤਾ ਅਤੇ ਧਰਮ ਤੇ ਸਮਾਜ ਦੀ ਇਕ-ਦੂਜੇ 'ਤੇ ਪਰਸਪਰ ਨਿਰਭਰਤਾ ਨੂੰ ਸਪਸ਼ਟ ਕੀਤਾ। ਇਹ ਇਸ ਲਈ ਵੱਡੇ ਅਰਥ ਰੱਖਦਾ ਹੈ ਕਿਉਂਕਿ ਉਸ ਸਮੇਂ ਧਰਮ ਦੀਆਂ ਧਾਰਨਾਵਾਂ ਨਾਲ ਕਰਮਕਾਂਡ ਸਹਿਵਨ ਹੀ ਜੋੜੇ ਜਾ ਰਹੇ ਸਨ। ਉਨ੍ਹਾਂ ਭਾਰਤੀ ਸਮਾਜ ਦੀਆਂ ਸਮੱਸਿਆਵਾਂ ਦਾ ਵਿਸ਼ਲੇਸ਼ਣ ਕਰ ਕੇ ਉਨ੍ਹਾਂ ਦੇ ਢੁਕਵੇਂ, ਸਾਵੇਂ ਤੇ ਸਪਸ਼ਟ ਹੱਲ ਦੱਸੇ। ਭਾਰਤੀ ਧਾਰਮਿਕ ਖੇਤਰ ਤੇ ਧਰਮ ਦਰਸ਼ਨ ਵਿਚ ਗੁਰੂ ਨਾਨਕ ਦੇਵ ਜੀ ਤੋਂ ਪਹਿਲਾਂ ਅਜਿਹੇ ਯਤਨ ਕਿਸੇ ਹੋਰ ਨੇ ਕੀਤੇ ਹੋਣ ਇਸ ਦੀਆਂ ਉਦਾਹਰਣਾਂ ਨਾਮਾਤਰ ਹਨ। ਗੁਰੂ ਸਾਹਿਬ ਦੀ ਬਾਣੀ ਪੜ੍ਹਿਆਂ ਤੇ ਵਿਚਾਰਿਆਂ ਪਤਾ ਲੱਗਦਾ ਹੈ ਕਿ ਉਨ੍ਹਾਂ ਨੇ ਧਾਰਮਿਕ ਸਰੋਕਾਰਾਂ ਦੇ ਨਾਲ-ਨਾਲ ਸਮਾਜਿਕ, ਆਰਥਿਕ, ਰਾਜਨੀਤਿਕ, ਵਿਗਿਆਨਕ, ਵਿਉਪਾਰਕ ਆਦਿ ਹਰ ਖੇਤਰ 'ਚ ਮੁਕੰਮਲ ਸੇਧ ਦੇ ਕੇ ਮਨੁੱਖ ਦੀ ਹੋਣੀ ਸੰਵਾਰਨ ਲਈ ਸੁਚੱਜੀ ਜੀਵਨ ਜਾਂਚ ਦਿੱਤੀ।

ਗੁਰੂ ਸਾਹਿਬ ਤੋਂ ਪਹਿਲਾਂ ਭਾਰਤੀ ਦਰਸ਼ਨ ਵਿਚ ਦੂਸਰੇ ਦੀ ਵਿਚਾਰਧਾਰਾ ਨੂੰ ਰੱਦ ਕਰ ਕੇ ਆਪਣਾ ਮਤ ਸਥਾਪਿਤ ਕਰਨ ਦੀ ਪਿਰਤ ਸਮਾਜ ਲਈ ਬੜੀ ਘਾਤਕ ਸੀ ਪਰ ਜਦੋਂ ਅਸੀਂ ਗੁਰੂ ਸਾਹਿਬ ਦੀ ਬਾਣੀ ਪੜ੍ਹਦੇ ਹਾਂ ਤਾਂ ਪਤਾ ਚੱਲਦਾ ਹੈ ਕਿ ਗੁਰੂ ਸਾਹਿਬ ਨੇ ਦੂਸਰੇ ਦੀ ਵਿਚਾਰਧਾਰਾ ਨੂੰ ਰੱਦ ਕਰਨ 'ਤੇ ਹੀ ਜ਼ੋਰ ਨਹੀਂ ਦਿੱਤਾ ਸਗੋਂ ਆਪਣੇ ਢੰਗ ਨਾਲ ਉਸ ਦੀ ਵਿਆਖਿਆ ਕਰ ਕੇ ਸਹੀ ਦਿਸ਼ਾ ਵੀ ਪ੍ਰਦਾਨ ਕੀਤੀ। ਉਨ੍ਹਾਂ ਜੋਗੀ, ਸੰਨਿਆਸੀ, ਵੈਸ਼ਨਵ, ਸ਼ੈਵ, ਨਾਥ-ਪੰਥੀ, ਸਿੱਧ, ਪੀਰ ਆਦਿ ਸਭ ਵਿਚ ਜਿੱਥੇ ਕਿਤੇ ਕਮਜ਼ੋਰੀ ਦੇਖੀ, ਉੱਥੇ ਆਲੋਚਨਾ ਦੇ ਨਾਲ-ਨਾਲ ਸਹੀ ਮਾਰਗ ਦਰਸ਼ਨ ਵੀ ਕੀਤਾ। ਉਨ੍ਹਾਂ ਵੱਖ-ਵੱਖ ਧਰਮਾਂ ਦੇ ਅਗੂਆਂ ਨਾਲ ਕੀਤੀਆਂ ਗੋਸਟੀਆਂ ਵਿਚ ਹਰੇਕ ਦੇ ਸਵਾਲਾਂ ਦੇ ਜਵਾਬ ਦਿੱਤੇ। ਇਸ ਤਰ੍ਹਾਂ ਗੁਰੂ ਸਾਹਿਬ ਇਕ ਸੰਤੁਲਿਤ ਦਾਰਸ਼ਨਿਕ ਦੇ ਰੂਪ ਵਿਚ ਪ੍ਰਗਟ ਹੋਏ, ਜਿਸ ਦੀ ਭਾਰਤੀ ਧਰਮ ਦਰਸ਼ਨ 'ਚ ਘਾਟ ਸੀ।

ਗੁਰੂ ਨਾਨਕ ਦੇਵ ਜੀ ਦੀ ਵਿਚਾਰਧਾਰਾ ਨੂੰ ਵਿਚਾਰਦਿਆਂ ਸੱਜਰੀ ਰੌਸ਼ਨੀ ਦ੍ਰਿਸ਼ਟੀਗੋਚਰ ਹੁੰਦੀ ਹੈ। ਗੁਰੂ ਸਾਹਿਬ ਨੇ ਊਚ-ਨੀਚ ਤੇ ਜਾਤ-ਪਾਤ ਦੇ ਵਿਤਕਰੇ ਦੀ ਨਿਖੇਧੀ ਕੀਤੀ। ਇਸ ਤੋਂ ਵੀ ਅਗਲੀ ਗੱਲ ਕਿ ਇਸ ਨੂੰ ਧਰਮ ਦੀਆਂ ਧਾਰਨਾਵਾਂ ਵਜੋਂ ਲੋਕਾਂ 'ਤੇ ਠੋਸਿਆਂ ਜਾ ਰਿਹਾ ਸੀ। ਗੁਰੂ ਸਾਹਿਬ ਨੇ ਇਸ ਨੂੰ ਮੂਲੋਂ ਨਕਾਰਿਆ ਤੇ ਮਨੁੱਖੀ ਬਰਾਬਰੀ ਨੂੰ ਪ੍ਰਧਾਨਤਾ ਦਿੱਤੀ। ਗੁਰੂ ਸਾਹਿਬ ਨੇ ਕੇਵਲ ਸਮਾਜ ਨੂੰ ਹੀ ਉਪਦੇਸ਼ ਹੀ ਨਹੀਂ ਕੀਤਾ, ਸਗੋਂ ਇਸ 'ਤੇ ਆਪ ਵੀ ਅਮਲੀ ਰੂਪ 'ਚ ਪਹਿਰਾ ਦਿੱਤਾ। ਆਪ ਫ਼ੁਰਮਾਉਂਦੇ ਹਨ :

*ਨੀਚਾ ਅੰਦਰਿ ਨੀਚ ਜਾਤਿ ਨੀਚੀ ਹੂ ਅਤਿ ਨੀਚੁ॥*
*ਨਾਨਕੁ ਤਿਨ ਕੈ ਸੰਗਿ ਸਾਥਿ ਵਡਿਆ ਸਿਉ ਕਿਆ ਰੀਸ॥*

ਗੁਰੂ ਸਾਹਿਬ ਨੇ ਇਸਤਰੀ ਦੇ ਹੱਕ ਵਿਚ ਵੀ ਅਵਾਜ਼ ਉਠਾਈ। ਅਸਲ ਵਿਚ ਉਸ ਸਮੇਂ ਹਿੰਦੁਸਤਾਨੀ ਸਮਾਜ ਵਿਚ ਇਸਤਰੀ ਦੀ ਦਸ਼ਾ ਬੜੀ ਮਾੜੀ ਸੀ। ਆਪ ਨੇ ਇਸਤਰੀ ਦੇ ਸਨਮਾਨ ਨੂੰ ਹਕੀਕੀ ਤੌਰ 'ਤੇ ਬਹਾਲ ਕਰਦਿਆਂ ਆਪਣੇ ਪੰਥ ਵਿਚ ਮਰਦ ਦੇ ਬਰਾਬਰ ਖੜ੍ਹਾ ਕੀਤਾ। ਇਸ ਸਬੰਧੀ ਗੁਰੂ ਸਾਹਿਬ ਨੇ ਆਪਣੀ ਬਾਣੀ ਵਿਚ ਇਸ ਤਰ੍ਹਾਂ ਫੁਰਮਾਇਆ :

*ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ॥*
*ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ॥*
*ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ॥*
*ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ॥*

ਗੁਰੂ ਨਾਨਕ ਦੇਵ ਜੀ ਨੇ ਵਹਿਮਾਂ-ਭਰਮਾਂ ਦਾ ਖੰਡਨ ਕੀਤਾ, ਨਾਮ ਜਪਣ, ਸੱਚੀ-ਸੁੱਚੀ ਕਿਰਤ ਕਰਨ ਤੇ ਵੰਡ ਛਕਣ ਦਾ ਉਪਦੇਸ਼ ਦਿੱਤਾ। ਗੁਰੂ ਪਾਤਸ਼ਾਹ ਦੇ ਉਪਦੇਸ਼ਾਂ 'ਚੋਂ 'ਸਰਬੱਤ ਦੇ ਭਲੇ' ਦੀ ਭਾਵਨਾ ਉਜਾਗਰ ਹੁੰਦੀ ਹੈ। ਗੁਰੂ ਨਾਨਕ ਦੇਵ ਜੀ ਸਿੱਖਾਂ ਦੇ ਹੀ ਨਹੀਂ ਸਗੋਂ ਸਮੁੱਚੀ ਮਨੁੱਖਤਾ ਦੇ ਸੱਚੇ ਮਾਰਗ-ਦਰਸ਼ਕ ਸਨ, ਜਿਨ੍ਹਾਂ ਨੇ ਭਰਮ-ਭੁਲੇਖਿਆਂ 'ਚ ਭਟਕ ਰਹੀ ਲੋਕਾਈ ਨੂੰ ਸਹੀ ਰਸਤਾ ਦਿਖਾ ਕੇ ਪਰਮਾਰਥ ਦੇ ਰਾਹ ਤੋਰਿਆ। ਉਨ੍ਹਾਂ ਧਰਮਸ਼ਾਲਾਵਾਂ ਬਣਵਾਈਆਂ, ਲੰਗਰ ਦੀ ਪ੍ਰਥਾ ਕਾਇਮ ਕੀਤੀ ਅਤੇ ਸੰਗਤ-ਪੰਗਤ ਤੇ ਸੇਵਾ-ਸਿਮਰਨ ਆਦਿ ਦੇ ਅਜਿਹੇ ਅਦੁੱਤੀ ਸਿਧਾਂਤ ਮਨੁੱਖਤਾ ਸਾਹਮਣੇ ਰੱਖੇ, ਜੋ ਸਦੀਵੀ ਸੇਧ ਦੇਣ ਵਾਲੇ ਹਨ।

ਗੁਰੂ ਨਾਨਕ ਦੇਵ ਜੀ ਨੇ ਬਾਣੀ ਅੰਦਰ ਮਨੁੱਖ ਦੀ ਮੁਕੰਮਲ ਘਾੜਤ ਘੜਦਿਆਂ ਧਰਮ-ਕਰਮ ਤੇ ਆਚਾਰ-ਵਿਹਾਰ ਨਾਲ ਸਬੰਧਤ ਭਾਰਤੀ ਦਰਸ਼ਨ 'ਚ ਪ੍ਰਚਲਿਤ ਕਦਰਾਂ-ਕੀਮਤਾਂ ਨੂੰ ਨਵੇਂ ਸਿਰਿਉਂ ਸੰਗਠਿਤ ਕੀਤਾ। ਕਈ ਕਦਰਾਂ-ਕੀਮਤਾਂ ਨੂੰ ਤਿਆਗਿਆ, ਕਈਆਂ ਦੇ ਨਕਸ਼ ਤਰਾਸ਼ੇ ਤੇ ਕਈ ਨਵੇਂ ਰਾਹ ਦਿਖਾਏ। ਇਸ ਤਰ੍ਹਾਂ ਗੁਰੂ ਸਾਹਿਬ ਦੀ ਦਾਰਸ਼ਨਿਕ ਵਿਚਾਰਧਾਰਾ ਭਾਰਤੀ ਦਰਸ਼ਨ ਦੇ ਸੰਦਰਭ 'ਚ ਨਿਵੇਕਲੀ ਤੇ ਕਾਰਗਰ ਸਿੱਧ ਹੁੰਦੀ ਹੈ। ਬਹੁਪੱਖੀ ਸ਼ਖ਼ਸੀਅਤ ਤੇ ਵਿਸ਼ਾਲ ਪ੍ਰਤਿਭਾ ਦੇ ਮਾਲਕ ਹੋਣ ਕਰਕੇ ਆਪ ਧਰਮ ਦਰਸ਼ਨ ਸ਼ਾਸਤਰ ਦੇ ਖੇਤਰ ਵਿਚ ਵੀ ਵਿਲੱਖਣ ਤੇ ਮਹਾਨ ਕ੍ਰਾਂਤੀ ਦੇ ਜਨਮਦਾਤਾ ਸਨ। ਗੁਰੂ ਸਾਹਿਬ ਦੀ ਵਿਚਾਰਧਾਰਾ ਤੇ ਉਪਦੇਸ਼ਾਂ ਨੇ ਲੋਕਾਂ ਨੂੰ ਉਸਾਰੂ ਜੀਵਨ ਜਾਚ ਦੇ ਸਨਮੁੱਖ ਕੀਤਾ। ਇਹੀ ਕਾਰਨ ਸੀ ਕਿ ਗੁਰੂ ਸਾਹਿਬ ਦੇ ਵਿਚਾਰਾਂ ਨੂੰ ਲੋਕਾਂ ਨੇ ਪ੍ਰਵਾਨ ਕੀਤਾ।

ਅਖ਼ੀਰ 'ਚ ਕਹਾਂਗਾ ਕਿ ਗੁਰੂ ਸਾਹਿਬ ਦੀ ਵਿਚਾਰਧਾਰਾ ਸਦਾ ਨਿਵੇਕਲੀ ਹੈ, ਜਿਸ ਨੂੰ ਸਿੱਖਾਂ ਤੋਂ ਇਲਾਵਾ ਦੁਨੀਆ ਭਰ ਦੇ ਹਰ ਧਰਮ, ਵਰਗ, ਫ਼ਿਰਕੇ ਨਾਲ ਸਬੰਧਤ ਲੋਕ ਸਤਿਕਾਰਦੇ ਹਨ ਤੇ ਅਗਾਂਹ ਵੀ ਸਤਿਕਾਰਦੇ ਰਹਿਣਗੇ। •

*ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ।*

# ਗੁਰੂ ਨਾਨਕ ਦੇਵ ਜੀ ਦਾ ਵਿਅਕਤਿਤਵ






ਪ੍ਰੋ. ਨਵਰੂਪ ਕੌਰ ਮਾਗੋ
98784-55044

ਗੁਰੂ ਨਾਨਕ ਦੇਵ ਜੀ ਇਕ ਮਹਾਨ ਧਰਮ-ਸੁਧਾਰਕ, ਮਹਾਨ ਦੇਸ਼ ਭਗਤ, ਨਖਿੱਧ ਪਰੰਪਰਾਵਾਂ ਦੇ ਵਿਰੋਧੀ ਤੇ ਪ੍ਰਭਾਵਸ਼ਾਲੀ ਯੁੱਗ ਪੁਰਸ਼ ਹਨ। ਉਨ੍ਹਾਂ ਦੀ ਬਾਣੀ ਵਿਸ਼ਾਲ ਜੀਵਨ ਤਜਰਬੇ ਤੇ ਅਧਿਐਨ, ਅਧਿਆਤਮਕ ਰਸ ਨਾਲ ਭਰਪੂਰ ਅਥਾਹ ਸਾਗਰ ਦੀ ਤਰ੍ਹਾਂ ਹੈ, ਜਿਸ ਦੀ ਥਾਹ ਪਾ ਸਕਣਾ ਮਨੁੱਖੀ ਬੁੱਧੀ ਖੇਤਰ ਤੋਂ ਬਾਹਰ ਹੈ। ਭਾਈ ਗੁਰਦਾਸ ਜੀ ਨੇ ਉਨ੍ਹਾਂ ਦੇ ਜਨਮ ਬਾਰੇ ਲਿਖਦੇ ਹਨ :

*ਸਤਿਗੁਰੂ ਨਾਨਕ ਪਰਗਟਿਆ*
*ਮਿਟੀ ਧੁੰਦ ਜਗ ਚਾਨਣ ਹੋਆ॥*
*ਜਿਉ ਕਰ ਸੂਰਜ ਨਿਕਲਿਆ*
*ਤਾਰੇ ਛਪਿ ਅੰਧੇਰ ਪਲੋਆ॥*

ਉਸ ਵੇਲੇ ਧਾਰਮਿਕ ਵਹਿਮ-ਭਰਮ, ਸਮਾਜਿਕ ਅਧੋਗਤੀ, ਸੱਭਿਆਚਾਰਕ ਗਿਰਾਵਟ, ਆਰਥਿਕ ਮੰਦਹਾਲੀ ਤੇ ਰਾਜਨੀਤਿਕ ਅਨਿਆਂ ਸਿਖ਼ਰ 'ਤੇ ਸਨ। ਧਰਮ 'ਖੰਭ' ਲਾ ਕੇ ਉੱਡ ਗਿਆ ਸੀ। ਧਾਰਮਿਕ ਆਗੂ 'ਸਿੱਧ' ਮਾਤ ਲੋਕ ਨੂੰ ਛੱਡ ਕੇ ਸੁਮੇਰ ਪਰਬਤ 'ਤੇ ਜਾ ਲੁਕੇ ਸਨ ਤੇ ਕਾਜ਼ੀ 'ਰਿਸ਼ਵਤੀ' ਹੋ ਚੁੱਕੇ ਸਨ। ਸਮਾਜ ਦੋ ਭਾਗਾਂ 'ਚ ਵੰਡਿਆ ਹੋਇਆ ਸੀ - ਹਿੰਦੂ ਤੇ ਮੁਸਲਮਾਨ। ਹਿੰਦੂ ਊਚ-ਨੀਚ ਦੇ ਆਧਾਰ 'ਤੇ ਆਪਸ 'ਚ ਪਾਟੇ ਹੋਏ ਸਨ। ਮੁਸਲਮਾਨ ਹਾਕਮ ਵਰਗ ਵਿੱਚੋਂ ਸਨ ਪਰ ਇਨ੍ਹਾਂ ਵਿਚ ਕੇਵਲ ਰਾਜ-ਕਾਜ ਨਾਲ ਸਬੰਧਤ ਮੌਲਵੀ ਹੀ ਸੁਖੀ ਸਨ, ਬਾਕੀ ਤਾਂ ਜੂਨ ਭੋਗ ਰਹੇ ਸਨ। ਹਿੰਦੂ ਆਪਣੇ ਸੱਭਿਆਚਾਰ ਨੂੰ ਭੁੱਲ ਕੇ 'ਅਭਾਖਿਆ ਦਾ ਕੁੱਠਾ ਬੱਕਰਾ' ਖਾ ਰਹੇ ਸਨ। ਉਹ 'ਨੀਲੇ ਬਸਤਰ' ਪਾ ਕੇ ਤੇ ਫ਼ਾਰਸੀ ਬੋਲੀ ਬੋਲ ਕੇ ਰਾਜ ਦਰਬਾਰ 'ਚ ਪ੍ਰਵਾਨ ਹੋ ਰਹੇ ਸਨ। ਮਲਕ ਭਾਗੋ ਤੇ ਦੁਨੀ ਚੰਦ ਜਿਹੇ ਪੂੰਜੀਪਤੀ ਗ਼ਰੀਬਾਂ ਦਾ ਖ਼ੂਨ ਚੂਸ ਰਹੇ ਸਨ। 'ਰਾਜੇ ਸ਼ੀਹ' ਤੇ 'ਮੁਕੱਦਮ ਕੁੱਤੇ' ਬਣ ਚੁੱਕੇ ਸਨ। ਉਹ ਕਸਾਈ ਬਣ ਕੇ 'ਕਲ ਕਾਤੀ' ਦੁਆਰਾ ਜਨਤਾ ਦੇ ਗਲ਼ ਕੱਟ ਰਹੇ ਸਨ। ਅਜਿਹੀ ਹਾਲਤ ਨੂੰ ਗੁਰੂ ਸਾਹਿਬ ਨੇ ਅੰਤਰ ਧਿਆਨ ਹੋ ਕੇ ਵੇਖਿਆ :

*ਬਾਬਾ ਦੇਖੈ ਧਿਆਨ ਧਰਿ*
*ਜਲਤੀ ਸਭਿ ਪ੍ਰਿਥਵੀ ਦਿਸਿ ਆਈ॥* (ਭਾਈ ਗੁਰਦਾਸ ਜੀ)

ਗੁਰੂ ਸਾਹਿਬ ਦੇ ਖ਼ਾਨਦਾਨੀ ਖ਼ਾਕੇ ਤੇ ਨਜ਼ਰ ਮਾਰਿਆਂ ਪਤਾ ਲੱਗਦਾ ਹੈ ਕਿ ਆਪ ਕੌਰਵਾਂ-ਪਾਂਡਵਾਂ ਦੇ ਵੇਲੇ ਰਾਜਾ ਭੋਜ ਦੇ ਖ਼ਾਨਦਾਨ ਵਿੱਚੋਂ ਸਨ। ਮਹਿਮੂਦ ਗਜ਼ਨਵੀ ਸਮੇਂ ਇਸ ਰਾਜੇ ਦੇ ਖ਼ਾਨਦਾਨ ਵਿੱਚੋਂ ਨਾਥ ਜੀ ਬੇਦੀ ਹੋਏ, ਜਿਨ੍ਹਾਂ ਦੇ ਸਪੁੱਤਰ ਰਾਮ ਨਰਾਇਣ ਬੇਦੀ ਦੇ ਘਰ ਸ਼ਿਵ ਰਾਮ ਦਾਸ ਜਨਮੇ। ਸ਼ਿਵ ਰਾਮ ਦਾਸ ਜੀ ਦੇ ਅੱਗੋਂ ਦੋ ਲੜਕੇ ਕਾਲੂ ਚੰਦ ਤੇ ਲਾਲੂ ਚੰਦ ਹੋਏ ਤੇ ਮਹਿਤਾ ਕਾਲੂ ਚੰਦ ਜੀ ਦੇ ਘਰ ਆਪ ਨੇ ਅਵਤਾਰ ਧਾਰਿਆ।

## ਮੁੱਢਲਾ ਜੀਵਨ

ਆਪ ਮਾਪਿਆਂ ਦੇ ਇਕਲੌਤੇ ਪੁੱਤਰ ਸਨ। ਆਪ ਦੀ ਇਕ ਭੈਣ ਬੇਬੇ ਨਾਨਕੀ ਜੀ ਸਨ, ਜੋ ਆਪ ਨਾਲੋਂ 5 ਸਾਲ ਵੱਡੇ ਸੀ। ਆਪ ਨੇ ਛੋਟੀ ਉਮਰ 'ਚ ਹੀ ਆਪਣੇ ਅਧਿਆਪਕਾਂ ਪੰਡਤ ਗੁਪਾਲ ਦਾਸ (ਹਿੰਦੀ), ਪੰਡਤ ਬਿਰਧ ਨਾਥ (ਸੰਸਕ੍ਰਿਤ) ਤੇ ਮੌਲਵੀ ਕੁਤਬਦੀਨ (ਫ਼ਾਰਸੀ ਦੇ) ਨੂੰ ਅਦੁੱਤੀ ਪ੍ਰਤਿਭਾ ਦੁਆਰਾ ਹੈਰਾਨ ਕਰ ਦਿੱਤਾ। ਆਪ ਨੇ 9 ਸਾਲ ਦੀ ਉਮਰ ਵਿਚ ਪੰਡਤ ਹਰਦਿਆਲ ਨੂੰ ਜੀਵਨ-ਅੰਮ੍ਰਿਤ ਪ੍ਰਦਾਨ ਕਰਨ ਵਾਲੀ ਜਨੇਊ ਪਾਉਣ ਲਈ ਕਿਹਾ :

*ਦਇਆ ਕਪਾਹ, ਸੰਤੋਖ ਸੂਤ, ਜਤ ਗੰਢੀ, ਸਤ ਵਟ॥*
*ਏਹੁ ਜਨੇਊ ਜੀਆ ਕਾ, ਹਈ ਤਾਂ ਪਾਂਡੇ ਘੱਤੁ॥*

ਆਪ ਬਚਪਨ ਤੋਂ ਨਾਮ ਖ਼ਮਾਰੀ 'ਚ ਮਸਤ ਰਹਿਣ ਲੱਗੇ। ਮੱਝਾਂ ਚਰਦੀਆਂ ਰਹਿੰਦੀਆਂ, ਆਪ ਮਸਤ ਪਏ ਰਹਿੰਦੇ, ਸੱਪ ਛਾਂ ਕਰਦੇ ਤਾਂ ਜੋ ਆਪ ਨੂੰ ਧੁੱਪ ਦਾ ਤਾਅ ਨਾ ਲੱਗੇ। ਮੱਝਾਂ ਲੋਕਾਂ ਦੇ ਖੇਤ ਉਜਾੜਦੀਆਂ, ਆਪ ਨਿਰੰਕਾਰ ਨਾਲ ਲਿਵ ਲਾਈ ਰੱਖਦੇ, ਉਹੀ (ਨਿਰੰਕਾਰ) ਖੇਤਾਂ ਨੂੰ ਮੁੜ ਹਰਾ ਵੀ ਕਰ ਦੇਂਦਾ। ਆਪ ਦੀ ਵਧ ਰਹੀ ਵੈਰਾਗਮਈ ਅਵਸਥਾ ਨੂੰ ਨਾ ਸਮਝਦਿਆਂ ਵੈਦਾਂ ਨੇ ਦੁਆ-ਦਾਰੂ ਦੁਆਰਾ ਟਿੱਲ ਲਾਇਆ ਪਰ ਰੋਗ ਆਤਮਿਕ ਸੀ, ਸਰੀਰਕ ਹੁੰਦਾ ਤਾਂ ਦਵਾਈ ਕਾਟ ਕਰਦੀ। ਅੰਤ, ਆਪ ਨੂੰ ਬਟਾਲੇ ਦੇ ਬਾਬਾ ਮੂਲ ਚੰਦ ਦੀ ਲੜਕੀ ਨਾਲ ਵਿਆਹ ਦਿੱਤਾ ਗਿਆ। ਇਸ ਤਰ੍ਹਾਂ ਆਪ ਦੀ ਜ਼ਿੰਮੇਵਾਰੀ ਜ਼ਰੂਰ ਵਧ ਗਈ ਪਰ ਆਪ ਵਿਚ ਦੁਨੀਆਦਾਰੀ ਨਾ ਆਈ।

ਇਕ ਵਾਰ ਆਪ ਵੀਹ ਰੁਪਏ ਲੈ ਕੇ ਚੂਹੜਕਾਣੇ ਵਪਾਰ ਲਈ ਗਏ। ਰਸਤੇ 'ਚ ਭੁੱਖੇ ਸਾਧੂਆਂ ਨੂੰ ਖੁਆ ਕੇ ਸੱਚਾ-ਸੁੱਚਾ ਵਪਾਰ ਕਰ ਆਏ। ਆਪ ਦੇ ਘਰ ਦੋ ਸਾਹਿਬਜ਼ਾਦੇ-ਸ੍ਰੀਚੰਦ ਤੇ ਲਖਮੀ ਦਾਸ ਹੋਏ। ਆਪ ਨੂੰ ਭਾਈਆ ਜੈ ਰਾਮ ਜੀ ਦੇ ਕਹਿਣ 'ਤੇ ਨਵਾਬ ਦੌਲਤ ਖ਼ਾਨ ਦਾ ਮੋਦੀ ਬਣਾਇਆ ਗਿਆ। ਆਪ ਇੱਥੋਂ ਮਿਲਦੀ ਤਨਖ਼ਾਹ ਨਾਲ ਗੁਜ਼ਾਰਾ ਕਰਦੇ ਤੇ ਅਲੂਫ਼ੇ (ਕਟੌਤੀ) ਨੂੰ ਮੋਦੀਖ਼ਾਨੇ 'ਚ ਹੀ, ਗ਼ਰੀਬ ਗ਼ੁਰਬਿਆਂ ਨੂੰ ਦਾਨ ਦੇਣ ਲਈ ਪਿਆ ਰਹਿਣ ਦਿੰਦੇ। ਇਕ ਵਾਰੀ ਅਨਾਜ ਤੋਲਦੇ-ਤੋਲਦੇ ਜਦ ਤੇਰਾਂ ਦੀ ਧਾਰਨਾ 'ਤੇ ਪੁੱਜੇ ਤਾਂ ਆਪ ਦੀ ਸੁਰਤਿ 'ਤੇਰਾ-ਤੇਰਾ' ਕਰਨ ਲੱਗ ਪਈ। ਆਪ ਨੇ ਕਈ ਧਾਰਨਾ ਤੋਲ ਛੱਡੀਆਂ। ਦੋਖੀਆਂ ਨੇ ਸੁਲਤਾਨ ਅੱਗੇ ਸ਼ਿਕਾਇਤ ਕੀਤੀ। ਮੋਦੀਖ਼ਾਨੇ 'ਚ ਪਏ ਮਾਲ ਦੀ ਪੜਤਾਲ ਹੋਈ, ਮਾਲ ਵੱਧ ਨਿਕਲਿਆ ਕਿਉਂਕਿ ਅਲੂਫ਼ੇ ਦੀ ਜਿਨਸ ਵੀ ਵਿਚ ਹੀ ਪਈ ਹੋਈ ਸੀ। ਇਸ ਘਟਨਾ ਨੇ ਗੁਰੂ ਜੀ ਦੇ ਜੀਵਨ 'ਚ ਇਕ ਮੋੜ ਲਿਆਂਦਾ। ਆਪ ਨੇ ਵੇਈਂ 'ਚ ਇਸ਼ਨਾਨ ਲਈ ਟੁੱਭੀ ਮਾਰੀ, ਤਿੰਨ ਦਿਨ ਅਲੋਪ ਰਹੇ। ਮਾਨੋਂ, ਟੁੱਭੀ ਮਾਰਦਿਆਂ ਆਪ ਤੇ ਉਹ ਦਿਨ ਆਇਆ ਜੋ ਮਹਾਤਮਾ ਬੁੱਧ ਲਈ ਗਯਾ ਵਿਚ, ਹਜ਼ਰਤ ਮੂਸਾ ਹੁਰਾਂ ਲਈ ਕੋਹਤੂਰ ਤੇ ਹਜ਼ਰਤ ਈਸਾ ਲਈ ਦਰਿਆ ਜਾਰਡਨ 'ਤੇ ਆਇਆ ਸੀ।

ਗੁਰੂ ਨਾਨਕ ਦੇਵ ਜੀ ਸਬੰਧੀ ਅਨੇਕਾਂ ਗ੍ਰੰਥ ਰਚੇ ਗਏ ਪਰ ਉਨ੍ਹਾਂ ਦੇ ਵਿਅਕਤਿਤਵ ਨੂੰ ਸਮਝਣ ਲਈ, ਉਨ੍ਹਾਂ ਦੀ ਮਹਾਨਤਾ ਦੀ ਥਾਹ ਪਾਉਣ ਲਈ, ਉਨ੍ਹਾਂ ਦੀ ਬਾਣੀ 'ਚ ਆਏ ਰੂਪਕਾਂ ਦਾ ਅਧਿਐਨ ਕਰਨਾ ਬਹੁਤ ਜ਼ਰੂਰੀ ਹੈ। ਡਾ. ਕਾਲਾ ਸਿੰਘ ਬੇਦੀ ਪੁਸਤਕ 'ਗੁਰੂ ਨਾਨਕ ਭਾਸ਼ਾ' 'ਚ ਲਿਖਦੇ ਹਨ : "ਜੇ ਕ੍ਰਿਸ਼ਨ ਜੀ ਦੀ ਸੱਚੀ ਤਸਵੀਰ ਦੇਖਣੀ ਹੋਵੇ ਤਦ ਭਾਗਵਤ ਤੋਂ ਬਾਹਰ ਗੀਤਾ ਵਿਚ ਲੱਭਣੀ ਚਾਹੀਦੀ ਹੈ, ਇਵੇਂ ਹੀ ਸਤਿਗੁਰੂ ਦੀ ਸੱਚੀ ਤਸਵੀਰ ਆਪ ਜੀ ਦੀ ਬਾਣੀ ਵਿੱਚੋਂ ਢੂੰਡਣੀ ਚਾਹੀਦੀ ਹੈ।"

ਕਵੀ ਦਾ ਜੀਵਨ, ਉਸ ਸਮੇਂ ਦਾ ਸਮਾਜ, ਸਥਿਤੀਆਂ ਪਰਸਥਿਤੀਆਂ, ਕਵੀ ਦੇ ਸੰਸਕਾਰ, ਰੁਚੀਆਂ ਆਦਿ ਉਸ ਦੀ ਕਵਿਤਾ ਵਿਚਲੇ ਬਿੰਬਾਂ ਤੋਂ ਪ੍ਰਗਟ ਹੋ ਜਾਂਦੇ ਹਨ। ਬਿੰਬ-ਵਿਧਾਨ ਰਾਹੀਂ ਕਵੀ ਦਾ ਵਿਅਕਤਿਤਵ ਸਪਸ਼ਟ ਵੇਖਿਆ ਜਾ ਸਕਦਾ ਹੈ। ਗੁਰੂ ਸਾਹਿਬ ਦੇ ਬਿੰਬਾਂ 'ਚੋਂ ਉਨ੍ਹਾਂ ਦਾ ਵਿਅਕਤਿਤਵ ਸਪਸ਼ਟ ਝਲਕਦਾ ਹੈ। ਗੁਰੂ ਸਾਹਿਬ ਅਤਿਅੰਤ ਕਲਪਨਾਸ਼ੀਲ ਤੇ ਸੰਵੇਦਨਸ਼ੀਲ ਸਨ। ਉਹ ਸਥਾਨ ਤੇ ਮੌਕੇ ਮੁਤਾਬਿਕ ਢੁੱਕਵਾਂ ਬਿੰਬ ਸਿਰਜਣ 'ਚ ਸਫਲ ਹੋਏ। ਉਹ ਸਰਲ ਹਿਰਦੇ ਵਾਲੇ ਸਿੱਧ ਹਸਤ ਮਹਾਂਕਵੀ ਸਨ। ਉਨ੍ਹਾਂ ਦਾ ਬਚਪਨ ਪੇਂਡੂ ਆਲੇ-ਦੁਆਲੇ 'ਚ ਬੀਤਿਆ, ਸੋ ਪਿੰਡਾਂ ਦੇ ਦ੍ਰਿਸ਼ ਸਰੋਵਰ, ਮਛਲੀ, ਖੇਤ ਨਿਰਮਾਣ, ਬ੍ਰਿਛ ਬੂਟੇ, ਘਾਹ, ਅੰਬ, ਕੋਇਲ, ਚਾਤ੍ਰਿਕ ਆਦਿ ਦੀ ਵਰਤੋਂ ਉਨ੍ਹਾਂ ਦੀ ਬਾਣੀ ਸਿਰਜਣਾਂ ਦਾ ਆਪ ਮੁਹਾਰੇ ਹਿੱਸਾ ਬਣ ਗਈ। ਉਨ੍ਹਾਂ ਨੇ ਆਪਣੀ ਬਾਣੀ 'ਚ ਹਟਵਾਣੀਆਂ, ਕਿਸਾਨਾਂ, ਸ਼ਾਹੂਕਾਰਾਂ, ਪਟਵਾਰੀਆਂ, ਕਾਜ਼ੀਆਂ, ਲੁਹਾਰ, ਤਰਖਾਣ, ਸੁਨਾਰ, ਜੁਲਾਹੇ, ਘੁੰਮਿਆਰ ਤੇ ਪਾਂਧੇ ਪੰਡਤਾਂ ਦਾ ਵਰਨਣ ਕੀਤਾ ਹੈ। ਪ੍ਰਕਿਰਤੀ ਪ੍ਰਤੀ ਪਿਆਰ ਦਾ ਪ੍ਰਗਟਾਵਾ ਵੀ ਉਨ੍ਹਾਂ ਦੀ ਬਾਣੀ 'ਚ ਖ਼ੂਬ ਮਿਲਦਾ ਹੈ। ਡਾ. ਜੈ ਰਾਮ ਮਿਸ਼ਰ ਨੇ ਆਪਣੇ ਗ੍ਰੰਥ 'ਨਾਨਕ ਬਾਣੀ' 'ਚ ਇਸ ਇਸ ਗੱਲ ਦੀ ਪੁਸ਼ਟੀ ਕੀਤੀ ਹੈ :

"ਗੁਰੂ ਨਾਨਕ ਦੇਵ ਪ੍ਰਕਿਰਤੀ ਦੀ ਗੋਦ 'ਚ ਪਲੇ ਸਨ। ਇਸ ਲਈ ਪ੍ਰਕਿਰਤੀ ਦੇ ਪ੍ਰਤੀ ਉਨ੍ਹਾਂ ਦਾ ਮਹਾਨ ਆਕਰਸ਼ਣ ਸ਼ੀ। ਪ੍ਰਕਿਰਤੀ ਦੀ ਅਨੇਕ ਰੂਪਤਾ ਦੇ ਸਹਾਰੇ ਉਨ੍ਹਾਂ ਨੇ ਪਰਮਾਤਮਾ ਦੀ ਮਹੱਤਤਾ ਦਰਸਾਈ। ਉਸ 'ਹਰੀ' ਦੁਆਰਾ ਨਿਰਮਤਿ ਪ੍ਰਕਿਰਤੀ ਜਦ ਇਤਨੀ ਮੋਹਕ ਹੈ ਤਾਂ ਉਸ ਦਾ ਨਿਰਮਾਤਾ ਕਿਤਨਾ ਸੁੰਦਰ ਹੋਵੇਗਾ। ਇਹੀ ਕਾਰਨ ਹੈ ਕਿ ਵਿਸਤ੍ਰਿਤ ਨੀਲਾ ਆਕਾਸ਼ ਉਨ੍ਹਾਂ ਨੂੰ ਪ੍ਰਭੂ ਦੀ ਆਰਤੀ ਦੀ ਧੂਪ ਤੇ ਸਮੱਸਤ ਪੁਸ਼ਪ-ਰਾਸ਼ੀ ਉਸ ਆਰਤੀ ਦੇ ਨਿਮਿਤ ਪੁਸ਼ਪ ਹਨ। ਵਾਯੂ, ਨਦੀਆਂ, ਅਗਨੀ, ਪ੍ਰਿਥਵੀ, ਇੰਦਰ, ਧਰਮਰਾਜ, ਸੂਰਜ-ਚੰਦਰਮਾ, ਸਿੱਧ ਬੁੱਧ ਦੇਵਤਾਗਣ, ਆਕਾਸ਼ ਆਦਿ ਪਰਮਾਤਮਾ ਦੇ ਭੈਅ 'ਚ ਸਥਿਤ ਹਨ।"

ਜਿਸ ਦੌਰ 'ਚ ਗੁਰੂ ਜੀ ਰਹਿ ਰਹੇ ਸਨ, ਉਹ ਉੱਤਰੀ ਭਾਰਤ ਦੀ ਸਾਮੰਤੀ ਫੁੱਟ ਦਾ ਸ਼ਿਖ਼ਰ ਤੇ ਕੇਂਦਰਿਤ ਸਾਮੰਤੀ ਰਾਜ ਕਾਇਮ ਹੋਣ ਤੋਂ ਐਨ ਪਹਿਲਾਂ ਦਾ ਸਮਾਂ ਸੀ। ਰਾਜਸੀ ਸਥਿਰਤਾ ਦੀ ਅਣਹੋਂਦ ਸੀ। ਗੁਰੂ ਨਾਨਕ ਦੇਵ ਦੀ ਮਹਾਨ ਸੱਚੇ ਦੇਸ਼ ਭਗਤ ਸਨ। ਸੰਤ ਕਵੀਆਂ ਵਿੱਚੋਂ ਉਹੀ ਸਨ, ਜਿਨ੍ਹਾਂ ਨੇ ਨਿਧੜਕ ਹੋ ਕੇ ਦੇਸ਼ ਦੀ ਦੁਰਦਸ਼ਾ ਦਾ ਚਿਤ੍ਰਣ ਕੀਤਾ ਹੈ। ਦੇਸ਼ ਦੇ ਦੁਰਭਾਗ, ਅਤਿਆਚਾਰ, ਜ਼ਾਲਮ ਰਾਜਿਆਂ ਦੀ ਪਸ਼ੂ ਬਿਰਤੀ ਦਾ ਵਰਨਣ ਕੀਤਾ ਹੈ। ਬਾਬਰ ਦੇ ਹਮਲੇ, ਔਰਤਾਂ ਦੀ ਬੇਪਤੀ ਨੂੰ ਉਸ ਵੇਲੇ ਦੀਆਂ ਕੋਝੀਆਂ ਸਥਿਤੀਆਂ ਨੂੰ ਬੜੇ ਕਰੁਣਾਮਈ ਢੰਗ ਨਾਲ ਗੁਰੂ ਜੀ ਨੇ ਆਪਣੀ ਕਲਮ ਰਾਹੀਂ ਲਿਖਿਆ।

'ਖੁਰਾਸਾਨ ਖਸਮਾਨਾ ਕੀਆ ਹਿੰਦੁਸਤਾਨ ਡਰਾਇਆ' ਦੇਸ਼ ਭਗਤੀ ਦੇ ਜਜ਼ਬੇ ਨਾਲ ਭਰਪੂਰ ਅਜਿਹੀਆਂ ਪੰਕਤੀਆਂ ਹਨ, ਜਿਨ੍ਹਾਂ 'ਤੇ ਕੋਈ ਵੀ ਦੇਸ਼ ਭਗਤ ਮਾਣ ਕਰ ਸਕਦਾ ਹੈ। ਉਨ੍ਹਾਂ ਨੇ ਬਾਬਰ ਨੂੰ ਉਪਦੇਸ਼ ਦਿੱਤਾ ਤੇ ਦੇਸ਼ਵਾਸੀਆਂ ਨੂੰ ਨੈਤਿਕ ਕਦਰਾਂ-ਕੀਮਤਾਂ ਦੀ ਰਾਖੀ ਕਰਨ ਲਈ ਪ੍ਰੇਰਿਆ। ਗੁਰੂ ਜੀ ਦੇ ਮਨ ਵਿਚ 'ਮਾਤ ਬੋਲੀ' ਲਈ ਵੀ ਅਟੁੱਟ ਪਿਆਰ ਸੀ। ਉਹ ਜਾਣਦੇ ਸਨ ਕਿ ਉਹੀ ਕੌਮ ਜਿਊਂਦੀ ਰਹਿ ਸਕਦੀ ਹੈ, ਜਿਸ ਦਾ ਆਪਣੀ ਬੋਲੀ ਵਿਚ ਸਾਹਿਤ ਹੋਵੇ। ਗੁਰੂ ਜੀ ਨੇ ਸੰਸਕ੍ਰਿਤ ਪੜ੍ਹੇ ਹੋਣ ਦੇ ਬਾਵਜੂਦ ਲੋਕ ਹਿੱਤਾਂ ਤੇ ਦੇਸ਼ ਹਿੱਤਾਂ ਨੂੰ ਮੁੱਖ ਰੱਖ ਕੇ ਪੰਜਾਬੀ ਬੋਲੀ ਨੂੰ ਮਾਣ ਦਿੱਤਾ।

ਗੁਰੂ ਜੀ ਕ੍ਰਾਂਤੀਕਾਰੀ, ਦੂਰਦਰਸ਼ੀ, ਸਮਾਜ ਸੁਧਾਰਕ ਸਨ। ਉਨ੍ਹਾਂ ਨੇ ਬਰਾਬਰੀ ਦੀ ਗੱਲ ਕੀਤੀ, ਕੁਰੀਤੀਆਂ ਨੂੰ ਦੂਰ ਕੀਤਾ। ਉਨ੍ਹਾਂ ਵੱਲੋਂ ਸਭ ਤੋਂ ਸੋਹਣਾ ਵਿਚਾਰ ਲੋਕਾਂ ਦੀ ਬਰਾਬਰੀ ਦਾ ਐਲਾਨ ਸੀ, ਜਿਸ ਕਾਰਨ ਕਸ਼ਟ ਭੋਗ ਰਹੇ ਲੋਕ ਉਨ੍ਹਾਂ ਵੱਲ ਖਿੱਚੇ ਗਏ। ਉਨ੍ਹਾਂ ਦੀ ਮਾਨਵਵਾਦੀ ਸਿੱਖਿਆ ਨੇ ਸਾਮੰਤੀ ਅਨਿਆਂ, ਵਰਗ ਜ਼ਾਤ ਵੰਡ, ਪਿਛਾਂਹ ਖਿੱਚੂ ਕਾਨੂੰਨਾਂ ਖ਼ਿਲਾਫ਼ ਚੋਣਵਿਆਂ ਬੰਦਿਆਂ ਦੇ ਪੱਕੇ ਹੋ ਰਹੇ ਵਿਸ਼ੇਸ਼ ਅਧਿਕਾਰਾਂ ਤੇ ਲੱਖਾਂ ਲੋਕਾਂ ਦੀ ਤ੍ਰਿਸਕਾਰਿਤ ਹਾਲਤ ਖ਼ਿਲਾਫ਼ ਬਗ਼ਾਵਤ ਕੀਤੀ। ਉਨ੍ਹਾਂ ਨੇ ਔਰਤ ਨੂੰ ਸਮਾਜ ਵਿਚ ਗੌਰਵ ਤੇ ਸਨਮਾਨ ਦਿਵਾਇਆ। ਡਾ. ਜੈ ਰਾਮ ਮਿਸ਼ਰ ਅਨੁਸਾਰ ਮੱਧ-ਯੁੱਗ ਵਿਚ ਹਿੰਦੁਸਤਾਨ ਅੰਦਰ ਅਨੇਕ ਧਰਮ ਸੁਧਾਰਕ ਹੋਏ ਪਰ ਉਨ੍ਹਾਂ ਨੂੰ ਉਹ ਸਫਲਤਾ ਨਹੀਂ ਪ੍ਰਾਪਤ ਹੋਈ, ਜੋ ਗੁਰੂ ਨਾਨਕ ਦੇਵ ਜੀ ਨੂੰ ਹੋਈ।

ਗੁਰੂ ਜੀ ਦਾ ਜੀਵਨ ਤਜਰਬਾ ਬੇਹੱਦ ਵਿਸ਼ਾਲ ਸੀ। ਉਹ ਅਦਭੁੱਤ, ਸਾਹਸੀ, ਨਿਰਭੈ ਭਗਤ ਸਨ। ਆਪਣੇ ਮਿਸ਼ਨ ਦੇ ਪ੍ਰਚਾਰ ਲਈ ਉਨ੍ਹਾਂ ਨੇ ਹਿਮਾਲਾ ਦੀਆਂ ਬਰਫੀਲੀਆਂ ਚੋਟੀਆਂ ਤੇ ਅਰਬ ਦੇ ਰੇਗਿਸਤਾਨਾਂ ਨੂੰ ਆਪਣੇ ਚਰਨਾਂ ਨਾਲ ਪਵਿੱਤਰ ਕੀਤਾ। ਉਨ੍ਹਾਂ ਨੇ ਸਭ ਨੂੰ ਨਿਮਰਤਾ, ਮਿੱਠਤ, ਪ੍ਰੇਮ, ਤਿਆਗ ਤੇ ਕਰਮਯੋਗ ਦਾ ਪਾਠ ਪੜ੍ਹਾਇਆ। ਪਾਖੰਡਾਂ, ਦਿਖਾਵੇ, ਝੂਠ ਤੋਂ ਉਹ ਮੀਲਾਂ ਦੂਰ ਸਨ।

ਗੁਰੂ ਨਾਨਕ ਦੇਵ ਜੀ ਨੇ ਆਪਣੇ ਸਮੇਂ ਦੇ ਚੌਗਿਰਦੇ ਤੋਂ ਪ੍ਰਭਾਵਿਤ ਹੋ ਕੇ ਜੀਵਨ ਦੇ ਵਿਸ਼ਾਲ ਤਜਰਬਿਆਂ ਨੂੰ ਮਹਾਨ ਸੱਚਾਈ ਦੇ ਰੂਪ ਵਿਚ ਮਾਤ ਬੋਲੀ ਰਾਹੀਂ ਪ੍ਰਗਟ ਕੀਤਾ ਤੇ ਸਮੇਂ ਦੇ ਕੋਝਾਂ, ਕੁਰੀਤੀਆਂ, ਬੇਇਨਸਾਫ਼ੀਆਂ ਨੂੰ ਦੂਰ ਕਰ ਕੇ ਸਹੀ ਅਰਥਾਂ 'ਚ ਲੋਕਾਂ ਦੀ ਅਗਵਾਈ ਕੀਤੀ। ਦੇਸ਼ਾਂ ਦੇਸਾਂਤਰਾਂ ਦੇ ਭ੍ਰਮਣ ਤੇ ਆਮ ਲੋਕਾਂ ਦੇ ਮੇਲਜੋਲ ਨੇ ਗੁਰੂ ਜੀ ਨੂੰ ਪੂਰੀ ਦੁਨੀਆ 'ਚ ਹਰਮਨ ਪਿਆਰਾ ਬਣਾ ਦਿੱਤਾ। ਦੁਨੀਆ ਵਿਚ ਗੁਰੂ ਜੀ ਨੂੰ ਵੱਖ-ਵੱਖ ਨਾਵਾਂ ਨਾਲ ਯਾਦ ਕੀਤਾ ਜਾਂਦਾ ਹੈ। ਸ੍ਰੀਲੰਕਾ ਵਿਚ ਨਾਨਕ ਅਚਾਰਿਆ, ਤਿੱਬਤ 'ਚ ਨਾਨਕ ਲਾਮਾ, ਸਿੱਕਮ 'ਚ ਗੁਰੂ ਰਿੰਮਪੋਚੀਆ, ਨੇਪਾਲ 'ਚ ਨਾਨਕ ਰਿਸ਼ੀ, ਬਗਦਾਦ 'ਚ ਨਾਨਕ ਪੀਰ, ਮੱਕਾ ਵਿਚ ਵਲੀ ਹਿੰਦ, ਮਿਸਰ ਵਿਚ ਨਾਨਕ ਵਲੀ, ਰੂਸ ਵਿਚ ਨਾਨਕ ਕਦਮਦਰ, ਇਰਾਕ ਵਿਚ ਬਾਬਾ ਨਾਨਕ ਆਦਿ, ਕਹਿਣ ਤੋਂ ਭਾਵ ਕਿ ਉਨ੍ਹਾਂ ਨੇ ਕੁੱਲ ਦੁਨੀਆ ਨੂੰ ਤਾਰਿਆ।

ਗੁਰੂ ਜੀ ਦੀ ਬਾਣੀ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ ਤੇ 'ਜਪੁਜੀ' ਸਾਹਿਬ ਦੀ ਬਾਣੀ ਅਧਿਆਤਮਿਕ ਕਵਿਤਾ ਵਿਚ ਸ਼ਾਹਕਾਰ ਮੰਨੀ ਜਾਂਦੀ ਹੈ। ਆਪ ਜੀ ਦੀ ਹੋਰ ਬਾਣੀ ਵਿਚ ਆਸਾ ਦੀ ਵਾਰ, ਸਿਧ ਗੋਸ਼ਟਿ, ਬਾਰਾਹਮਾਹ ਤੇ ਪੱਟੀ ਪ੍ਰਮੁੱਖ ਹਨ।

ਆਪ ਕਰਤਾਰਪੁਰ ਵਿਚ 1539 ਈਸਵੀ ਵਿਚ 70 ਸਾਲ 5 ਮਹੀਨੇ ਦੀ ਸੰਸਾਰਕ ਯਾਤਰਾ ਕਰ ਕੇ ਜੋਤੀ ਜੋਤ ਸਮਾਏ। ਆਪ ਜਿੱਥੇ ਹਿੰਦੂਆਂ ਦੇ ਗੁਰੂ ਸਨ, ਉੱਥੇ ਮੁਸਲਮਾਨਾਂ ਦੇ ਪੀਰ ਸਨ। ਆਪ ਸਰਬ-ਸਾਂਝੇ ਧਰਮ ਦੇ ਅਨੁਯਾਈ ਤੇ ਪ੍ਰਚਾਰਕ ਸਨ। ਗੁਰੂ ਜੀ ਦੀ ਰੂਹ ਪ੍ਰਭੂ ਭਗਤੀ ਨਾਲ ਓਤ ਪੋਤ ਸੀ। ਉਹ ਇਕ ਚੰਗੇ ਧਾਰਮਿਕ ਆਗੂ, ਮਹਾਨ ਚਿੰਤਕ, ਨਿਰਭੈ ਵਿਅਕਤੀ ਸਨ। ਉਨ੍ਹਾਂ ਦੀ ਦੇਣ ਧਾਰਮਿਕ, ਸਮਾਜਕ, ਰਾਜਨੀਤਿਕ ਖੇਤਰ ਵਿਚ ਮਹਾਨ ਹੈ। •

# ਸੁਲਤਾਨਪੁਰ ਲੋਧੀ ਦੇ ਇਤਿਹਾਸਕ ਗੁਰਦੁਆਰੇ





ਬਹਾਦਰ ਸਿੰਘ ਗੋਸਲ
98764-52223

ਸਿੱਖ ਇਤਿਹਾਸ ਵਿਚ ਸੁਲਤਾਨਪੁਰ ਲੋਧੀ ਦਾ ਵਿਲੱਖਣ ਸਥਾਨ ਹੈ। ਇਹ ਨਗਰ ਭਾਰਤ ਦੇ ਪੁਰਾਤਨ ਸ਼ਹਿਰਾਂ ਵਿੱਚੋਂ ਇਕ ਹੈ। ਇਸ ਦਾ ਪੁਰਾਣਾ ਨਾਂ ਸਰਵਮਾਨਪੁਰ ਸੀ, ਜਿਸ ਨੂੰ ਮਹਿਮੂਦ ਗਜ਼ਨਵੀ ਨੇ ਆਪਣੇ ਹੱਲਿਆਂ ਦੌਰਾਨ ਅੱਗ ਲਗਾ ਕੇ ਬੁਰੀ ਤਰ੍ਹਾਂ ਤਬਾਹ ਕਰ ਦਿੱਤਾ ਸੀ ਪਰ ਪੰਜਾਬ ਦੇ ਹਾਕਮ ਵਲੀ ਮੁਹੰਮਦ ਖ਼ਾਨ ਦੇ ਸ਼ਹਿਜਾਦੇ ਸੁਲਤਾਨ ਖ਼ਾਨ ਲੋਧੀ ਦੇ ਚੰਗੇ ਪ੍ਰਬੰਧਾਂ ਕਾਰਨ ਇਸ ਦਾ ਵਿਕਾਸ ਹੋਣ ਲੱਗਾ ਤੇ ਇਸ ਦਾ ਨਾਂ ਸੁਲਤਾਨਪੁਰ ਲੋਧੀ ਪੈ ਗਿਆ।

ਇਹ ਨਗਰ ਪੁਰਾਣੇ ਸਮਿਆਂ ਵਿਚ ਦਿੱਲੀ-ਲਾਹੌਰ ਮੁੱਖ ਮਾਰਗ 'ਤੇ ਸਥਿਤ ਹੋਣ ਕਾਰਨ ਵਪਾਰ ਦਾ ਵੱਡਾ ਕੇਂਦਰ ਸੀ। ਕਿਹਾ ਜਾਂਦਾ ਹੈ ਕਿ ਇਥੇ 32 ਬਾਜ਼ਾਰ ਤੇ 5600 ਦੁਕਾਨਾਂ ਸਨ ਤੇ ਇਹ ਅੱਠ ਮੀਲ ਰਕਬੇ 'ਚ ਫ਼ੈਲਿਆ ਸੀ। ਗੁਰੂ ਨਾਨਕ ਦੇਵ ਜੀ ਦੀ ਭੈਣ ਬੇਬੇ ਨਾਨਕੀ ਜੀ ਦਾ ਵਿਆਹ ਭਾਈ ਜੈ ਰਾਮ ਜੀ ਨਾਲ ਇਸੇ ਨਗਰ 'ਚ ਹੋਇਆ। ਜੈ ਰਾਮ ਜੀ ਨਵਾਬ ਦੌਲਤ ਖ਼ਾਨ ਲੋਧੀ ਦੇ ਆਲਾ ਅਧਿਕਾਰੀ ਸਨ। ਭਾਈਆ ਜੈ ਰਾਮ ਦੇ ਸੱਦੇ 'ਤੇ ਗੁਰੂ ਨਾਨਕ ਦੇਵ ਜੀ 1484 ਈਸਵੀ ਨੂੰ ਸੁਲਤਾਨਪੁਰ ਲੋਧੀ ਆਏ ਤੇ ਇਥੇ ਜੀਵਨ ਦੇ 14 ਸਾਲ ਤੋਂ ਵੱਧ ਸਮਾਂ ਬਤੀਤ ਕੀਤਾ। ਇਥੇ ਗੁਰੂ ਸਾਹਿਬ ਨੇ ਮੋਦੀਖ਼ਾਨੇ 'ਚ ਮੋਦੀ ਦਾ ਕੰਮ ਕੀਤਾ। ਗੁਰੂ ਨਾਨਕ ਦੇਵ ਜੀ ਦਾ ਵਿਆਹ 1487 ਵਿਚ ਬਟਾਲਾ ਵਿਖੇ ਮਾਤਾ ਸੁਲਖਣੀ ਜੀ ਨਾਲ ਹੋਇਆ। ਇਥੇ ਹੀ ਉਨ੍ਹਾਂ ਦੇ ਘਰ ਦੋ ਸਪੁੱਤਰਾਂ ਬਾਬਾ ਸ੍ਰੀਚੰਦ ਜੀ ਤੇ ਬਾਬਾ ਲਖਮੀ ਦਾਸ ਜੀ ਦਾ ਜਨਮ ਹੋਇਆ। ਗੁਰੂ ਨਾਨਕ ਦੇਵ ਜੀ ਦੇ ਸੁਲਤਾਨਪੁਰ ਲੋਧੀ ਵਿਖੇ ਲੰਬਾ ਸਮਾਂ ਰਹਿਣ ਕਰਕੇ ਇਥੇ ਗੁਰੂ ਸਾਹਿਬ ਨਾਲ ਸਬੰਧਤ ਕਈ ਗੁਰਦੁਆਰੇ ਸੁਸ਼ੋਭਿਤ ਹਨ।

## ਗੁਰਦੁਆਰਾ ਸ੍ਰੀ ਬੇਰ ਸਾਹਿਬ

ਸੁਲਤਾਨਪੁਰ ਲੋਧੀ ਦਾ ਇਹ ਪ੍ਰਮੁੱਖ ਗੁਰਦੁਆਰਾ ਸਾਹਿਬ ਹੈ, ਜਿੱਥੇ ਗੁਰੂ ਨਾਨਕ ਦੇਵ ਜੀ ਪਵਿੱਤਰ ਵੇਈਂ 'ਚ ਇਸ਼ਨਾਨ ਕਰ ਕੇ ਸਿਮਰਨ ਕਰਦੇ ਸਨ। ਬੇਰੀ ਦੀ ਦਾਤਨ ਜੋ ਗੁਰੂ ਜੀ ਨੇ ਨਦੀ ਕਿਨਾਰੇ ਗੱਡੀ ਸੀ ਉਹ ਅੱਜ ਬੇਰੀ ਦਾ ਬਹੁਤ ਵੱਡੇ ਰੁੱਖ ਦੇ ਰੂਪ 'ਚ ਇਥੇ ਮੌਜੂਦ ਹੈ। ਇਸੇ ਲਈ ਇਸ ਗੁਰਦੁਆਰਾ ਸਾਹਿਬ ਦਾ ਨੂੰ 'ਬੇਰ ਸਾਹਿਬ' ਆਖਦੇ ਹਨ। ਗੁਰੂ ਜੀ ਦੇ ਵੇਈਂ ਵਿਚ ਤਿੰਨ ਦਿਨ ਅਲੋਪ ਹੋਣ ਦੀ ਘਟਨਾ ਵੀ ਇਸ ਸਥਾਨ ਨਾਲ ਜੁੜੀ ਹੋਈ ਹੈ। ਇਸੇ ਗੁਰਦੁਆਰਾ ਸਾਹਿਬ ਅੰਦਰ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ ਅਸਥਾਨ ਦੇ ਬਿਲਕੁਲ ਹੇਠਾਂ ਭੋਰਾ ਸਾਹਿਬ ਹੈ, ਜਿੱਥੇ ਗੁਰੂ ਜੀ ਰੋਜ਼ਨਾ ਭਗਤੀ ਲਈ ਬੈਠਦੇ ਸਨ। ਇਸ ਤਪ ਅਸਥਾਨ ਦੀ ਨਿਸ਼ਾਨੀ ਵਜੋਂ ਇਥੇ ਇਕ ਥੜ੍ਹਾ ਵੀ ਹੈ ਜਿੱਥੇ ਗੁਰੂ ਜੀ ਬਿਰਾਜਦੇ ਸਨ।

## ਗੁਰਦੁਆਰਾ ਸੰਤ ਘਾਟ

ਜਦੋਂ ਗੁਰੂ ਨਾਨਕ ਦੇਵ ਜੀ ਜਦੋਂ ਵੇਂਈ 'ਚ ਅਲੋਪ ਹੋ ਗਏ ਸਨ ਤਾਂ ਗੁਰਦੁਆਰਾ ਬੇਰ ਸਾਹਿਬ ਤੋਂ ਤਿੰਨ ਮੀਲ ਦੂਰ ਇਸ ਅਸਥਾਨ ਤੇ ਪ੍ਰਗਟ ਹੋਏ ਸਨ। ਇਸ ਜਗ੍ਹਾ ਆਪ ਨੇ ਮੂਲ ਮੰਤਰ ਦਾ ਉਚਾਰਣ ਕੀਤਾ ਸੀ। ਹੁਣ ਇਸ ਜਗ੍ਹਾ ਪਰ ਗੁਰਦੁਆਰਾ ਸ੍ਰੀ ਸੰਤ ਘਾਟ ਸੁਸ਼ੋਭਿਤ ਹੈ। ਖ਼ਾਲਸਾ ਰਾਜ ਸਮੇਂ ਗੁਰਦੁਆਰਾ ਸਾਹਿਬ ਦਾ ਪ੍ਰਬੰਧ ਉਦਾਸੀ ਮਹੰਤਾਂ ਕੋਲ ਸੀ।

## ਗੁਰਦੁਆਰਾ ਸ੍ਰੀ ਸਿਹਰਾ ਸਾਹਿਬ

ਇਹ ਉਹ ਪਵਿੱਤਰ ਅਸਥਾਨ ਹੈ ਜਿੱਥੇ ਪੰਚਮ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਆਪਣੇ ਸਪੁੱਤਰ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਨੂੰ ਵਿਆਹੁਣ ਜਾਂਦੇ ਹੋਏ ਰਾਤ ਠਹਿਰੇ ਸਨ ਤੇ ਇਥੇ ਹੀ ਸਿਹਰਾ-ਬੰਦੀ ਕਰ ਕੇ ਡੱਲੇ ਪਧਾਰੇ ਸਨ। ਇਸ ਗੁਰਦੁਆਰੇ ਨੂੰ ਸ੍ਰੀ ਗੁਰੂ ਨਾਨਕ ਸਾਹਿਬ ਦੀ ਧਰਮਸ਼ਾਲਾ ਵੀ ਕਹਿੰਦੇ ਹਨ।

## ਗੁਰਦੁਆਰਾ ਸ੍ਰੀ ਗੁਰੂ ਕਾ ਬਾਗ਼ ਸਾਹਿਬ

ਇਸ ਪਵਿੱਤਰ ਅਸਥਾਨ 'ਤੇ ਗੁਰੂ ਸਾਹਿਬ ਵਿਆਹ ਤੋਂ ਬਾਅਦ ਪਰਿਵਾਰ ਨਾਲ ਰਹਿੰਦੇ ਸਨ। ਇਸ ਅਸਥਾਨ 'ਤੇ ਹੀ ਬਾਬਾ ਸ੍ਰੀਚੰਦ ਜੀ ਤੇ ਬਾਬਾ ਲਖਮੀ ਦਾਸ ਜੀ ਦਾ ਜਨਮ ਹੋਇਆ। ਇਸ ਅਸਥਾਨ ਪਰ ਕਿਉਂਕਿ ਗੁਰੂ ਜੀ ਦਾ ਪਰਿਵਾਰ ਵਧਿਆ-ਫੁੱਲਿਆ ਸੀ, ਇਸ ਲਈ ਇਸ ਸਥਾਨ ਦਾ ਨਾਂ ਗੁਰਦੁਆਰਾ ਸ੍ਰੀ ਗੁਰੂ ਕਾ ਬਾਗ਼ ਸਾਹਿਬ ਹੈ।

## ਗੁਰਦੁਆਰਾ ਸ੍ਰੀ ਅੰਤਰਯਾਮਤਾ ਸਾਹਿਬ

ਜਿਸ ਈਦਗਾਹ ਵਿਖੇ, ਸ੍ਰੀ ਗੁਰੂ ਨਾਨਕ ਦੇਵ ਜੀ ਨੇ ਨਵਾਬ ਦੌਲਤ ਖ਼ਾਨ ਅਤੇ ਉਸ ਦੇ ਮੌਲਵੀ ਨੂੰ ਨਮਾਜ਼ ਦੀ ਅਸਲੀਅਤ ਸਮਝਾਈ ਸੀ, ਉਸ ਅਸਥਾਨ 'ਤੇ ਪਵਿੱਤਰ ਗੁਰਦੁਆਰਾ ਸ੍ਰੀ ਅੰਤਰਯਾਮਤਾ ਸਾਹਿਬ ਸੁਸ਼ੋਭਿਤ ਹੈ।

## ਗੁਰਦੁਆਰਾ ਸ੍ਰੀ ਹੱਟ ਸਾਹਿਬ

ਇਸ ਪਵਿੱਤਰ ਅਸਥਾਨ 'ਤੇ ਗੁਰੂ ਨਾਨਕ ਦੇਵ ਜੀ ਮੋਦੀ ਦੀ ਨੌਕਰੀ ਕਰਦੇ ਰਹੇ, ਗ਼ਰੀਬਾਂ, ਸਾਧੂ-ਸੰਤਾਂ ਨੂੰ ਮੁਫ਼ਤ ਅਨਾਜ ਵੰਡਦੇ ਰਹੇ ਤੇ 'ਤੇਰਾ-ਤੇਰਾ' ਉਚਾਰਦੇ ਹੋਏ ਲੋੜਵੰਦਾਂ ਦੀ ਮਦਦ ਕਰਦੇ ਰਹੇ। ਗੁਰਦੁਆਰਾ ਸਾਹਿਬ ਅੰਦਰ ਗੁਰੂ ਸਾਹਿਬ ਦੇ ਮੁਬਾਰਕ ਹੱਥਾਂ ਦੀ ਛੋਹ ਪ੍ਰਾਪਤ 14 ਵੱਟੇ ਅੱਜ ਵੀ ਮੌਜੂਦ ਹਨ, ਜਿਨ੍ਹਾਂ ਨਾਲ ਉਹ ਅਨਾਜ ਤੋਲਦੇ ਸਨ। ਵਿਰੋਧੀਆਂ ਵੱਲੋਂ ਦੌਲਤ ਖ਼ਾਨ ਲੋਧੀ ਪਾਸ ਸ਼ਿਕਾਇਤ ਕਰਨ 'ਤੇ ਮੋਦੀਖ਼ਾਨੇ ਦਾ ਹਿਸਾਬ ਕੀਤਾ ਗਿਆ ਤਾਂ ਗੁਰੂ ਜੀ ਨਿਰਦੋਸ਼ ਸਾਬਤ ਹੋਏ ਤੇ ਗੁਰੂ ਜੀ ਦੀ ਰਕਮ ਹਾਕਮ ਵੱਲ ਨਿਕਲੀ ਸੀ। ਸ਼ਿਕਾਇਤ ਹੋਣ 'ਤੇ ਜਿੱਥੇ ਗੁਰੂ ਸਾਹਿਬ ਨੂੰ ਨਜ਼ਰਬੰਦ ਰੱਖਿਆ ਗਿਆ ਸੀ ਉਸ ਅਸਥਾਨ 'ਤੇ ਗੁਰਦੁਆਰਾ ਕੋਠੜੀ ਸਾਹਿਬ ਸਥਿਤ ਹੈ। •

# ਚੜ੍ਹਿਆ ਸੋਧਣ ਧਰਤਿ ਲੋਕਾਈ





ਬੇਅੰਤ ਸਿੰਘ ਬਾਜਵਾ
98726-71446

ਸ੍ਰੀ ਗੁਰੂ ਨਾਨਕ ਦੇਵ ਜੀ 20 ਸਾਲ ਦੀ ਉਮਰ ਵਿਚ ਸੁਲਤਾਨਪੁਰ ਲੋਧੀ ਵਿਖੇ ਆ ਗਏ। ਵੇਈਂ 'ਚ ਇਸਨਾਨ ਦੌਰਾਨ ਆਪ ਨੂੰ ਸੱਚੇ ਗਿਆਨ ਦੀ ਪ੍ਰਾਪਤੀ ਹੋਈ। ਗਿਆਨ ਦੀ ਪ੍ਰਾਪਤੀ ਤੋਂ ਬਾਅਦ 1499 ਈਸਵੀ ਵਿਚ ਆਪ ਉਦਾਸੀਆਂ ਲਈ ਨਿਕਲ ਪਏ। ਇਨ੍ਹਾਂ ਉਦਾਸੀਆਂ ਦਾ ਉਦੇਸ਼ ਲੋਕਾਂ ਅੰਦਰ ਫੈਲੀ ਅਗਿਆਨਤਾ ਨੂੰ ਦੂਰ ਕਰਨਾ ਤੇ ਪਰਮਾਤਮਾ ਦੀ ਅਰਾਧਨਾ ਦਾ ਪ੍ਰਚਾਰ ਕਰਨਾ ਸੀ।

ਗੁਰੂ ਸਾਹਿਬ ਨੇ ਕੁੱਲ ਕਿੰਨੀਆਂ ਉਦਾਸੀਆਂ ਕੀਤੀਆਂ, ਇਸ ਸਬੰਧੀ ਇਤਿਹਾਸਕਾਰਾਂ ਵਿਚ ਮਤਭੇਦ ਹਨ। ਬਹੁਤ ਥਾਈਂ ਗੁਰੂ ਸਾਹਿਬ ਦੀਆਂ ਉਦਾਸੀਆਂ ਦੀ ਗਿਣਤੀ ਤਿੰਨ ਆਖੀ ਗਈ ਹੈ, ਬਹੁਤ ਥਾਈਂ ਚਾਰ ਉਦਾਸੀਆਂ ਦਾ ਜ਼ਿਕਰ ਵੀ ਹੈ। ਗੁਰੂ ਸਾਹਿਬ ਨੇ ਪਹਿਲੀ ਉਦਾਸੀ 1499 ਦੇ ਅਖ਼ੀਰ 'ਚ ਸ਼ੁਰੂ ਕੀਤੀ। ਇਨ੍ਹਾਂ ਯਾਤਰਾਵਾਂ ਸਮੇਂ ਭਾਈ ਮਰਦਾਨਾ ਜੀ ਵੀ ਉਨ੍ਹਾਂ ਦੇ ਨਾਲ ਰਹੇ। ਇਸ ਉਦਾਸੀਆਂ ਗੁਰੂ ਜੀ ਨੇ 12 ਸਾਲਾਂ ਵਿਚ ਸੰਪੂਰਨ ਕੀਤੀਆਂ ਤੇ ਉਹ ਪੂਰਬ ਤੋਂ ਦੱਖਣ ਵੱਲ ਗਏ।

## ਪਹਿਲੀ ਉਦਾਸੀ

**ਸੈਦਪੁਰ** : ਗੁਰੂ ਸਾਹਿਬ ਸਭ ਤੋਂ ਪਹਿਲਾਂ ਸੈਦਪੁਰ ਪਹੁੰਚੇ। ਇਥੇ ਮਲਕ ਭਾਗੋ ਨੇ ਗੁਰੂ ਜੀ ਨੂੰ ਬ੍ਰਹਮ ਭੋਜ ਲਈ ਸੱਦਾ ਦਿੱਤਾ ਪਰ ਗੁਰੂ ਸਾਹਿਬ ਇਕ ਕਿਰਤੀ ਤਰਖਾਣ ਭਾਈ ਲਾਲੋ ਜੀ ਦੇ ਘਰ ਠਹਿਰੇ। ਇਸ ਸਬੰਧੀ ਜਦ ਮਲਕ ਭਾਗੋ ਨੇ ਗੁਰੂ ਸਾਹਿਬ ਤੋਂ ਪੁੱਛਿਆ ਤਾਂ ਉਨ੍ਹਾਂ ਨੇ ਦਸਾਂ ਨਹੁੰਆਂ ਦੀ ਕਿਰਤ ਤੋਂ ਬਣਾਈ ਰੋਟੀ ਨੂੰ ਉੱਤਮ ਦੱਸਿਆ।

**ਤਾਲੁੰਬਾ** : ਇਥੇ ਗੁਰੂ ਨਾਨਕ ਦੇਵ ਜੀ ਦੀ ਮੁਲਾਕਾਤ ਸੱਜਣ ਠੱਗ ਨਾਲ ਹੋਈ। ਉਸ ਨੇ ਯਾਤਰੀਆਂ ਲਈ ਆਪਣੀ ਹਵੇਲੀ 'ਚ ਇਕ ਮੰਦਰ ਤੇ ਮਸਜਿਦ ਬਣਾਏ ਹੋਏ ਸਨ। ਉਹ ਦਿਨ ਵੇਲੇ ਤਾਂ ਯਾਤਰੀਆਂ ਦੀ ਸੇਵਾ ਕਰਦਾ ਤੇ ਰਾਤ ਵੇਲੇ ਉਨ੍ਹਾਂ ਨੂੰ ਲੁੱਟ ਕੇ ਖੂਹ 'ਚ ਸੁੱਟ ਦਿੰਦਾ ਸੀ। ਉਹ ਗੁਰੂ ਨਾਨਕ ਦੇਵ ਜੀ ਤੇ ਮਰਦਾਨਾ ਜੀ ਨਾਲ ਵੀ ਅਜਿਹਾ ਹੀ ਕਰਨਾ ਚਾਹੁੰਦਾ ਸੀ ਪਰ ਗੁਰੂ ਸਾਹਿਬ ਦੀ ਬਾਣੀ ਸੁਣ ਕੇ ਗੁਰੂ ਜੀ ਦੇ ਚਰਨੀਂ ਪੈ ਗਿਆ। ਇਸ ਤੋਂ ਬਾਅਦ ਸੱਜਣ ਠੱਗ ਨੇ ਆਪਣਾ ਬਾਕੀ ਜੀਵਨ ਸਿੱਖ ਧਰਮ ਦਾ ਪ੍ਰਚਾਰ 'ਚ ਬਤੀਤ ਕੀਤਾ। ਇਸ ਤੋਂ ਬਾਅਦ ਗੁਰੂ ਸਾਹਿਬ ਸੂਰਜ ਗ੍ਰਹਿਣ ਦੇ ਮੌਕੇ ਕੁਰੂਕਸ਼ੇਤਰ ਪੁੱਜੇ। ਇਥੇ ਉਨ੍ਹਾਂ ਨੇ ਬ੍ਰਾਹਮਣ ਤੇ ਸਾਧੂਆਂ ਨੂੰ ਸਮਝਾਇਆ ਕਿ ਫਜ਼ੂਲ ਦੇ ਝਗੜਿਆ ਦੀ ਥਾਂ ਆਪਣੀ ਆਤਮਾ ਨੂੰ ਪਵਿੱਤਰ ਰੱਖਣ ਵੱਲ ਧਿਆਨ ਦੇਣਾ ਚਾਹੀਦਾ ਹੈ। ਇਸ ਤੋਂ ਬਾਅਦ ਉਹ ਦਿੱਲੀ ਗਏ।

**ਹਰਿਦੁਆਰ** : ਗੁਰੂ ਸਾਹਿਬ ਜਦੋਂ ਹਰਿਦੁਆਰ ਪੁੱਜੇ ਤਾਂ ਇਥੇ ਵੱਡੀ ਗਿਣਤੀ 'ਚ ਲੋਕ ਇਸ਼ਨਾਨ ਕਰਦੇ ਹੋਏ ਸੂਰਜ ਤੇ ਪਿੱਤਰਾਂ ਨੂੰ ਪਾਣੀ ਦੇ ਰਹੇ ਸਨ। ਗੁਰੂ ਜੀ ਨੇ ਇਹ ਵੇਖ ਕੇ ਪੱਛਮ ਵੱਲ ਨੂੰ ਪਾਣੀ ਦੇਣਾ ਸ਼ੁਰੂ ਕਰ ਦਿੱਤਾ। ਲੋਕ ਗੁਰੂ ਜੀ ਨੂੰ ਪੁੱਛਣ ਲੱਗੇ ਕੀ ਉਹ ਇਹ ਕੀ ਕਰ ਰਹੇ ਹਨ? ਗੁਰੂ ਜੀ ਨੇ ਕਿਹਾ ਕਿ ਉਹ ਆਪਣੇ ਖੇਤਾਂ ਨੂੰ ਪਾਣੀ ਦੇ ਰਹੇ ਹਨ। ਲੋਕ ਹੱਸਣ ਲੱਗੇ ਕਿ ਇਹ ਪਾਣੀ ਮੀਲਾਂ ਦੂਰ ਉਨ੍ਹਾਂ ਦੇ ਖੇਤਾਂ ਤਕ ਕਿਵੇਂ ਪਹੁੰਚ ਸਕਦਾ ਹੈ? ਗੁਰੂ ਜੀ ਨੇ ਕਿਹਾ ਕਿ ਜੇ ਤੁਹਾਡਾ ਪਾਣੀ ਲੱਖਾਂ ਮੀਲ ਦੂਰ ਸੂਰਜ ਤਕ ਪਹੁੰਚ ਸਕਦਾ ਹੈ ਤਾਂ ਇਹ ਮੇਰੇ ਖੇਤਾਂ ਤਕ ਕਿਵੇਂ ਨਹੀਂ ਪਹੁੰਚ ਸਕਦਾ। ਇੰਜ ਉਨ੍ਹਾਂ ਕੁਰੀਤੀਆਂ ਬਾਰੇ ਭਰਮ ਤੋੜਿਆ।

**ਗੋਰਖਮੱਤਾ** : ਹਰਿਦੁਆਰ ਤੋਂ ਬਾਅਦ ਗੁਰੂ ਸਾਹਿਬ ਗੋਰਖਮੱਤਾ ਪਹੁੰਚੇ। ਇੱਥੋਂ ਦੇ ਸਿੱਧ ਜੋਗੀਆਂ ਨੂੰ ਦੱਸਿਆ ਕਿ ਮੁੰਦਰਾਂ ਪਾਉਣ, ਸਰੀਰ ਤੇ ਸੁਆਹ ਮਲਣ, ਸੰਖ ਵਜਾਉਣ ਜਾਂ ਸਿਰ ਮੁੰਨਵਾ ਲੈਣ ਨਾਲ ਮੁਕਤੀ ਨਹੀਂ ਮਿਲਦੀ। ਮੁਕਤੀ ਤਾਂ ਆਤਮਾ ਦੀ ਸ਼ੁੱਧੀ ਨਾਲ ਪ੍ਰਾਪਤ ਹੁੰਦੀ ਹੈ। ਉਸ ਸਮੇਂ ਤੋ ਹੀ ਗੋਰਖਮੱਤਾ ਦਾ ਨਾਂ ਨਾਨਕਮੱਤਾ ਪੈ ਗਿਆ।

**ਬਨਾਰਸ** : ਬਨਾਰਸ ਪ੍ਰਸਿੱਧ ਤੀਰਥ ਅਸਥਾਨ ਹੈ। ਇੱਥੇ ਗੁਰੂ ਨਾਨਕ ਦੇਵ ਜੀ ਦਾ ਪੰਡਤ ਚਤਰ ਦਾਸ ਨਾਲ ਮੂਰਤੀ ਪੂਜਾ ਬਾਰੇ ਲੰਬਾ ਵਾਰਤਾਲਾਪ ਹੋਇਆ। ਗੁਰੂ ਜੀ ਦੇ ਉਪਦੇਸ਼ਾਂ ਤੋਂ ਪ੍ਰਭਾਵਿਤ ਹੋ ਕੇ ਚਤਰ ਦਾਸ ਸਾਥੀਆਂ ਸਮੇਤ ਗੁਰੂ ਜੀ ਦਾ ਪੈਰੋਕਾਰ ਬਣ ਗਿਆ। ਧੁਬਰੀ ਤੋਂ ਗੁਰੂ ਜੀ ਕਾਮਰੂਪ (ਆਸਾਮ) ਪਹੁੰਚੇ। ਇੱਥੋਂ ਦੀ ਜਾਦੂਗਰਨੀ ਨੂਰਸ਼ਾਹੀ ਨੇ ਹੁਸਨ ਦੇ ਜਾਦੂ ਨਾਲ ਗੁਰੂ ਜੀ ਨੂੰ ਭਰਮਾਉਣ ਦਾ ਅਸਫਲ ਯਤਨ ਕੀਤਾ। ਗੁਰੂ ਜੀ ਨੇ ਉਸ ਨੂੰ ਜੀਵਨ ਦਾ ਅਸਲ ਮਨੋਰਥ ਦੱਸਿਆ। ਆਸਾਮ ਤੋਂ ਬਾਅਦ ਗੁਰੂ ਜੀ ਉੜੀਸਾ ਵਿਚ ਜਗਨਨਾਥ ਪਹੁੰਚੇ, ਜਿੱਥੇ ਉਨ੍ਹਾਂ ਨੂੰ ਦੇਵਤੇ ਦੀ ਆਰਤੀ ਉਤਾਰਨ ਲਈ ਕਿਹਾ ਗਿਆ। ਗੁਰੂ ਜੀ ਨੇ ਦੱਸਿਆ ਕਿ ਅਕਾਲ ਪੁਰਖ ਦੀ ਆਰਤੀ ਕੁਦਰਤ ਹਰ ਸਮੇਂ ਕਰਦੀ ਰਹਿੰਦੀ ਹੈ।

**ਲੰਕਾ** : ਗੁਰੂ ਨਾਨਕ ਦੇਵ ਜੀ ਦੱਖਣੀ ਭਾਰਤ ਤੋਂ ਹੁੰਦੇ ਹੋਏ ਲੰਕਾ ਪਹੁੰਚੇ। ਗੁਰੂ ਸਾਹਿਬ ਤੋਂ ਪ੍ਰਭਾਵਿਤ ਹੋ ਕੇ ਲੰਕਾ ਦਾ ਰਾਜਾ ਸ਼ਿਵਨਾਥ ਗੁਰੂ ਜੀ ਦਾ ਸ਼ਰਧਾਲੂ ਬਣ ਗਿਆ। ਲੰਕਾ ਤੋਂ ਪੰਜਾਬ ਵਾਪਸੀ ਸਮੇਂ ਗੁਰੂ ਨਾਨਕ ਦੇਵ ਜੀ ਪਾਕਪਟਨ ਵਿਖੇ ਠਹਿਰੇ ਤੇ ਇਥੇ ਉਨ੍ਹਾਂ ਦੀ ਸ਼ੇਖ਼ ਬ੍ਰਹਮ ਨਾਲ ਮੁਲਾਕਾਤ ਹੋਈ ਸੀ।

## ਦੂਜੀ ਉਦਾਸੀ

ਗੁਰੂ ਨਾਨਕ ਦੇਵ ਜੀ ਨੇ 1513-14 ਈਸਵੀ ਵਿਚ ਆਪਣੀ ਦੂਸਰੀ ਉਦਾਸੀ ਉਤਰ ਵੱਲ ਸ਼ੁਰੂ ਕੀਤੀ। ਇਸ ਉਦਾਸੀ ਨੂੰ ਚਾਰ ਸਾਲ ਲੱਗੇ। ਇਸ ਉਦਾਸੀ ਦੌਰਾਨ ਗੁਰੂ ਜੀ ਮੰਡੀ, ਰਿਵਾਲਸਰ, ਜਵਾਲਾਮੁਖੀ, ਕਾਂਗੜਾ, ਬੈਜਨਾਥ ਤੇ ਕੁੱਲੂ ਆਦਿ ਪਹਾੜੀ ਇਲਾਕਿਆਂ 'ਚ ਗਏ। ਇੱਥੋਂ ਆਪ ਤਿੱਬਤ ਤੋਂ ਹੁੰਦੇ ਹੋਏ ਕੈਲਾਸ਼ ਪਰਬਤ ਪੁੱਜੇ। ਗੁਰੂ ਜੀ ਦੇ ਇਥੇ ਪੁੱਜਣ 'ਤੇ ਸਿੱਧ ਬੜੇ ਹੈਰਾਨ ਹੋਏ। ਗੁਰੂ ਜੀ ਨੇ ਉਨ੍ਹਾਂ ਨੂੰ ਦੱਸਿਆ ਕਿ ਸੰਸਾਰ ਵਿੱਚੋਂ ਸੱਚ ਅਲੋਪ ਹੋ ਗਿਆ ਹੈ ਤੇ ਹਰ ਪਾਸੇ ਭ੍ਰਿਸ਼ਟਾਚਾਰ ਤੇ ਝੂਠ ਦਾ ਬੋਲਬਾਲਾ ਹੈ। ਗੁਰੂ ਜੀ ਨੇ ਉਨ੍ਹਾਂ ਨੂੰ ਕਰਮ-ਕਾਂਡਾਂ ਦੀ ਥਾਂ ਲੋਕਾਈ ਦੇ ਮਾਰਗ-ਦਰਸ਼ਨ ਦਾ ਸੰਦੇਸ਼ ਦਿੱਤਾ। ਲੱਦਾਖ ਤੋਂ ਬਾਅਦ ਕਸ਼ਮੀਰ ਸਥਿਤ ਮਟਨ ਵਿਖੇ ਗੁਰੂ ਨਾਨਕ ਦੇਵ ਜੀ ਦਾ ਪੰਡਤ ਬ੍ਰਹਮ ਦਾਸ ਨਾਲ ਧਾਰਮਿਕ ਵਾਦ-ਵਿਵਾਦ ਹੋਇਆ। ਗੁਰੂ ਜੀ ਨੇ ਉਸ ਨੂੰ ਸਮਝਾਇਆ ਕਿ ਮੁਕਤੀ ਗ੍ਰੰਥਾਂ ਨੂੰ ਪੜ੍ਹਨ ਨਾਲ ਨਹੀਂ ਬਲਕਿ ਉਨ੍ਹਾਂ ਵਿਚਲੀਆਂ ਗੱਲਾਂ 'ਤੇ ਅਮਲ ਕਰ ਕੇ ਪ੍ਰਾਪਤ ਕੀਤੀ ਜਾ ਸਕਦੀ ਹੈ। ਗੁਰੂ ਜੀ ਪੰਜਾਬ ਦੀ ਵਾਪਸੀ ਯਾਤਰਾ ਸਮੇਂ ਹਸਨ ਅਬਦਾਲ ਵਿਖੇ ਠਹਿਰੇ। ਇਥੇ ਹੰਕਾਰੀ ਫ਼ਕੀਰ ਵਲੀ ਕੰਧਾਰੀ ਨੇ ਗੁਰੂ ਜੀ ਨੂੰ ਕੁਚਲਣ ਲਈ ਵੱਡਾ ਪੱਥਰ ਪਹਾੜੀ ਤੋਂ ਸੁੱਟਿਆ। ਗੁਰੂ ਜੀ ਨੇ ਇਸ ਨੂੰ ਆਪਣੇ ਪੰਜੇ ਨਾਲ ਰੋਕਿਆ। ਇਸ ਅਸਥਾਨ ਨੂੰ 'ਪੰਜਾ ਸਾਹਿਬ' ਆਖਦੇ ਹਨ। ਸਿਆਲਕੋਟ ਵਿਖੇ ਗੁਰੂ ਜੀ ਦੀ ਮੁਲਾਕਾਤ ਇਕ ਦਰਵੇਸ਼ ਹਮਜਾ ਗੌਂਸ ਨਾਲ ਹੋਈ। ਉਸ ਨੇ ਕਿਸੇ ਗੱਲ ਤੋਂ ਨਰਾਜ਼ ਹੋ ਕੇ ਆਪਣੀ ਸ਼ਕਤੀ ਨਾਲੇ ਸ਼ਹਿਰ ਨੂੰ ਤਬਾਅ ਕਰਨ ਦਾ ਨਿਰਣਾ ਕਰ ਲਿਆ ਸੀ ਪਰ ਗੁਰੂ ਜੀ ਨੂੰ ਮਿਲਣ ਉਪਰੰਤ ਉਸ ਨੇ ਨਿਰਣਾ ਬਦਲ ਲਿਆ।

## ਤੀਜੀ ਉਦਾਸੀ

1517 ਵਿਚ ਤੀਜੀ ਉਦਾਸੀ ਸਮੇਂ ਗੁਰੂ ਸਾਹਿਬ ਪੱਛਮ-ਏਸ਼ਿਆਈ ਦੇਸ਼ਾਂ ਵੱਲ ਗਏ।

**ਮੱਕਾ** : ਗੁਰੂ ਨਾਨਕ ਸਾਹਿਬ ਜਦੋਂ ਮੱਕੇ ਪਹੁੰਚੇ ਤਾਂ ਉਹ ਕਾਅਬੇ ਵੱਲ ਪੈਰ ਕਰ ਕੇ ਸੌਂ ਗਏ। ਜਦੋਂ ਕਾਜ਼ੀ ਰੁਕਨਦੀਨ ਨੇ ਇਹ ਵੇਖਿਆ ਤਾਂ ਉਸ ਨੂੰ ਬਹੁਤ ਗੁੱਸਾ ਆਇਆ। ਆਖਦੇ ਹਨ ਕਿ ਜਦੋਂ ਕਾਜ਼ੀ ਨੇ ਗੁਰੂ ਸਾਹਿਬ ਦੇ ਪੈਰ ਫੜ ਕੇ ਦੂਜੇ ਪਾਸੇ ਕਰਨੇ ਚਾਹੇ ਤਾਂ ਮਹਿਰਾਬ ਵੀ ਉਸ ਪਾਸੇ ਘੁੰਮਣ ਲੱਗਾ। ਇਹ ਵੇਖ ਕਿ ਮੁਸਲਮਾਨ ਬੜੇ ਪ੍ਰਭਾਵਿਤ ਹੋਏ। ਗੁਰੂ ਸਾਹਿਬ ਨੇ ਸਮਝਾਇਆ ਕਿ ਪ੍ਰਮਾਤਮਾ ਸਰਬਵਿਆਪਕ ਹੈ। ਇਸ ਉਪਰੰਤ ਉਹ ਮਦੀਨਾ ਤੇ ਬਗ਼ਦਾਦ ਗਏ। ਗੁਰੂ ਸਾਹਿਬ ਜਦੋਂ 1520-21 ਵਿਚ ਸੈਦਪੁਰ ਪੁੱਜੇ ਤਾਂ ਉਸ ਸਮੇਂ ਬਾਬਰ ਨੇ ਪੰਜਾਬ ਉੱਤੇ ਹਮਲਾ ਕੀਤਾ ਸੀ। ਹਮਲੇ 'ਚ ਹਜ਼ਾਰਾਂ ਦੀ ਗਿਣਤੀ 'ਚ ਲੋਕਾਂ ਨੂੰ ਕੈਦੀ ਬਣਾ ਲਿਆ ਗਿਆ। ਇਨ੍ਹਾਂ ਵਿਚ ਗੁਰੂ ਸਾਹਿਬ ਵੀ ਸਨ। ਜਦੋਂ ਬਾਬਰ ਨੂੰ ਪਤਾ ਲੱਗਾ ਕਿ ਗੁਰੂ ਸਾਹਿਬ ਮਹਾਨ ਸੰਤ ਹਨ ਤਾਂ ਉਸ ਨੇ ਗੁਰੂ ਸਾਹਿਬ ਤੇ ਬਾਕੀ ਕੈਦੀਆਂ ਨੂੰ ਰਿਹਾਅ ਕਰ ਦਿੱਤਾ।

**ਕਰਤਾਰਪੁਰ ਵਿਖੇ ਨਿਵਾਸ** : 1521 ਈਸਵੀ ਵਿਚ ਗੁਰੂ ਨਾਨਕ ਦੇਵ ਜੀ ਨੇ ਰਾਵੀ ਦਰਿਆ ਦੇ ਕਿਨਾਰੇ ਕਰਤਾਰਪੁਰ ਨਾਂ ਦੇ ਨਗਰ ਦੀ ਸਥਾਪਨਾ ਕੀਤੀ। ਇਥੇ ਗੁਰੂ ਜੀ ਨੇ ਪਰਿਵਾਰ ਸਮੇਤ ਆਪਣੇ ਜੀਵਨ ਦੇ ਆਖ਼ਰੀ 18 ਸਾਲ ਬਤੀਤ ਕੀਤੇ। ਇਥੇ ਗੁਰੂ ਜੀ ਨੇ 976 ਸ਼ਬਦਾਂ ਦੀ ਰਚਨਾ ਕੀਤੀ। ਗੁਰੂ ਜੀ ਦਾ ਇਹ ਕੰਮ ਸਿੱਖ ਪੰਥ ਦੇ ਵਿਕਾਸ ਲਈ ਮੀਲ ਪੱਥਰ ਸਿੱਧ ਹੋਇਆ। ਗੁਰੂ ਨਾਨਕ ਦੇਵ ਜੀ ਦੀਆਂ ਪ੍ਰਮੁੱਖ ਬਾਣੀਆਂ ਦੇ ਨਾਂ ਜਪੁਜੀ, ਵਾਰ ਮਾਝ, ਆਸਾ ਦੀ ਵਾਰ, ਸਿੱਧ ਗੋਸ਼ਟਿ, ਵਾਰ ਮਲਹਾਰ, ਬਾਰਾਹਮਾਹ ਅਤੇ ਪੱਟੀ ਆਦਿ ਹਨ।

**ਜੋਤੀ-ਜੋਤੀ ਸਮਾਉਣਾ** : ਗੁਰੂ ਨਾਨਕ ਦੇਵ ਜੀ 22 ਸਤੰਬਰ 1539 ਈਸਵੀ ਵਿਚ ਜੋਤੀ ਜੋਤ ਸਮਾਏ। ਜੋਤੀ ਜੋਤ ਸਮਾਉਣ ਤੋਂ ਪਹਿਲਾਂ ਗੁਰੂ ਸਾਹਿਬ ਨੇ ਭਾਈ ਲਹਿਣਾ ਜੀ ਨੂੰ ਆਪਣਾ ਉਤਰਾਧਿਕਾਰੀ ਨਿਯੁਕਤ ਕੀਤਾ ਤੇ ਗੁਰ ਗੱਦੀ ਬਖ਼ਸ਼ ਕੇ ਉਨ੍ਹਾਂ ਨੂੰ ਭਾਈ ਲਹਿਣਾ ਜੀ ਤੋਂ ਗੁਰੂ ਅੰਗਦ ਦੇਵ ਜੀ ਬਣਾ ਦਿੱਤਾ। •

# ਸੰਤ ਸੀਚੇਵਾਲ ਨੇ ਰਾਜ ਸਭਾ 'ਚ ਕਿਸਾਨਾਂ ਦੀਆਂ ਟੁਕੜੇ-ਟੁਕੜੇ ਕੀਤੀਆਂ ਜਾ ਰਹੀਆਂ ਜ਼ਮੀਨਾਂ ਦਾ ਰੱਖਿਆ ਮਾਮਲਾ

**ਕੌਮੀ ਪਤ੍ਰਿਕਾ**

ਸੁਲਤਾਨਪੁਰ ਲੋਧੀ 11 ਦਸੰਬਰ। ਪਾਰਲੀਮੈਂਟ ਦੇ ਸਰਦ ਰੁੱਤ ਸ਼ੈਸ਼ਨ ਦੌਰਾਨ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਲਿਖਤੀ ਸਵਾਲ ਰਾਹੀਂ ਪੰਜਾਬ ਦੇ ਗੰਭੀਰ ਮੁੱਦਿਆ ਨੂੰ ਉਭਾਰਿਆ। ਉਨ੍ਹਾਂ ਆਪਣੇ ਸਵਾਲ ਰਾਹੀ ਕਿਸਾਨਾਂ ਦੀ ਜ਼ਮੀਨ ਦੇ ਭਾਰਤ ਮਾਲਾ ਪ੍ਰੋਜੈਕਟ ਤਹਿਤ ਕੀਤੇ ਟੁਕੜਿਆਂ ਦੇ ਮੁੱਦੇ ਦੀ ਗੰਭੀਰਤਾ ਦੱਸਦਿਆ ਸੰਤ ਸੀਚੇਵਾਲ ਨੇ ਕਿਹਾ ਕਿ ਇਹ ਜ਼ਮੀਨ ਦਾ ਟੁਕੜਾ ਨਹੀ ਧਰਤ ਮਾਂ ਹੈ। ਸੰਤ ਸੀਚੇਵਾਲ ਨੇ ਸਰਕਾਰ ਨੂੰ ਪੁੱਛਿਆ ਕਿ ਜਦੋਂ ਨੈਸ਼ਨਲ ਹਾਈਵੇਅ ਲਈ ਕਿਸਾਨਾਂ ਦੀਆਂ ਜ਼ਮੀਨਾਂ ਐਕੁਵਾਇਰ ਕੀਤੀਆਂ ਜਾਂਦੀਆਂ ਹਨ, ਤਾਂ ਨੈਸ਼ਨਲ ਹਾਈਵੇਅ ਹੇਠ ਆਉਣ ਵਾਲੀ ਜ਼ਮੀਨ ਬਹੁਤ ਥਾਵਾਂ ਤੇ ਸੜਕ ਦੇ ਦੋਹਾਂ ਹਿੱਸਿਆਂ ਵਿੱਚ ਵੰਡੀ ਜਾਂਦੀ ਹੈ। ਇਹ ਮਸਲਾ ਸਿਰਫ ਪੰਜਾਬ ਲਈ ਹੀ ਨਹੀਂ ਦੇਸ਼ ਦੇ ਕਿਸਾਨਾਂ ਲਈ ਗੰਭੀਰ ਹੈ। ਉਨ੍ਹਾਂ ਪੁੱਛਿਆ ਕਿ ਕਿਸਾਨਾਂ ਨੂੰ ਆਪਣੀ ਬਚੀ ਹੋਈ ਜ਼ਮੀਨ ਤੱਕ ਪਹੁੰਚ ਵਿੱਚ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਿਵੇਂ ਕੀਤਾ ਜਾ ਰਿਹਾ ਹੈ। ਇਸ ਦੇ ਨਾਲ-ਨਾਲ ਉਨ੍ਹਾਂ ਬੈਂਕਾਂ ਵਿਚ ਖੇਤਰੀ ਭਾਸ਼ਾ ਵਿਚ ਸੇਵਾਵਾਂ ਪ੍ਰਦਾਨ ਕਰਨ ਦੀ ਮੰਗ ਕੀਤੀ ਗਈ ਜਿਸ ਵਿੱਚ ਆਮ



ਵਿਅਕਤੀ ਸਹਿਜ਼ ਮਹਿਸੂਸ ਕਰਦਾ ਹੈ ਅਤੇ ਪਿੰਡ ਪੰਚਾਇਤਾਂ ਨੂੰ ਡਿਜ਼ੀਟਲ ਤੌਰ 'ਤੇ ਜੋੜਨ ਦੇ ਮਾਮਲੇ ਬਾਰੇ ਵੀ ਉਨ੍ਹਾਂ ਨੇ ਪੁੱਛਿਆ। ਨੈਸ਼ਨਲ ਹਾਈਵੇਅ ਮੰਤਰਾਲੇ ਵੱਲੋਂ ਦਿੱਤੇ ਜਵਾਬ ਵਿਚ ਕਿਹਾ ਗਿਆ ਕਿ ਨਵੇਂ ਰਸਤੇ ਬਣਾਉਣ ਦੀ ਬਜਾਏ ਮੌਜੂਦਾ ਸੜਕਾਂ ਦਾ ਵਿਸਤਾਰ ਕੀਤਾ ਜਾਂਦਾ ਹੈ, ਤਾਂ ਜੋ ਕਿਸਾਨਾਂ ਦੀ ਜ਼ਮੀਨ ਘੱਟ ਤੋਂ ਘੱਟ ਟੁਕੜੇ ਹੋਵੇ। ਜਿੱਥੇ ਟੁਕੜੇ ਹੋਣ ਤੋਂ ਪੂਰੀ ਤਰ੍ਹਾਂ ਬਚਣਾ ਸੰਭਵ ਨਹੀਂ, ਉਥੇ ਵਾਹਨ ਅੰਡਰਪਾਸ, ਫੁੱਟ ਓਵਰ ਬ੍ਰਿਜ ਵਰਗੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਂਦੀਆਂ ਹਨ। ਇਸੇ ਤਰ੍ਹਾਂ ਵਿੱਤ ਮੰਤਰਾਲੇ ਨੇ ਦੱਸਿਆ ਕਿ ਬੈਂਕਾਂ ਨੂੰ ਆਪਣੇ ਖਾਤੇਦਾਰਾਂ ਨੂੰ ਖੇਤਰੀ ਭਾਸ਼ਾ ਵਿਚ ਸੇਵਾਵਾਂ ਅਤੇ ਦਸਤਾਵੇਜ਼ ਮੁਹੱਈਆ ਕਰਨ ਦੀ ਹਦਾਇਤ ਦਿੱਤੀ ਗਈ ਹੈ। ਇਸ ਵਿੱਚ ਬੋਰਡ, ਬੁੱਕਲੈਟ, ਖਾਤਾ ਖੋਲ੍ਹਣ ਦੇ ਫਾਰਮ ਅਤੇ ਹੋਰ ਛਪੇ ਦਸਤਾਵੇਜ਼ ਖੇਤਰੀ ਭਾਸ਼ਾ ਵਿੱਚ ਉਪਲਬਧ ਕਰਵਾਉਣ ਸ਼ਾਮਲ ਹਨ। ਪਾਰਲੀਮੈਂਟ ਦੇ ਸਰਦ ਰੁੱਤ ਦੇ ਪਹਿਲੇ ਦਿਨ ਹੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪ੍ਰਧਾਨ ਮੰਤਰੀ ਨੂੰ ਪੱਤਰ ਲਿਖ ਕੇ ਰੂਸ ਦੇ ਰਾਸ਼ਟਰਪਤੀ ਵਾਲਦੀਮੀਰ ਪੂਤਿਨ ਨਾਲ ਭਾਰਤ ਦੌਰੇ ਦੌਰਾਨ ਰੂਸੀ ਆਰਮੀ ਵਿਚ ਫਸੇ ਨੌਜਵਾਨਾਂ ਦੀ ਸੁਰੱਖਿਅਤ ਵਾਪਸੀ ਦਾ ਮੁੱਦਾ ਉਠਾਉਣ ਦੀ ਮੰਗ ਕੀਤੀ। ਉਨ੍ਹਾਂ ਆਪਣੇ ਪੱਤਰ ਰਾਹੀ ਦੱਸਿਆ ਸੀ ਕਿ ਕਈ ਪਰਿਵਾਰਾਂ ਵੱਲੋਂ ਉਨ੍ਹਾਂ ਨਾਲ ਸੰਪਰਕ ਕਰਕੇ ਬੱਚਿਆਂ ਦੀ ਸੁਰੱਖਿਅਤ ਵਾਪਸੀ ਦੀ ਮੰਗ ਕੀਤੀ ਸੀ ਤੇ ਹੁਣ ਜਦੋਂ ਰਾਸ਼ਟਰਪਤੀ ਵਾਲਦੀਮੀਰ ਪੂਤਿਨ ਭਾਰਤ ਦੌਰੇ ਤੇ ਹਨ ਤਾਂ ਇਹ ਪਰਿਵਾਰ ਇਸ ਦੌਰੇ ਤੋਂ ਬੇਹੱਦ ਉਮੀਦਾਂ ਜੋੜੀ ਬੈਠੇ ਹਨ ਕਿ ਉਨ੍ਹਾਂ ਦੇ ਬੱਚਿਆਂ ਦੀ ਰਿਹਾਈ ਲਈ ਸੰਵੇਦਨਸ਼ੀਲਤਾ ਨਾਲ ਕਾਰਵਾਈ ਹੋਵੇਗੀ ਅਤੇ ਉਨ੍ਹਾਂ ਨੂੰ ਜਲਦ ਤੋਂ ਜਲਦ ਸੁਰੱਖਿਅਤ ਤੌਰ 'ਤੇ ਭਾਰਤ ਵਾਪਸ ਲਿਆਂਦਾ ਜਾਵੇਗਾ।

## ਨੈਸ਼ਨਲ ਹਾਈਵੇਅ 'ਤੇ ਭਿਆਨਕ ਹਾਦਸਾ: ਬੰਬ ਨਿਰੋਧਕ ਦਸਤੇ ਦੇ ਚਾਰ ਜਵਾਨਾਂ ਦੀ ਮੌਕੇ 'ਤੇ ਮੌਤ

ਮੱਧ ਪ੍ਰਦੇਸ਼ 11 ਦਸੰਬਰ। ਮੱਧ ਪ੍ਰਦੇਸ਼ ਦੇ ਸਾਗਰ ਜ਼ਿਲ੍ਹੇ ਵਿੱਚ ਰਾਸ਼ਟਰੀ ਰਾਜਮਾਰਗ 44 'ਤੇ ਇੱਕ ਦੁਖਦਾਈ ਹਾਦਸਾ ਵਾਪਰ ਜਾਣ ਦੀ ਸੂਚਨਾ ਮਿਲੀ ਹੈ। ਜਿੱਥੇ ਡਿਊਟੀ ਖ਼ਤਮ ਕਰਕੇ ਮੁਰੈਨਾ ਤੋਂ ਵਾਪਸ ਆ ਰਹੇ ਬੰਬ ਡਿਸਪੋਜ਼ਲ ਸਕੁਐਡ (ਬੀਡੀਐਸ) ਦੇ ਚਾਰ ਜਵਾਨ ਸੜਕ ਹਾਦਸੇ ਦਾ ਸ਼ਿਕਾਰ ਹੋ ਗਏ। ਇਸ ਦੌਰਾਨ ਇੱਕ ਜਵਾਨ ਗੰਭੀਰ ਰੂਪ ਵਿਚ ਜ਼ਖਮੀ ਹੋ ਗਿਆ। ਜ਼ਖ਼ਮੀ ਕਰਮਚਾਰੀ ਦਾ ਸਾਗਰ ਦੇ ਇੱਕ ਨਿੱਜੀ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ। ਦੂਜੇ ਪਾਸੇ ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ। ਮਿਲੀ ਜਾਣਕਾਰੀ ਮੁਤਾਬਕ ਇਹ ਹਾਦਸਾ ਰਾਸ਼ਟਰੀ ਰਾਜਮਾਰਗ 44 'ਤੇ ਉਸ ਸਮੇਂ ਵਾਪਰਿਆ, ਜਦੋਂ ਪੰਜ ਸੈਨਿਕ ਮੋਰੇਨਾ ਤੋਂ ਘਰ ਵਾਪਸ ਆ ਰਹੇ ਸਨ। ਉਨ੍ਹਾਂ ਦੀ ਗੱਡੀ ਇਸ ਦੌਰਾਨ ਇਕ ਟਰੱਕ ਨਾਲ ਟਕਰਾ ਗਈ ਅਤੇ ਚਾਰ ਸੈਨਿਕਾਂ ਦੀ ਮੌਕੇ 'ਤੇ ਮੌਤ ਹੋ ਗਈ। ਘਟਨਾ ਸਥਾਨ 'ਤੇ ਪਹੁੰਚੀ ਪੁਲਸ ਵਲੋਂ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਮ੍ਰਿਤਕਾਂ ਦੀ ਪਛਾਣ ਮੋਰੇਨਾ ਨਿਵਾਸੀ ਪ੍ਰਦੁਮਨ ਦੀਕਸ਼ਿਤ, ਅਮਨ ਕੌਰਵ ਅਤੇ ਡਰਾਈਵਰ ਪਰਮਲਾਲ ਤੋਮਰ ਵਜੋਂ ਹੋਈ ਹੈ।

## ਕਾਂਗਰਸ ਦਾ ਚੋਣ ਬਾਈਕਾਟ ਮਹਿਜ਼ ਬਹਾਨਾ, ਪਾਰਟੀ ਜਨਤਾ ਦਾ ਸਾਹਮਣਾ ਕਰਨ ਤੋਂ ਡਰ ਰਹੀ ਹੈ: ਧਾਲੀਵਾਲ

ਚੰਡੀਗੜ੍ਹ/ਜਲੰਧਰ 11 ਦਸੰਬਰ। ਆਮ ਆਦਮੀ ਪਾਰਟੀ ਪੰਜਾਬ ਦੇ ਮੁੱਖ ਬੁਲਾਰੇ ਅਤੇ ਵਿਧਾਇਕ ਕੁਲਦੀਪ ਸਿੰਘ ਧਾਲੀਵਾਲ ਨੇ ਕਾਂਗਰਸ 'ਤੇ ਤਿੱਖਾ ਹਮਲਾ ਬੋਲਦਿਆਂ ਪਾਰਟੀ ਵੱਲੋਂ ਕੀਤੇ ਗਏ ਚੋਣ ਬਾਈਕਾਟ ਦੇ ਐਲਾਨ ਨੂੰ ਉਸ ਦੀ ਹਾਰ ਦਾ ਡਰ ਦੱਸਿਆ। ਧਾਲੀਵਾਲ ਨੇ ਕਿਹਾ ਕਿ




ਪੰਜਾਬ ਦੀ ਰਾਜਨੀਤੀ 'ਚ 'ਧੱਕੇਸ਼ਾਹੀ' ਤੇ 'ਵਿਸ਼ਵਾਸਘਾਤ' ਦਾ ਇਤਿਹਾਸ ਜੇਕਰ ਕਿਸੇ ਨੇ ਲਿਖਿਆ ਹੈ ਤਾਂ ਉਹ ਕਾਂਗਰਸ ਨੇ ਲਿਖਿਆ ਹੈ ਅਤੇ ਅੱਜ ਇਹੀ ਪਾਰਟੀ ਨੈਤਿਕਤਾ ਦਾ ਪਾਠ ਪੜ੍ਹਾ ਰਹੀ ਹੈ। ਧਾਲੀਵਾਲ ਨੇ ਕਾਂਗਰਸ ਨੂੰ ਚੁਣੌਤੀ ਦਿੱਤੀ ਕਿ ਉਹ ਅੰਮ੍ਰਿਤਸਰ ਦਿਹਾਤੀ ਦੇ ਕਿਸੇ ਵੀ ਇਲਾਕੇ ਤੋਂ ਧੱਕੇਸ਼ਾਹੀ ਦਾ ਇਕ ਵੀ ਸਬੂਤ ਜਨਤਾ ਦੇ ਸਾਹਮਣੇ ਲਿਆਵੇ। ਸੱਚਾਈ ਇਹ ਹੈ ਕਿ ਕਾਂਗਰਸ ਆਪਣੇ ਵਿਧਾਇਕ 'ਤੇ ਹੋਈ ਕਾਰਵਾਈ ਨੂੰ ਬਹਾਨਾ ਬਣਾ ਕੇ ਜਨਤਾ ਦਾ ਸਾਹਮਣਾ ਕਰਨ ਤੋਂ ਡਰ ਰਹੀ ਹੈ। ਧਾਲੀਵਾਲ ਨੇ ਕਾਂਗਰਸ ਦੇ ਇਸ ਇਲਜ਼ਾਮ ਨੂੰ ਸਿਰੇ ਤੋਂ ਖਾਰਿਜ ਕੀਤਾ ਕਿ ਚੋਣਾਂ 'ਚ ਧੱਕੇਸ਼ਾਹੀ ਹੋ ਰਹੀ ਹੈ। ਕਾਂਗਰਸ ਕਹਿੰਦੀ ਹੈ ਕਿ ਉਨ੍ਹਾਂ ਦੇ ਵਿਧਾਇਕ ਸਰਕਾਰੀਆ 'ਤੇ ਕਾਰਵਾਈ ਹੋਈ, ਇਸ ਲਈ ਉਹ ਚੋਣਾਂ ਨਹੀਂ ਲੜਨਗੇ। ਉਨ੍ਹਾਂ ਸਵਾਲ ਕੀਤਾ ਕਿ ਕਾਂਗਰਸ ਦੱਸੇ ਕਿ ਅੰਮ੍ਰਿਤਸਰ ਦਿਹਾਤੀ ਦੇ ਇਲਾਕਿਆਂ, ਬਾਬਾ ਬਕਾਲਾ, ਜੰਡਿਆਲਾ, ਮਜੀਠਾ, ਅਟਾਰੀ, ਅਜਨਾਲਾ ਵਿਚ ਕਿੱਥੇ ਧੱਕੇਸ਼ਾਹੀ ਹੋਈ? ਜੇਕਰ ਕਿਸੇ ਇਕ ਵੀ ਵਿਅਕਤੀ ਨਾਲ ਵੀ ਧੱਕਾ ਹੋਇਆ ਹੋਵੇ ਤਾਂ ਸਾਹਮਣੇ ਲਿਆਉਣ।

## ਸਵਾਰੀਆਂ ਨਾਲ ਭਰੇ ਆਟੋ ਤੇ ਕਾਰ ਦੀ ਜ਼ੋਰਦਾਰ ਟੱਕਰ, ਪੈ ਗਿਆ ਚੀਕ ਚਿਹਾੜਾ

ਬੰਗਾ 11 ਦਸੰਬਰ। ਬੰਗਾ ਫਗਵਾੜਾ ਨੈਸ਼ਨਲ ਹਾਈਵੇ 'ਤੇ ਪੈਂਦੇ ਪਿੰਡ ਲਾਲਪੁਰ ਨਜ਼ਦੀਕ ਇਕ ਕਾਰ ਅਤੇ ਸਵਾਰੀਆਂ ਨਾਲ ਭਰੇ ਆਟੋ ਵਿਚਕਾਰ ਹੋਈ ਟੱਕਰ ਦੌਰਾਨ ਆਟੋ 'ਚ ਸਵਾਰ ਆਟੋ ਡਰਾਈਵਰ ਸਮੇਤ ਅੱਠ ਸਵਾਰੀਆਂ ਦੇ ਜ਼ਖਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ। ਜਾਣਕਾਰੀ ਅਨੁਸਾਰ ਇਕ ਆਟੋ ਨੰਬਰ ਪੀ ਬੀ 08 ਈ ਜੀ 1173 ਜਿਸ ਨੂੰ ਰਾਜ ਕੁਮਾਰ ਪੁੱਤਰ ਪ੍ਰੇਮ ਚੰਦ ਨਿਵਾਸੀ ਕਿਸ਼ਨਗੜ੍ਹ ਜ਼ਿਲਾ ਜਲੰਧਰ ਚਲਾ ਰਿਹਾ ਸੀ ਜੋ ਉਪਰੋਕਤ ਆਟੋ ਵਿਚ 7 ਸਵਾਰੀਆਂ ਨੂੰ ਨਾਲ ਲੈ ਕੇ ਪਿੰਡ ਅਲਾਵਲਪੁਰ (ਜਲੰਧਰ) ਤੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਤੇ ਪਿੰਡ ਗੋਸਲਾਂ ਨੂੰ ਆ ਰਿਹਾ ਸੀ। ਜਿਵੇਂ ਵੀ ਉਹ ਦੁਰਘਟਨਾ ਸਥਾਨ 'ਤੇ ਪੁੱਜਾ ਤਾਂ ਪਿੱਛੇ ਤੋਂ ਆ ਰਹੀ ਇਕ ਆਲਟੋ ਕਾਰ ਨੇ ਉਸ ਨੂੰ ਟੱਕਰ ਮਾਰ ਦਿੱਤੀ, ਜਿਸ ਦੇ ਫਲਸਰੂਪ ਆਟੋ ਚਾਲਕ ਆਟੋ ਦਾ ਸੰਤੁਲਨ ਗਵਾ ਬੈਠਾ ਅਤੇ ਸੜਕ 'ਤੇ ਪਲਟ ਗਿਆ ਜਿਸ ਦੇ ਫਲਸਰੂਪ ਆਟੋ ਸਵਾਰ ਸਮੇਤ ਆਟੋ ਚਾਲਕ ਰਾਜਕੁਮਾਰ ਪੁੱਤਰ ਪ੍ਰੇਮ ਚੰਦ ਨਿਵਾਸੀ ਕਿਸ਼ਨਪੁਰ (ਜਲੰਧਰ), ਤਜਿੰਦਰ ਕੌਰ ਪਤਨੀ ਜਗਜੀਤ ਕੁਮਾਰ ਜਗਜੀਤ ਕੁਮਾਰ ਪੁੱਤਰ ਸੇਵਾ ਰਾਮ ,ਗੁਰਬਖਸ਼ ਕੌਰ ਪਤਨੀ ਜਗਦੀਸ ਸਿੰਘ, ਜਗਦੀਸ਼ ਸਿੰਘ ਪੁੱਤਰ ਤੇਜਾ ਸਿੰਘ ,ਸਤਿਆ ਦੇਵੀ ਪਤਨੀ ਬਲਵੀਰ ਚੰਦ, ਭਜਨ ਕੌਰ ਪਤਨੀ ਅਮਰੀਕ ਸਿੰਘ, ਸਵਿਤਾ ਪਤਨੀ ਹਰਵਿੰਦਰ ਸਿੰਘ ਸਾਰੇ ਨਿਵਾਸੀ ਅਲਾਵਲਪੁਰ ਜ਼ਖਮੀ ਹੋ ਗਏ। ਇਸ ਮੌਕੇ ਜ਼ਖਮੀਆਂ ਨੂੰ ਨੈਸ਼ਨਲ ਹਾਈਵੇ ਦੀ ਐਬੂਲੈਂਸ ਦੁਆਰਾ ਬੰਗਾ ਸਿਵਲ ਹਸਪਤਾਲ ਪਹੁੰਚਾਇਆ ਗਿਆ। ਹਾਦਸੇ ਵਿਚ ਜ਼ਖਮੀ ਹੋਏ ਵਿਅਕਤੀਆਂ ਨੇ ਦੱਸਿਆ ਕਿ ਉਹ ਪਿੰਡ ਗੋਸਲਾਂ ਵਿਖੇ ਕਿਸੇ ਨਜ਼ਦੀਕੀ ਦੀ ਹੋਈ ਮੌਤ 'ਤੇ ਅਫਸੋਸ ਲਈ ਜਾ ਰਹੇ ਸਨ। ਦੁਰਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਬਹਿਰਾਮ ਦੇ ਪੁਲਸ ਅਧਿਕਾਰੀ ਮੌਕੇ ਤੇ ਪੁੱਜ ਗਏ ਅਤੇ ਉਨਾਂ ਨੇ ਦੁਰਘਟਨਾ ਗ੍ਰਸਤ ਵਾਹਨਾ ਨੂੰ ਕਬਜ਼ੇ 'ਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ।

## ਪੰਜਾਬ 'ਚ ਵੱਡੀ ਵਾਰਦਾਤ ! ਮਸ਼ਹੂਰ ਮੈਰਿਜ ਪੈਲੇਸ ਦੇ ਬਾਹਰ ਚੱਲੀਆਂ ਗੋਲੀਆਂ

ਸ਼ਾਮ ਚੁਰਾਸੀ 11 ਦਸੰਬਰ। ਹੁਸ਼ਿਆਰਪੁਰ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਇਥੇ ਮੈਰਿਜ ਪੈਲੇਸ ਦੇ ਬਾਹਰ ਗੋਲ?ੀਆਂ ਚੱਲਣ ਨਾਲ ਇਕ ਵਿਅਕਤੀ ਜ਼ਖ਼ਮੀ ਹੋ ਗਿਆ। ਪੁਲਸ ਨੇ ਇਸ ਮਾਮਲੇ ਵਿੱਚ ਕੇਸ ਦਰਜ ਕਰ ਲਿਆ ਹੈ। ਮਿਲੀ ਜਾਣਕਾਰੀ ਮੁਤਾਬਕ ਸ਼ਾਮ ਚੁਰਾਸੀ ਰੋਡ 'ਤੇ ਸਥਿਤ ਅਸ਼ੀਰਵਾਦ ਗਾਰਡਨ ਪੈਲਸ ਕਠਾਰ ਵਿਖੇ ਇਕ ਵਿਅਕਤੀ ਸੁਖਜਿੰਦਰ ਦੀਪ ਸਿੰਘ ਪੁੱਤਰ ਪਰਮਜੀਤ ਸਿੰਘ ਨਿਵਾਸੀ ਲਿਤਰਾਂ ਟਾਂਡਾ ਆਪਣੀ ਗੱਡੀ 'ਤੇ ਸਵਾਰ ਹੋ ਕੇ ਆਪਣੇ ਦੋਸਤ ਦੇ ਵਿਆਹ ਮੌਕੇ ਇਸ ਪੈਲਸ ਵਿੱਚ ਗਿਆ ਸੀ। ਇਸ ਦੌਰਾਨ ਪਿੰਡ ਫੰਬੀਆਂ ਬੁੱਲੋਵਾਲ ਦਾ ਰਹਿਣ ਵਾਲਾ ਮਲਕੀਤ ਸਿੰਘ ਉਰਫ਼ ਭੂਰਾ ਉਰਫ਼ ਸੋਨੂੰ ਕਰੀਬ 6 ਵਿਅਕਤੀਆਂ ਨਾਲ ਆਪਣੀ ਕਾਰ ਵਿੱਚ ਪੈਲੇਸ ਵਿੱਚ ਦਾਖ਼ਲ ਹੋਇਆ ਅਤੇ ਉਸ ਨੂੰ ਧਮਕੀਆਂ ਦੇਣ ਲੱਗ ਪਿਆ। ਇਸ ਦੌਰਾਨ ਪੈਲਸ ਦੇ ਗਾਰਡਾਂ ਵੱਲੋਂ ਉਨ੍ਹਾਂ ਨੂੰ ਬਾਹਰ ਕੱਢ ਦਿੱਤਾ ਗਿਆ ਪਰ ਜਦੋਂ ਸੁਖਜਿੰਦਰ ਦੀਪ ਸਿੰਘ ਵਾਪਸ ਜਾਣ ਲੱਗਾ ਤਾਂ ਸ਼ਾਮ ਚੁਰਾਸੀ ਰੋਡ 'ਤੇ ਹੀ ਮਲਕੀਤ ਸਿੰਘ ਭੂਰਾ ਉਰਫ਼ ਸੋਨੂੰ ਜਿਸ ਨਾਲ 5-6 ਹੋਰ ਅਣਪਛਾਤੇ ਵਿਅਕਤੀ ਸਨ, ਨੇ ਉਸ 'ਤੇ ਆਪਣੇ ਪਿਸਤਲੌ ਨਾਲ ਫਾਇਰਿੰਗ ਕਰ ਦਿੱਤੀ, ਜੋਕਿ ਗੋਲ?ੀ ਉਸ ਦੇ ਖੱਬੇ ਪੱਟ 'ਤੇ ਲੱਗੀ। ਜਿਸ ਨੂੰ ਲੋਕਾਂ ਨੇ ਉਸ ਨੂੰ ਸਿਵਲ ਹਸਪਤਾਲ ਸ਼ਾਮ ਚੁਰਾਸੀ ਵਿਖੇ ਦਾਖ਼ਲ ਕਰਵਾਇਆ। ਥਾਣਾ ਬੁੱਲੋਵਾਲ ਦੀ ਏ. ਐੱਸ. ਆਈ. ਸੁਰਿੰਦਰ ਪਾਲ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਕੇਸ ਦਰਜ ਕਰਕੇ ਅਗਲੇਰੀ ਜਾਂਚ ਸੁਰੂ ਕਰ ਦਿੱਤੀ ਹੈ ਅਤੇ ਮੁਲਜ਼ਮਾਂ ਨੂੰ ਜਲਦੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

### ਸੰਗਰੂਰ ਪੁਲਸ ਨੇ ਕੱਢਿਆ ਫ਼ਲੈਗ ਮਾਰਚ, ਸ਼ਰਾਰਤੀ ਅਨਸਰਾਂ ਨੂੰ ਦਿੱਤੀ ਸਖ਼ਤ ਚੇਤਾਵਨੀ

ਸੰਗਰੂਰ 11 ਦਸੰਬਰ। ਪੰਜਾਬ ਵਿਚ ਹੋ ਰਹੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਦੇ ਮੱਦੇਨਜ਼ਰ ਸੰਗਰੂਰ ਪੁਲਸ ਵੱਲੋਂ ਫਲੈਗ ਮਾਰਚ ਕੱਢਿਆ ਗਿਆ। ਵੱਡੀ ਗਿਣਤੀ ਵਿਚ ਪੁਲਸ ਫੋਰਸ ਵੱਲੋਂ ਗੱਡੀਆਂ ਦੇ ਹੂਟਰ ਵਜਾ ਪਿੰਡਾਂ ਵਿਚ ਦੀ ਫਲੈਗ ਮਾਰਚ ਕੱਢਿਆ ਗਿਆ। ਇਸ ਦੌਰਾਨ ਮੀਡੀਆ ਨਾਲ ਗੱਲਬਾਤ ਕਰਦਿਆਂ ਡੀ. ਐਸ. ਪੀ. ਸੁਖਦੇਵ ਸਿੰਘ ਨੇ ਕਿਹਾ ਕਿ ਜ਼ਿਲ੍ਹੇ ਵਿਚ ਬਲਾਕ ਸੰਮਤੀ ਦੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਦੇ ਮੱਦੇਨਜ਼ਰ ਸਾਡੇ ਵੱਲੋਂ ਫਲੈਗ ਮਾਰਚ ਕੀਤਾ ਜਾ ਰਿਹਾ ਹੈ, ਤਾਂ ਜੋ ਅਮਨ ਸ਼ਾਂਤੀ ਬਣੀ ਰਹੇ. ਨਾਲ ਹੀ ਉਨ੍ਹਾਂ ਨੇ ਸ਼ਰਾਰਤੀ ਅਨਸਰਾਂ ਨੂੰ ਚੇਤਾਵਨੀ ਦਿੱਤੀ ਹੈ ਕਿ ਜੇਕਰ ਕਿਸੇ ਨੇ ਵੀ ਕੋਈ ਮਾੜੀ ਹਰਕਤ ਕਰਨ ਦੀ ਕੋਸ਼ਿਸ਼ ਕੀਤੀ ਤਾਂ ਉਸ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ

## ਦਿੱਲੀ ਦੀ ਹਵਾ 'ਚ ਘੁਲਿਆ ਜ਼ਹਿਰ ! ਬੱਚਿਆਂ ਲਈ ਸਾਹ ਲੈਣਾ ਵੀ ਹੋਇਆ ਔਖ਼ਾ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 11 ਦਸੰਬਰ। ਰਾਜਧਾਨੀ ਦਿੱਲੀ ਅਤੇ ਆਸ-ਪਾਸ ਦੇ ਇਲਾਕਿਆਂ 'ਚ ਵੱਧ ਰਹੇ ਹਵਾ ਪ੍ਰਦੂਸ਼ਣ ਨੇ ਬੱਚਿਆਂ ਦੀ ਸਿਹਤ 'ਤੇ ਗੰਭੀਰ ਅਸਰ ਪਾਉਣਾ ਸ਼ੁਰੂ ਕਰ ਦਿੱਤਾ ਹੈ। ਡਾਕਟਰਾਂ ਦੇ ਮੁਤਾਬਕ, ਪ੍ਰਦੂਸ਼ਿਤ ਹਵਾ ਦਾ ਲਗਾਤਾਰ ਸੰਪਰਕ ਬੱਚਿਆਂ ਦੇ ਵਿਕਸਿਤ ਹੋ ਰਹੇ ਫੇਫੜਿਆਂ ਨੂੰ ਬੁਰੀ ਤਰ੍ਹਾਂ ਨੁਕਸਾਨ ਪਹੁੰਚਾ ਰਿਹਾ ਹੈ। ਕਈ ਬੱਚਿਆਂ ਨੂੰ ਹਲਕੀ ਬ੍ਰੋਂਕਾਈਟਿਸ ਤੋਂ ਲੈ ਕੇ ਤੇਜ਼ ਸੋਜ, ਸਾਹ ਲੈਣ 'ਚ ਤਕਲੀਫ਼ ਅਤੇ ਕਈ ਵਾਰ ਸਰਜਰੀ ਤੱਕ ਦੀ ਨੌਬਤ ਆ ਰਹੀ ਹੈ। ਕਈ ਮਾਪਿਆਂ ਨੇ ਸ਼ਿਕਾਇਤ ਕੀਤੀ ਹੈ ਕਿ ਦਿੱਲੀ ਦੀ ਪ੍ਰਦੂਸ਼ਿਤ ਹਵਾ ਨਾਲ ਉਨ੍ਹਾਂ ਦੇ ਬੱਚਿਆਂ ਦੀ ਤਬੀਅਤ ਬੇਹੱਦ ਖਰਾਬ ਹੋ ਰਹੀ ਹੈ। ਤਾਜ਼ਾ ਕੇਸ 'ਚ ਪੰਜ ਸਾਲ ਦੇ ਬੱਚੇ ਨੂੰ ਟਾਂਸਿਲ ਦੀ ਸਰਜਰੀ ਤੱਕ ਕਰਵਾਉਣੀ ਪਈ। ਇਕ ਹੋਰ ਤਿੰਨ ਸਾਲ ਦਾ ਬੱਚਾ ਤਿੱਖੀ ਧੁੰਦ ਦੌਰਾਨ ਬ੍ਰੋਂਕਿਓਲਾਈਟਿਸ ਨਾਲ ਹਸਪਤਾਲ ਲਿਆਂਦਾ ਗਿਆ, ਹਾਲਾਂਕਿ ਉਸ 'ਚ ਕੋਈ ਇੰਫੈਕਸ਼ਨ ਨਹੀਂ ਸੀ। ਇਹ ਸਾਰਾ ਪ੍ਰਭਾਵ ਸਿਰਫ਼ ਪ੍ਰਦੂਸ਼ਿਤ ਹਵਾ ਕਾਰਨ ਸਾਹ ਦੀਆਂ ਨਲੀਆਂ 'ਚ ਆਈ ਸੋਜ ਦਾ ਨਤੀਜਾ ਸੀ। ਸ਼ਾਲੀਮਾਰ ਬਾਗ 'ਚ ਵੀ ਪੰਜ ਸਾਲ ਦੇ ਬੱਚੇ 'ਚ ਐਡਿਨੋਇਡਜ਼ ਵਧੇ ਹੋਏ ਮਿਲੇ, ਜਿਸ ਲਈ ਸਰਜਰੀ ਦੀ ਸਲਾਹ ਦਿੱਤੀ ਗਈ। ਗਾਜ਼ੀਆਬਾਦ 'ਚ ਛੇ ਮਹੀਨੇ ਦੇ ਬੱਚੇ ਨੂੰ ਗੰਭੀਰ



ਘਰਘਰਾਹਟ ਵਾਲੀ ਬ੍ਰੋਂਕਾਈਟਿਸ ਕਾਰਨ ਭਰਤੀ ਕਰਨਾ ਪਿਆ। ਰਾਜ ਨਗਰ ਐਕਸਟੈਂਸ਼ਨ ਦੇ ਇਕ 11 ਸਾਲ ਦੇ ਬੱਚੇ ਦੇ ਮਾਪਿਆਂ ਨੇ ਦੱਸਿਆ ਕਿ ਬੱਚਾ ਬਾਹਰ ਖੇਡਣ ਦੌਰਾਨ ਕੁਝ ਮਿੰਟਾਂ 'ਚ ਹੀ ਸਾਹ ਫੁੱਲਣ ਨਾਲ ਪਰੇਸ਼ਾਨ ਹੋ ਜਾਂਦਾ ਹੈ। 7 ਸਾਲ ਦੀ ਇਕ ਬੱਚੀ ਨੂੰ ਵੀ ਲਗਾਤਾਰ ਘਰਘਰਾਹਟ ਦੀ ਸਮੱਸਿਆ ਰਹੀ ਅਤੇ ਉਸ ਨੂੰ ਵਾਰ-ਵਾਰ ਨੇਬੂਲਾਈਜ਼ੇਸ਼ਨ ਅਤੇ ਸਟੀਰੋਇਡ ਲੈਣ ਪਏ। ਗੁਰੂਗ੍ਰਾਮ ਦੇ ਆਰਟੇਮਿਸ ਹਸਪਤਾਲ 'ਚ 13 ਸਾਲ ਦੇ ਇਕ ਬੱਚੇ ਦਾ ਕੇਸ ਸਾਹਮਣੇ ਆਇਆ ਜੋ ਸਿੰਗਾਪੁਰ ਤੋਂ ਵਾਪਸ ਆਉਣ 'ਤੇ ਦਿੱਲੀ ਦੀ ਹਵਾ ਨਾਲ ਸੰਪਰਕ ਵਿਚ ਆਉਂਦੇ ਹੀ ਐਡਿਨੋਇਡ ਹਾਈਪਰਟਰੌਫੀ ਦੀ ਸਮੱਸਿਆ ਨਾਲ ਪੀੜਤ ਹੋ ਗਿਆ। ਅਕਤੂਬਰ ਤੋਂ ਨਵੰਬਰ ਤੱਕ ਦੇ ਸਭ ਤੋਂ ਖਰਾਬ ਪ੍ਰਦੂਸ਼ਣ ਵਾਲੇ ਹਫ਼ਤਿਆਂ 'ਚ ਕਈ ਨਾਬਾਲਗਾਂ 'ਚ ਪਲਮਨਰੀ ਐਮਬੋਲਿਜ਼ਮ (ਫੇਫੜਿਆਂ 'ਚ ਖ਼ੂਨ ਦਾ ਧੱਕਾ) ਦੇ ਕੇਸ ਦਰਜ ਕੀਤੇ ਗਏ। ਵੈਸ਼ਾਲੀ ਦੇ ਇਕ ਹਸਪਤਾਲ 'ਚ 17 ਸਾਲ ਦੇ ਮੁੰਡੇ ਦੇ ਪੈਰਾਂ 'ਚ ਧੱਕੇ ਬਣ ਗਏ ਫੇਫੜਿਆਂ ਤੱਕ ਪਹੁੰਚ ਗਏ ਸਨ, ਜੋ ਸਮੇਂ 'ਤੇ ਇਲਾਜ ਨਾ ਹੁੰਦਾ ਤਾਂ ਜਾਨ ਲਈ ਖਤਰਾ ਬਣ ਸਕਦਾ ਸੀ। ਡਾਕਟਰਾਂ ਦੇ ਅਨੁਸਾਰ, ਦਿੱਲੀ-ਐਨਸੀਆਰ ਦੀ ਹਵਾ ਦੀ ਗੁਣਵੱਤਾ ਤੇਜ਼ੀ ਨਾਲ ਵਿਗੜ ਰਹੀ ਹੈ। ਵਿਕਸਿਤ ਹੋ ਰਹੇ ਬੱਚਿਆਂ ਦੇ ਫੇਫੜੇ ਸਭ ਤੋਂ ਵੱਧ ਪ੍ਰਭਾਵਿਤ ਹੁੰਦੇ ਹਨ ਅਤੇ ਲੰਬੇ ਸਮੇਂ ਤੱਕ ਜ਼ਹਿਰੀਲੀ ਹਵਾ 'ਚ ਰਹਿਣ ਨਾਲ ਗੰਭੀਰ ਸਿਹਤ ਸਮੱਸਿਆਵਾਂ ਦਿਖਾਈ ਦੇ ਸਕਦੀਆਂ ਹਨ।

## ਕਲਯੁਗੀ ਮਾਂ ਦਾ ਕਾਰਾ ! ਹਸਪਤਾਲ 'ਚੋਂ ਡਿਸਚਾਰਜ ਹੁੰਦਿਆਂ ਹੀ 1.60 ਲੱਖ 'ਚ ਵੇਚ'ਤਾ ਜਿਗਰ ਦਾ ਟੋਟਾ

**ਕੌਮੀ ਪਤ੍ਰਿਕਾ**

ਮੁਜ਼ੱਫਰਪੁਰ 11 ਦਸੰਬਰ। ਬਿਹਾਰ ਦੇ ਮੁਜ਼ੱਫਰਪੁਰ ਜ਼ਿਲ੍ਹੇ ਦੇ ਪਾਰੂ ਥਾਣਾ ਖੇਤਰ ਅਧੀਨ ਪੈਂਦੇ ਕੋਇਰੀਆ ਨਿਜ਼ਾਮਤ ਪਿੰਡ ਤੋਂ ਮਨੁੱਖਤਾ ਨੂੰ ਸ਼ਰਮਸਾਰ ਕਰਨ ਵਾਲੀ ਇੱਕ ਹੈਰਾਨੀਜਨਕ ਘਟਨਾ ਸਾਹਮਣੇ ਆਈ ਹੈ। ਇੱਥੇ ਇੱਕ ਮਾਂ ਨੇ ਹਸਪਤਾਲ ਤੋਂ ਡਿਸਚਾਰਜ ਹੁੰਦੇ ਹੀ, ਕੁਝ ਘੰਟੇ ਪਹਿਲਾਂ ਜੰਮੇ ਆਪਣੇ ਪੁੱਤਰ ਨੂੰ 1 ਲੱਖ 60 ਹਜ਼ਾਰ ਰੁਪਏ ਵਿੱਚ ਵੇਚ ਦਿੱਤਾ। ਇਹ ਮਾਮਲਾ ਉਦੋਂ ਸਾਹਮਣੇ ਆਇਆ ਜਦੋਂ ਬੱਚੇ ਦੀ ਮਾਂ, ਰਾਣੀ ਦੇਵੀ, ਬੱਚੇ ਤੋਂ ਬਿਨਾਂ ਖਾਲੀ ਹੱਥ ਘਰ ਵਾਪਸ ਆਈ ਅਤੇ ਉਸਦੇ ਦਿਓਰ ਅਤੇ ਪਰਿਵਾਰਕ ਮੈਂਬਰਾਂ ਨੇ ਸਵਾਲ ਕੀਤੇ। ਸ਼ੱਕ ਹੋਣ 'ਤੇ ਤੁਰੰਤ ਪੁਲਸ ਨੂੰ ਸੂਚਨਾ ਦਿੱਤੀ ਗਈ। ਪੁੱਛਗਿੱਛ ਦੌਰਾਨ ਇਹ ਖੁਲਾਸਾ ਹੋਇਆ ਕਿ 5 ਦਸੰਬਰ ਦੀ ਸਵੇਰ ਨੂੰ ਰਾਣੀ ਦੇਵੀ ਨੂੰ ਪਾਰੂ ਸੀਐੱਚਸੀ (383) 'ਚ ਭਰਤੀ ਕਰਵਾਇਆ ਗਿਆ ਸੀ, ਜਿੱਥੇ ਉਸਨੇ ਇੱਕ ਤੰਦਰੁਸਤ ਪੁੱਤਰ ਨੂੰ ਜਨਮ ਦਿੱਤਾ। ਮਾਂ ਅਤੇ ਬੱਚੇ ਨੂੰ ਕੁਝ ਘੰਟਿਆਂ ਬਾਅਦ ਹੀ ਡਿਸਚਾਰਜ ਕਰ ਦਿੱਤਾ ਗਿਆ। ਹਸਪਤਾਲ ਤੋਂ ਬਾਹਰ ਨਿਕਲਦੇ ਹੀ, ਇੱਕ ਆਸ਼ਾ ਵਰਕਰ ਦੀ ਮੌਜੂਦਗੀ ਵਿੱਚ, ਬੱਚੇ ਨੂੰ ਕਿਸੇ ਬੇ-ਔਲਾਦ ਜੋੜੇ



ਨੂੰ ਸੌਂਪ ਦਿੱਤਾ ਗਿਆ। ਰਾਣੀ ਦੇਵੀ ਦੇ ਦਿਓਰ ਸੁਬੋਧ ਕੁਮਾਰ ਸਾਹਨੀ ਨੇ ਦੱਸਿਆ ਕਿ ਬੱਚੇ ਨੂੰ ਵੇਚਣ ਦਾ ਸੌਦਾ ਕਰੀਬ ਪੰਜ ਮਹੀਨੇ ਪਹਿਲਾਂ ਹੀ ਤੈਅ ਹੋ ਗਿਆ ਸੀ। ਤੈਅ ਹੋਇਆ ਸੀ ਕਿ 1 ਲੱਖ ਰੁਪਏ ਪਹਿਲਾਂ ਅਤੇ 60 ਹਜ਼ਾਰ ਰੁਪਏ ਡਿਲੀਵਰੀ ਤੋਂ ਬਾਅਦ ਦਿੱਤੇ ਜਾਣਗੇ। ਪੁਲਸ ਨੇ ਇਸ ਮਾਮਲੇ ਵਿੱਚ ਨਵਜਾਤ ਦੀ ਮਾਂ ਰਾਣੀ ਦੇਵੀ ਅਤੇ ਸਥਾਨਕ ਆਸ਼ਾ ਵਰਕਰ ਰੰਭਾ ਦੇਵੀ ਨੂੰ ਹਿਰਾਸਤ ਵਿੱਚ ਲੈ ਲਿਆ ਹੈ। ਦੋਵਾਂ ਤੋਂ ਸਖ਼ਤੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਬੱਚੇ ਨੂੰ ਬਰਾਮਦ ਕਰਨ ਲਈ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ। ਥਾਣਾ ਇੰਚਾਰਜ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਨਵਜਾਤ ਨੂੰ ਸੁਰੱਖਿਅਤ ਬਰਾਮਦ ਕਰਨਾ ਹੈ। ਉਨ੍ਹਾਂ ਅਨੁਸਾਰ, ਬੱਚੇ ਨੂੰ ਸੰਭਾਵਤ ਤੌਰ 'ਤੇ ਕਿਸੇ ਨਿੱਜੀ ਨਰਸਿੰਗ ਹੋਮ ਜਾਂ ਆਸ-ਪਾਸ ਦੇ ਇਲਾਕੇ ਵਿੱਚ ਰੱਖਿਆ ਗਿਆ ਹੋ ਸਕਦਾ ਹੈ। ਦੱਸਿਆ ਜਾਂਦਾ ਹੈ ਕਿ ਰਾਣੀ ਦੇਵੀ ਦੇ ਪਤੀ ਦਿੱਲੀ ਵਿੱਚ ਮਜ਼ਦੂਰੀ ਕਰਦੇ ਹਨ ਅਤੇ ਉਨ੍ਹਾਂ ਦੇ ਪਹਿਲਾਂ ਹੀ ਦੋ ਪੁੱਤਰ (7 ਅਤੇ 5 ਸਾਲ) ਹਨ। ਹਾਲਾਂਕਿ, ਸੀਐੱਚਸੀ ਇੰਚਾਰਜ ਡਾ. ਹੈਦਰ ਅਯੂਬ ਨੇ ਸਪੱਸ਼ਟ ਕੀਤਾ ਕਿ ਹਸਪਤਾਲ ਨੇ ਮਾਂ ਅਤੇ ਬੱਚੇ ਨੂੰ ਪੂਰੀ ਤਰ੍ਹਾਂ ਸਿਹਤਮੰਦ ਡਿਸਚਾਰਜ ਕੀਤਾ ਸੀ ਅਤੇ ਉਸ ਤੋਂ ਬਾਅਦ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ।

### ਬਟਾਲਾ ਪੁਲਸ ਨੇ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਫਲੈਗ ਮਾਰਚ ਕੱਢਿਆ

ਬਟਾਲਾ 11 ਦਸੰਬਰ। ਡੀ. ਐੱਸ.ਪੀ. ਕਸਤੂਰੀ ਲਾਲ ਦੀ ਅਗਵਾਈ ਹੇਠ ਬਟਾਲਾ ਪੁਲਸ ਨੇ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਫਲੈਗ ਮਾਰਚ ਕੱਢਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ.ਐੱਸ .ਪੀ . ਨੇ ਕਿਹਾ ਕਿ ਡੀ.ਜੀ.ਪੀ ਪੰਜਾਬ ਗੌਰਵ ਯਾਦਵ ਅਤੇ ਐੱਸ.ਐੱਸ.ਪੀ. ਬਟਾਲਾ ਡਾ. ਮਹਿਤਾਬ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਬਟਾਲਾ ਪੁਲਸ ਨੇ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦੇ ਹੋਏ ਫਲੈਗ ਮਾਰਚ ਕੱਢਿਆ ਹੈ। ਉਨ੍ਹਾਂ ਕਿਹਾ ਕਿ ਇਹ ਫਲੈਗ ਮਾਰਚ ਗਾਂਧੀ ਚੌਕ ਬਟਾਲਾ ਤੋਂ ਸਸ਼ੁਰੂ ਹੋ ਕੇ ਸਿਟੀ ਰੋਡ, ਸਿਨੇਮਾ ਰੋਡ, ਨਹਿਰੂ ਗੇਟ, ਸਮਾਧ ਰੋਡ ਤੋਂ ਹੁੰਦਾ ਹੋਇਆ ਜਲੰਧਰ ਰੋਡ ਵਿਖੇ ਸਮਾਪਤ ਹੋਇਆ। ਉਨ੍ਹਾਂ ਕਿਹਾ ਕਿ ਬਟਾਲਾ ਪੁਲਸ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਖਤ ਕਾਰਵਾਈ ਕਰ ਰਹੀ ਹੈ ਅਤੇ ਉਨ੍ਹਾਂ ਨੂੰ ਜੇਲਾਂ ਵਿੱਚ ਡੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੁਲਸ ਹਰ ਰੋਜ਼ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿਚ ਨਾਕਾਬੰਦੀ ਕਰ ਕੇ ਵਾਹਨਾਂ ਦੀ ਜਾਂਚ ਕਰ ਰਹੀ ਹੈ ਅਤੇ ਸ਼ਹਿਰ ਵਿਚ ਅਮਨ -ਸ਼ਾਂਤੀ ਬਣਾਈ ਰੱਖਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਪੁਲਸ ਸ਼ਹਿਰ 'ਚ ਸ਼ਾਂਤੀ ਬਣਾਈ ਰੱਖਣ ਲਈ ਯਤਨਸ਼ੀਲ ਹੈ, ਉੱਥੇ ਸ਼ਹਿਰ ਵਾਸੀਆਂ ਦਾ ਵੀ ਇਹ ਫਰਜ਼ ਬਣਦਾ ਹੈ ਕਿ ਉਹ ਸ਼ਹਿਰ ਵਿਚ ਅਮਨ ਸ਼ਾਂਤੀ ਬਣਾਈ ਰੱਖਣ ਲਈ ਪੁਲਸ ਪ੍ਰਸ਼ਾਸ਼ਨ ਦਾ ਸਾਥ ਦੇਣ। ਉਨ੍ਹਾਂ ਕਿਹਾ ਕਿ ਬਟਾਲਾ ਪੁਲਸ ਸ਼ਹਿਰ ਵਾਸੀਆਂ ਦੀ ਜਾਨ-ਮਾਲ ਦੀ ਰਾਖੀ ਲਈ ਵਚਨਬੱਧ ਹੈ। ਇਸ ਮੌਕੇ ਉਨਾਂ ਨਾਲ ਥਾਣਾ ਸਿਵਲ ਲਾਈਨ ਦੇ ਐੱਸ.ਐੱਚ.ਓ ਹਰਜਿੰਦਰ ਸਿੰਘ, ਟਰੈਫਿਕ ਇੰਚਾਰਜ ਸੁਰਿੰਦਰ ਸਿੰਘ ਗੋਰਾਇਆ ਆਦਿ ਮੌਜੂਦ ਸਨ।

## ਫਗਵਾੜਾ ਦੇ ਮੁਹੱਲਾ ਕੌੜਿਆਂ 'ਚ ਰਾਤ ਨੂੰ ਪਈਆਂ ਭਾਜੜਾਂ, ਘਰ 'ਚ ਲੱਗੀ ਅੱਗ ਕਾਰਨ ਲੱਖਾਂ ਦਾ ਸਾਮਾਨ ਹੋਇਆ ਸੁਆਹ

ਫਗਵਾੜਾ 11 ਦਸੰਬਰ। ਫਗਵਾੜਾ ਦੇ ਸੰਘਣੀ ਵਸੋਂ ਵਾਲੇ ਮੁਹੱਲਾ ਕੌੜਿਆਂ 'ਚ ਅੱਜ ਰਾਤ ਉਸ ਵੇਲੇ ਭਾਜੜਾਂ ਪੈ ਗਈਆਂ, ਜਦੋਂ ਇਲਾਕੇ 'ਚ ਮੌਜੂਦ ਇੱਕ ਘਰ 'ਚ ਅਚਾਨਕ ਅੱਗ ਲੱਗ ਗਈ। ਵਾਪਰੇ ਅਗਨੀਕਾਂਡ ਦੌਰਾਨ ਘਰ 'ਚ ਪਿਆ ਲੱਖਾਂ ਰੁਪਏ ਦਾ ਕੀਮਤੀ ਸਾਮਾਨ ਸੜ ਕੇ ਸੁਆਹ ਹੋ ਗਿਆ। ਇਸ ਦੌਰਾਨ ਘਰ ਦੇ ਮਾਲਕ ਨੂੰ ਵੀ ਗੰਭੀਰ ਸੱਟਾਂ ਆਈਆਂ ਦੱਸੀਆਂ ਜਾਂਦੀਆਂ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਅਗਨੀਕਾਂਡ ਦਾ ਸ਼ਿਕਾਰ ਹੋਏ ਡਾ. ਜੋਗਿੰਦਰ ਪਾਲ ਸ਼ਰਮਾ ਨੇ ਨਗਰ ਨਿਗਮ ਫਗਵਾੜਾ ਦੇ ਮੇਅਰ ਰਾਮਪਾਲ ਉੱਪਲ ਦੀ ਮੌਜੂਦਗੀ 'ਚ ਦੱਸਿਆ ਕਿ ਅੱਗ ਘਰ ਦੇ ਮੰਦਰ ਤੋਂ ਲੱਗੀ ਜਾਪ ਰਹੀ ਹੈ। ਉਹਨਾਂ ਦੱਸਿਆ ਕਿ ਅੱਜ ਸ਼ਾਮ ਉਹਨਾਂ ਦੇ ਪੁੱਤਰ ਨੂਤਨ ਸ਼ਰਮਾ ਨੇ ਮੰਦਰ 'ਚ ਰੋਜ਼ ਦੀ ਤਰ੍ਹਾਂ ਪੂਜਾ ਪਾਠ ਕਰਕੇ ਜੋਤ ਕੀਤੀ ਸੀ। ਇਸ ਤੋਂ ਕੁਝ ਸਮਾਂ ਬਾਅਦ ਉਹਨਾਂ ਦੀ ਪੋਤੀ ਨੇ ਆਪਣੇ ਪਿਤਾ ਨੂਤਨ ਸ਼ਰਮਾ ਨੂੰ ਦੱਸਿਆ ਕਿ ਘਰ ਦੇ ਮੰਦਰ ਵਾਲੇ ਕਮਰੇ ਤੋਂ ਧੂੰਆਂ ਉੱਠ ਰਿਹਾ ਹੈ। ਉਹਨਾਂ ਦੱਸਿਆ ਕਿ ਇਸ ਤੋਂ ਬਾਅਦ ਉਹਨਾਂ ਦੇ ਪੁੱਤਰ ਨੇ ਘਰ 'ਚ ਲੱਗੀ ਅੱਗ ਬਾਰੇ ਉਹਨਾਂ ਨੂੰ ਜਾਣਕਾਰੀ ਦਿੱਤੀ ਜਿਸ ਤੋਂ ਬਾਅਦ ਉਹਨਾਂ ਵਲੋਂ ਇਸ ਦੀ ਸੂਚਨਾ ਫਗਵਾੜਾ ਫਾਇਰ ਬ੍ਰਿਗੇਡ ਨੂੰ ਦਿੱਤੀ ਗਈ। ਉਹਨਾਂ ਦੱਸਿਆ ਕਿ ਕੁਝ ਸਮਾਂ ਬਾਅਦ ਹੀ ਮੌਕੇ 'ਤੇ ਪੁੱਜੀ ਫਗਵਾੜਾ ਫਾਇਰ ਬ੍ਰਿਗੇਡ ਦੀ ਟੀਮ ਨੇ ਘਰ 'ਚ ਲੱਗੀ ਅੱਗ ਨੂੰ ਫਾਇਰ ਟੈਂਡਰ ਦੀ ਗੱਡੀ ਰਾਹੀਂ ਪਾਣੀ ਦਾ ਲਗਾਤਾਰ ਛਿੜਕਾਅ ਕਰਦੇ ਹੋਏ ਕਾਬੂ ਪਾ ਲਿਆ। ਡਾ. ਸ਼ਰਮਾ ਨੇ ਦੱਸਿਆ ਕਿ ਇਸ ਦੌਰਾਨ ਉਹਨਾਂ ਦੇ ਪੁੱਤਰ ਨੂਤਨ ਸ਼ਰਮਾ ਜਦੋਂ ਅੱਗ ਨਾਲ ਸੜੇ ਘਰ ਦੇ ਕਮਰੇ 'ਚ ਜਾ ਰਹੇ ਸਨ ਤਾਂ ਉੱਥੇ ਪਾਣੀ ਹੋਣ ਕਾਰਨ ਉਸਦਾ ਪੈਰ ਅਚਾਨਕ ਫਿਸਲ ਗਿਆ ਜਿਸ ਕਾਰਨ ਉਹ ਗੰਭੀਰ ਰੂਪ 'ਚ ਜ਼ਖਮੀ ਹੋ ਗਿਆ। ਜ਼ਖਮੀ ਹੋਏ ਨੂਤਨ ਸ਼ਰਮਾ ਨੂੰ ਇਲਾਜ ਲਈ ਇੱਕ ਨਿੱਜੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ ਹੈ। ਡਾ. ਸ਼ਰਮਾ ਨੇ ਦੱਸਿਆ ਕਿ ਵਾਪਰੇ ਅਗਨੀਕਾਂਡ 'ਚ ਘਰ 'ਚ ਪਿਆ ਲੱਖਾਂ ਰੁਪਏ ਦਾ ਕੀਮਤੀ ਸਾਮਾਨ ਆਦਿ ਸੜ ਕੇ ਸੁਆਹ ਹੋ ਗਿਆ ਹੈ। ਖਬਰ ਲਿਖੇ ਜਾਣ ਤੱਕ ਅਗਨੀਕਾਂਡ ਦੀ ਸੂਚਨਾ ਫਗਵਾੜਾ ਪੁਲਸ ਨੂੰ ਦੇ ਦਿੱਤੀ ਗਈ ਸੀ।

# ਭਾਜਪਾ ਤੇ ਅਕਾਲੀਆਂ ਦੀ ਧੜੇਬੰਦੀ 'ਚ ਵੰਡੀ ਕਾਂਗਰਸ ਦੇ ਲਈ ਖ਼ਤਰੇ ਦੀ ਘੰਟੀ !

**ਕੌਮੀ ਪਤ੍ਰਿਕਾ**

ਪਠਾਨਕੋਟ 11 ਦਸੰਬਰ। ਪੰਜਾਬ ਵਿਚ ਇਕ ਵਾਰ ਫਿਰ ਪੇਂਡੂ ਇਲਾਕੇ ਦੇ ਲੋਕਾਂ ਨੂੰ ਜ਼ਿਲਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿਚ ਵੋਟ ਪਾਉਣ ਦਾ ਮੌਕਾ ਮਿਲ ਰਿਹਾ ਹੈ। ਇਸ ਕਾਰਨ ਸੱਤਾਧਾਰੀ ਆਮ ਆਦਮੀ ਪਾਰਟੀ, ਵਿਰੋਧੀ ਕਾਂਗਰਸ ਅਤੇ ਭਾਜਪਾ-ਅਕਾਲੀ ਦਲ ਵਾਲਿਆਂ ਨੂੰ ਲੋਕਾਂ ਦੇ ਘਰ-ਦਰਵਾਜ਼ੇ 'ਤੇ ਜਾ ਕੇ ਹੱਥ ਜੋੜ ਕੇ ਵੋਟਾਂ ਮੰਗਣੀਆਂ ਪੈਣਗੇ, ਕਿਉਂਕਿ ਇਕ ਕਰੋੜ ਤੀਹ ਲੱਖ ਤੋਂ ਵੱਧ ਵੋਟਰ ਇਨ੍ਹਾਂ ਚੋਣਾਂ ਵਿਚ ਭਾਗ ਲੈਣਗੇ। ਇਸ ਤਰ੍ਹਾਂ ਲੋਕਾਂ ਕੋਲ ਇੱਕ ਮੌਕਾ ਹੈ ਕਿ ਉਹ ਆਪਣੇ ਮਨ ਦੀ ਗੱਲ ਨੇਤਾਵਾਂ ਸਾਹਮਣੇ ਰੱਖ ਸਕਣ ਅਤੇ ਰਾਜਨੀਤਿਕ ਪਾਰਟੀਆਂ ਵੀ ਵੋਟਰਾਂ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਦਾ ਮੂਡ ਪੜ੍ਹਣ ਦੀ ਕੋਸ਼ਿਸ਼ ਕਰਨਗੀਆਂ ਕਿ 2027 ਦੀਆਂ ਚੋਣਾਂ ਨੂੰ ਲੈ ਕੇ ਉਹ ਕੀ ਸੋਚ ਰਹੇ ਹਨ। ਪਰ ਇੱਕ ਗੱਲ ਸਾਫ ਹੈ ਕਿ ਹੁਣ ਪੰਜਾਬ ਦੀ ਰਾਜਨੀਤੀ ਬਦਲ ਚੁੱਕੀ ਹੈ। ਉਹ ਸਮਾਂ ਲੰਘ ਗਿਆ ਜਦ ਇੱਕ ਪਾਰਟੀ ਨਾਲ ਵੋਟਰਾਂ ਦਾ ਮੋਹ ਭੰਗ ਹੋਇਆ ਤਾਂ ਦੂਜੀ ਪਾਰਟੀ ਆਸਾਨੀ ਨਾਲ ਸੱਤਾ ਵਿਚ ਆ ਜਾਂਦੀ ਸੀ। ਹੁਣ ਮੈਦਾਨ ਤ੍ਰਿਕੋਣਾ-ਚੌਰਾਸੀਆ ਬਣਦਾ ਜਾ ਰਿਹਾ ਹੈ, ਇਸ ਲਈ ਕੋਈ ਵੀ ਇਹ ਦਾਅਵਾ ਨਹੀਂ ਕਰ ਸਕਦਾ ਕਿ ਵੋਟਰ ਪੂਰੀ ਤਰ੍ਹਾਂ ਉਸਦੇ ਨਾਲ ਹਨ। ਸਭ ਤੋਂ ਚਿੰਤਾਜਨਕ ਹਾਲਤ ਕਾਂਗਰਸ ਦੀ ਹੈ। ਆਮ ਲੋਕਾਂ ਵਿੱਚ ਇਹ ਰਾਏ ਵੱਧ ਰਹੀ ਹੈ ਕਿ ਕਾਂਗਰਸ ਕਈ ਧੜਿਆਂ ਵਿੱਚ ਵੰਡ ਚੁੱਕੀ ਹੈ। 2024 ਦੀ ਬੇਹਤਰੀਨ ਲੋਕ ਸਭਾ ਜਿੱਤ ਦੇ ਬਾਵਜੂਦ ਗੁੱਟਬੰਦੀ ਅਤੇ ਅੰਦਰੂਨੀ ਟਕਰਾਅ ਕਾਰਨ ਲੋਕਾਂ ਨੂੰ ਸ਼ੱਕ ਹੈ ਕਿ ਕੀ ਇੱਕ ਸਾਲ ਬਾਅਦ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਇੱਕਜੁੱਟ ਹੋ ਕੇ ਲੜੇਗੀ ਵੀ ਜਾਂ ਨਹੀਂ। ਕਾਂਗਰਸ ਲਈ ਮੁਸ਼ਕਲ ਇਸ ਗੱਲ ਨਾਲ ਵੀ ਵਧ ਗਈ ਹੈ ਕਿ ਅਕਾਲੀ ਦਲ ਦੇ ਨਾਲ-ਨਾਲ ਭਾਜਪਾ ਵੀ ਹੁਣ ਪੰਜਾਬ ਦੇ ਹਰ ਮੁੱਦੇ ਨੂੰ ਗੰਭੀਰਤਾ ਨਾਲ ਲੈ ਰਹੀ ਹੈ। ਭਾਜਪਾ ਦੇ ਸਥਾਨਕ ਲੀਡਰਸ਼ਿਪ ਵੱਲੋਂ ਕੇਂਦਰ ਸਾਹਮਣੇ ਰੱਖੀਆਂ ਗਈਆਂ ਗੱਲਾਂ 'ਤੇ ਜੇ ਕੋਈ ਗਲਤ ਫੈਸਲਾ ਹੁੰਦਾ ਦਿਖਦਾ ਹੈ ਤਾਂ ਕੇਂਦਰ ਤੁਰੰਤ ਯੂ-ਟਰਨ ਲਾ ਰਿਹਾ ਹੈ। ਚਾਹੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ ਮਸਲਾ ਹੋਵੇ, ਪ੍ਰਸ਼ਾਸਨਿਕ ਫੇਰਬਦਲ ਹੋਵੇ ਜਾਂ ਕਿਸੇ ਕੈਨਾਲ ਸਮਾਰੋਹ ਨਾਲ ਸੰਬੰਧਤ ਫੈਸਲਾ—ਹੁਣ ਕੇਂਦਰ ਹਠਧਰਮੀ ਨਹੀਂ ਦਿਖਾ ਰਿਹਾ। ਸਥਾਨਕ ਭਾਜਪਾ ਵੱਲੋਂ ਕਿਹਾ ਗਿਆ ਹਰ 'ਕਿੰਤੂ-ਪਰੰਤੂ' ਤੁਰੰਤ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ। ਲੱਗਦਾ ਹੈ ਉਹ ਦਿਨ ਦੂਰ ਨਹੀਂ ਜਦੋਂ ਕੇਂਦਰ ਦੇ ਅਧਿਕਾਰੀਆਂ ਨੂੰ ਇਹ ਸਮਝ ਆ ਜਾਵੇਗੀ ਕਿ ਪੰਜਾਬ ਦੇ ਸੰਵੇਦਨਸ਼ੀਲ ਮੁੱਦਿਆਂ 'ਤੇ ਸਥਾਨਕ ਭਾਜਪਾ ਨਾਲ ਤਾਲਮੇਲ ਬਨਾਉਣਾ ਲਾਜ਼ਮੀ ਹੈ ਤਾਂ ਜੋ ਕੋਈ ਐਸਾ ਫੈਸਲਾ ਨਾ ਹੋਵੇ ਜੋ ਭਾਜਪਾ ਨੂੰ ਪੰਜਾਬ ਵਿੱਚ ਮੁਸ਼ਕਲ ਵਿੱਚ ਪਾ ਦੇਵੇ ਜਾਂ ਲੋਕਾਂ ਵਿੱਚ ਕੇਂਦਰ ਅਤੇ ਭਾਜਪਾ ਪ੍ਰਤੀ ਰੋਸ ਪੈਦਾ ਕਰੇ। ਦੂਜੇ ਪਾਸੇ ਅਕਾਲੀ ਦਲ ਵੀ ਹਰ ਮੁੱਦੇ 'ਤੇ ਆਪਣੀ ਗੱਲ ਜ਼ੋਰ-ਸ਼ੋਰ ਨਾਲ ਰੱਖ ਰਿਹਾ ਹੈ ਅਤੇ ਉਸ ਨੂੰ ਮੌਕੇ ਵੀ ਮਿਲ ਰਹੇ ਹਨ। ਪੰਜਾਬ ਪੁਲਿਸ ਵਿੱਚ ਵੀ ਅਕਾਲੀ ਦਲ ਦੀ ਦੁਬਾਰਾ ਪੈਠ ਦਿਖ ਰਹੀ ਹੈ। ਸੱਤਾਧਾਰੀ ਆਮ ਆਦਮੀ ਪਾਰਟੀ ਵੀ ਸਾਰੇ ਸਿਆਸੀ ਹਿਸਾਬ ਆਪਣੇ ਹੱਕ ਵਿੱਚ ਕਰਨ ਲਈ ਪੂਰਾ ਜਤਨ ਕਰ ਰਹੀ ਹੈ। ਇਨ੍ਹਾਂ ਜਿਸ ਵੀ ਪਾਰਟੀ ਨੂੰ ਸੱਤਾ ਵਿੱਚ ਆਉਣਾ ਹੋਵੇਗਾ, ਉਸ ਨੂੰ ਇੱਕ ਸਾਲ ਸਖ਼ਤ ਮਿਹਨਤ ਕਰਨੀ ਪਵੇਗੀ। ਵਰਕਰਾਂ ਦੀ ਮਜ਼ਬੂਤ ਟੀਮ ਤਿਆਰ ਕਰਨੀ ਪਵੇਗੀ ਤਾਂ ਜੋ ਲੋਕਾਂ




ਹਾਲਾਤਾਂ ਵਿੱਚ ਕਾਂਗਰਸ ਨੂੰ ਥਾਲੀ ਵਿੱਚ ਪੋਸੀ ਹੋਈ ਸੱਤਾ ਮਿਲਣ ਦੀ ਸੰਭਾਵਨਾ ਕਾਫੀ ਘੱਟ ਹੋ ਗਈ ਹੈ। ਦਾ ਭਰੋਸਾ ਜਿੱਤ ਸਕਣ ਅਤੇ ਉਨ੍ਹਾਂ ਨੂੰ ਵਿਸ਼ਵਾਸ ਦਿਵਾ ਸਕਣ ਕਿ ਮੁੱਦਿਆਂ ਦਾ ਹੱਲ ਹੋਵੇਗਾ। ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਪੰਜਾਬ ਦੇ ਲੋਕਾਂ ਦੇ ਮਨ ਦੀ ਇੱਕ ਝਲਕ ਦਿਖਾਉਣ ਵਿੱਚ ਕਾਮਯਾਬ ਹੋਣਗੀਆਂ ਕਿ ਇੱਕ ਸਾਲ ਬਾਅਦ ਉਹ ਕਿਹੋ ਜਿਹਾ ਫੈਸਲਾ ਦੇਣ ਜਾ ਰਹੇ ਹਨ। ਇਸ ਤੋਂ ਬਾਅਦ ਫਰਵਰੀ-ਮਾਰਚ ਵਿੱਚ ਕੁਝ ਨਗਰ ਨਿਗਮ, ਨਗਰ ਪਾਲਿਕਾ ਅਤੇ ਨਗਰ ਪੰਚਾਇਤ ਚੋਣਾਂ ਵੀ ਹੋਣੀਆਂ ਹਨ। ਉਨ੍ਹਾਂ ਨੂੰ ਇੱਕ ਸਾਲ ਟਾਲਣਾ ਮੁਸ਼ਕਲ ਹੈ। ਜੇ ਅਦਾਲਤ ਨੇ ਸਖ਼ਤੀ ਦਿਖਾਈ ਤਾਂ ਜਿਵੇਂ ਤਿਆਰੀ ਚਲ ਰਹੀ ਹੈ, ਸੰਭਾਵਨਾ ਹੈ ਕਿ ਉਹ ਚੋਣਾਂ ਵੀ ਮਾਰਚ-ਅਪਰੈਲ ਵਿੱਚ ਹੋ ਜਾਣ। ਇਹ ਵੀ ਭਵਿੱਖ ਦੀ ਰਾਜਨੀਤੀ ਦੀ ਦਿਸ਼ਾ ਦਿਖਾਉਣਗੀਆਂ। ਪਰ ਇੱਕ ਗੱਲ ਸਪਸ਼ਟ ਹੈ ਕਿ ਕੇਂਦਰ ਸਰਕਾਰ ਹੁਣ ਸਥਾਨਕ ਭਾਜਪਾ ਲੀਡਰਸ਼ਿਪ ਨੂੰ ਸਮਝਣ ਲੱਗ ਪਈ ਹੈ ਅਤੇ ਉਨ੍ਹਾਂ ਦੇ ਸੁਝਾਅ ਅਨੁਸਾਰ ਫੈਸਲੇ ਕਰ ਰਹੀ ਹੈ। ਇਹ ਇਸ ਗੱਲ ਦਾ ਇਸ਼ਾਰਾ ਹੈ ਕਿ ਪੰਜਾਬ ਵਿੱਚ ਵੱਡੀ ਸਿਆਸੀ ਖੇਡ ਹੋਵੇਗੀ। ਕੁਝ ਵੱਡੇ ਫੈਸਲੇ ਜਿਵੇਂ ਬੰਦੀ ਸਿੱਖਾਂ ਦੀ ਰਿਹਾਈ ਉੱਤੇ ਕੇਂਦਰ ਸਕਾਰਾਤਮਕ ਰਵੱਈਆ ਅਪਣਾ ਸਕਦਾ ਹੈ। 2024 ਤੋਂ ਪਹਿਲਾਂ ਜੋ ਪ੍ਰਧਾਨ ਮੰਤਰੀ ਮੋਦੀ ਪੰਜਾਬ ਲਈ ਵਿਕਾਸ ਯੋਜਨਾਵਾਂ ਦੀਆਂ ਘੋਸ਼ਨਾਵਾਂ ਕਰਨ ਵਾਲੇ ਸਨ ਪਰ ਕਿਸਾਨ ਘਿਰਾਓ ਕਾਰਨ ਨਹੀਂ ਕਰ ਸਕੇ, ਉਹ ਜਿਹਾ ਵੱਡਾ ਪੈਕੇਜ 2027 ਤੋਂ ਪਹਿਲਾਂ ਮੁੜ ਮਿਲ ਸਕਦਾ ਹੈ। ਇਸ ਤ੍ਰਿਕੋਣੀ ਸਿਆਸੀ ਟੱਕਰ ਵਿੱਚ ਪੰਜਾਬ ਦੇ ਲੋਕਾਂ ਕੋਲ ਫਿਰ ਇੱਕ ਮੌਕਾ ਹੈ ਕਿ ਉਹ ਆਪਣੇ ਭਵਿੱਖ ਲਈ ਕਿਹੜੇ ਨੇਤ੍ਰਿਤਵ ਨੂੰ ਚੁਣਨਾ ਚਾਹੁੰਦੇ ਹਨ, ਇਸ ਦਾ ਫੈਸਲਾ ਕਰ ਸਕਣ।